


ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 62 Chief Editor : Chowdhary Prabhjit Singh, Editor : Chhatarpal Singh 98146-32807, Thursday 20 August 2026 Price : 2 Rs. Page : 6


## ਸੁਪਰੀਮ ਕੋਰਟ ਨੇ ਰਾਧਾਕ੍ਰਿਸ਼ਨਨ ਪੈਨਲ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਬਾਰੇ ਰਿਪੋਰਟ ਮੰਗੀ

### ਬੈਂਚ ਨੇ ਇੱਕ ਤਾਜ਼ਾ ਹਲਫ਼ਨਾਮਾ ਦਾਖ਼ਲ ਕਰਨ ਲਈ ਕਿਹਾ

**ਨਵੀਂ ਦਿੱਲੀ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਨੈਸ਼ਨਲ ਟੈਸਟਿੰਗ ਏਜੰਸੀ ਨੂੰ ਰਾਧਾਕ੍ਰਿਸ਼ਨਨ ਪੈਨਲ ਅਤੇ ਨੰਦਨ ਨੀਲੇਕਨੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦੇਣ ਦੇ ਨਿਰਦੇਸ਼ ਦਿੱਤੇ ਹਨ। ਕੋਰਟ ਨੇ ਨੋਟ ਕੀਤਾ ਕਿ ਨੀਟ ਪ੍ਰੀਖਿਆਵਾਂ ਵਿੱਚ ਸੁਧਾਰਾਂ ਨੂੰ ਸੰਸਥਾਗਤ ਬਣਾਉਣ ਦੀ ਲੋੜ ਹੈ।ਜਸਟਿਸ ਪੀ.ਐਸ. ਨਰਸਿਮਹਾ ਅਤੇ ਆਲੋਕ ਅਰਾਧੇ ਦੀ ਬੈਂਚ ਨੇ ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੂੰ ਇਸ ਮਾਮਲੇ ਵਿੱਚ ਇੱਕ ਤਾਜ਼ਾ ਹਲਫ਼ਨਾਮਾ ਦਾਖ਼ਲ ਕਰਨ ਲਈ ਕਿਹਾ।

ਬੈਂਚ ਨੇ ਕਿਹਾ, ਰਾਧਾਕ੍ਰਿਸ਼ਨਨ ਕਮੇਟੀ ਨੇ ਬਿਲਕੁਲ ਸਹੀ ਕਿਹਾ ਹੈ ਕਿ ਇਹ ਇੱਕ ਪ੍ਰਣਾਲੀਗਤ ਸਮੱਸਿਆ ਹੈ ਜਿਸ ਨੂੰ ਸੰਸਥਾਗਤ ਬਣਾਉਣ ਦੀ ਲੋੜ ਹੈ, ਜੋ ਕਿ ਇਸ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਹੈ। ਕਾਗਜ਼ 'ਤੇ ਇਹ ਪ੍ਰਕਿਰਿਆ ਹਰ ਪੱਖੋਂ ਠੀਕ ਹੈ। ਪਰ ਫਿਰ ਇੱਕ ਪ੍ਰੀਖਿਆ ਹੁੰਦੀ ਹੈ ਅਤੇ ਜਦੋਂ ਤੱਕ ਦੂਜੀ ਪ੍ਰੀਖਿਆ ਹੁੰਦੀ ਹੈ, ਇਹ ਬਿਲਕੁਲ ਇੱਕ ਨਵਾਂ ਚਿੱਤਰ ਬਣ ਜਾਂਦਾ ਹੈ। ਸ਼ੁਰੂ ਵਿੱਚ, ਮਹਿਤਾ ਨੇ ਅਦਾਲਤ ਨੂੰ ਨੀਟ ਪ੍ਰਸ਼ਨ ਪੱਤਰ ਛਾਪਣ ਤੋਂ ਲੈ ਕੇ ਵਿਦਿਆਰਥੀਆਂ ਤੱਕ ਪਹੁੰਚਣ ਤੱਕ ਸੁਰੱਖਿਆ ਉਪਾਵਾਂ ਨਾਲ ਅਪਣਾਈ ਗਈ ਪ੍ਰਕਿਰਿਆ ਬਾਰੇ ਦੱਸਿਆ।



ਕਾਨੂੰਨੀ ਅਧਿਕਾਰੀ ਨੇ ਦਾਅਵਾ ਕੀਤਾ ਕਿ ਨੀਟ ਪ੍ਰੀਖਿਆਵਾਂ ਲਈ ਮੌਜੂਦਾ ਸਿਸਟਮ ਫੂਲਪਰੂਫ ਹੈ ਅਤੇ ਇਸ ਵਿੱਚ ਸੰਨ੍ਹ ਲਗਾਉਣੀ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ ਕਈ ਮੋਡਰੇਟਰਾਂ ਨੂੰ ਪ੍ਰਸ਼ਨ ਬੈਂਕ ਤਿਆਰ ਕਰਨ ਲਈ ਕਿਹਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਨਹੀਂ ਪਤਾ ਹੁੰਦਾ ਕਿ ਕਿਹੜਾ ਪ੍ਰਸ਼ਨ ਪੱਤਰ ਦਾ ਹਿੱਸਾ ਬਣੇਗਾ। ਮਹਿਤਾ ਨੇ ਕਿਹਾ ਕਿ ਨੀਟ ਦੇ ਪ੍ਰਸ਼ਨ ਪੱਤਰ ਲੈ ਕੇ ਜਾਣ ਵਾਲੇ ਵਾਹਨਾਂ ਵਿੱਚ ਜੀ.ਪੀ.ਐਸ. ਹੁੰਦਾ ਹੈ ਅਤੇ ਛੋਟੀ ਜਿਹੀ ਹਲਚਲ ਵੀ ਰਿਕਾਰਡ ਕੀਤੀ ਜਾਂਦੀ ਹੈ।

ਇਹ ਵਕੀਲ ਤਨਵੀ ਦੂਬੇ ਵੱਲੋਂ ਫੈਡਰੇਸ਼ਨ ਆਫ਼ ਆਲ ਇੰਡੀਆ ਮੈਡੀਕਲ ਐਸੋਸੀਏਸ਼ਨ (619$1) ਵੱਲੋਂ ਦਾਇਰ ਕੀਤੀ ਗਈ ਪਟੀਸ਼ਨ ਸਮੇਤ ਪਟੀਸ਼ਨਾਂ ਦੇ ਇੱਕ ਸਮੂਹ ਦੀ ਸੁਣਵਾਈ ਕਰ ਰਿਹਾ ਸੀ। ਨੀਟ-ਯੂ.ਜੀ. ਪੇਪਰ ਲੀਕ ਹੋਣ ਦੇ ਮੱਦੇਨਜ਼ਰ ਪ੍ਰੀਖਿਆ ਪ੍ਰਕਿਰਿਆ ਵਿੱਚ ਸੁਧਾਰ, ਡਾਟਾ ਸੁਰੱਖਿਆ ਪ੍ਰੋਟੋਕੋਲ ਵਿੱਚ ਸੁਧਾਰ ਅਤੇ ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਦੇ ਢਾਂਚੇ ਅਤੇ ਕੰਮਕਾਜ ਬਾਰੇ ਸਿਫ਼ਾਰਸ਼ਾਂ ਕਰਨ ਲਈ ਸਿੱਖਿਆ ਮੰਤਰਾਲੇ ਦੁਆਰਾ ਸੱਤ ਮੈਂਬਰੀ ਰਾਧਾਕ੍ਰਿਸ਼ਨਨ ਕਮੇਟੀ ਦਾ ਗਠਨ ਕੀਤਾ ਗਿਆ ਸੀ।

ਸਰਕਾਰ ਨੇ ਨੀਟ ਪ੍ਰੀਖਿਆਵਾਂ ਵਿੱਚ ਸੁਧਾਰਾਂ ਲਈ ਇਨਫੋਸਿਸ ਦੇ ਸਹਿ-ਸੰਸਥਾਪਕ ਨੀਲੇਕਨੀ ਦੀ ਅਗਵਾਈ ਵਿੱਚ ਇੱਕ ਉੱਚ-ਪਾਵਰ ਟਾਸਕ ਫੋਰਸ ਦਾ ਗਠਨ ਵੀ ਕੀਤਾ ਸੀ।

## ਸੁਰੱਖਿਆ ਕਾਰਨਾਂ ਕਰਕੇ ਫਿਲਹਾਲ ਬੰਦ ਰਹੇਗਾ ਕਰਤਾਰਪੁਰ ਲਾਂਘਾ: ਕੇਂਦਰ

**ਨਵੀਂ ਦਿੱਲੀ, 19 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**

ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਅਤੇ ਸਿੱਖ ਸ਼ਰਧਾਲੂਆਂ ਲਈ ਵੀਜ਼ਾ ਕੋਟਾ ਵਧਾਉਣ ਦੀਆਂ ਉੱਠ ਰਹੀਆਂ ਮੰਗਾਂ ਵਿਚਾਲੇ ਭਾਰਤੀ ਵਿਦੇਸ਼ ਮੰਤਰਾਲੇ ($51) ਨੇ ਆਪਣਾ ਰੁੱਖ ਸਪੱਸ਼ਟ ਕਰ ਦਿੱਤਾ ਹੈ। ਮੰਤਰਾਲੇ ਨੇ ਸਾਫ਼ ਕੀਤਾ ਹੈ ਕਿ ਮੌਜੂਦਾ ਸੁਰੱਖਿਆ ਹਾਲਾਤ ਨੂੰ ਦੇਖਦਿਆਂ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀਆਂ ਸੇਵਾਵਾਂ ਫਿਲਹਾਲ ਬੰਦ ਹੀ ਰਹਿਣਗੀਆਂ, ਜਦੋਂਕਿ ਦੋਹਾਂ ਦੇਸ਼ਾਂ ਵਿਚਾਲੇ ਸ਼ਰਧਾਲੂਆਂ ਦੀ ਯਾਤਰਾ ਪੁਰਾਣੇ ਦੋਪੱਖੀ ਸਮਝੌਤਿਆਂ ਅਧੀਨ ਹੀ ਚੱਲੇਗੀ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਹ ਟਿੱਪਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਕਿਸਤਾਨੀ ਡਿਪਲੋਮੈਟ ਨਾਲ ਕੀਤੀ ਮੁਲਾਕਾਤ ਤੋਂ ਬਾਅਦ ਦਿੱਤੀ ਹੈ। ਐੱਸ.ਜੀ.ਪੀ.ਸੀ. ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਦਿੱਲੀ 'ਚ ਪਾਕਿਸਤਾਨ ਦੇ ਚਾਰਜ ਡੀ ਅਫੇਅਰਜ਼ ਸਾਦ ਅਹਿਮਦ ਵੜੈਚ ਨਾਲ ਮੁਲਾਕਾਤ ਕਰਕੇ ਨਵੰਬਰ 2026 'ਚ ਆ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਲਈ 7,500 ਤੋਂ ਵੱਧ ਸ਼ਰਧਾਲੂਆਂ ਨੂੰ ਵੀਜ਼ੇ ਦੇਣ ਦੀ ਅਪੀਲ ਕੀਤੀ ਸੀ, ਜਦੋਂਕਿ ਆਮ ਤੌਰ 'ਤੇ ਇਹ ਕੋਟਾ ਲਗਭਗ 1,800 ਵੀਜ਼ਿਆਂ ਦਾ ਹੁੰਦਾ ਹੈ।

ਲਾਂਘਾ ਖੋਲ੍ਹਣ ਦੇ ਮੁੱਦੇ 'ਤੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਦੱਸਿਆ ਕਿ ਪਹਿਲਗਾਮ 'ਚ ਹੋਏ ਅਤਿਵਾਦੀ ਹਮਲੇ ਤੋਂ ਬਾਅਦ 7 ਮਈ 2025 ਤੋਂ ਸੁਰੱਖਿਆ ਕਾਰਨਾਂ ਕਰਕੇ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦੀਆਂ ਸੇਵਾਵਾਂ ਮੁਅੱਤਲ ਕੀਤੀਆਂ ਗਈਆਂ ਸਨ।

## ਪੰਜਾਬੀ ਯੂਨੀਵਰਸਿਟੀ 'ਚ ਕੰਟਰੈਕਟ ਸਹਾਇਕ ਪ੍ਰੋਫੈਸਰਾਂ ਨੂੰ ਪੱਕਾ ਕਰਨ ਦੀ ਮੰਗ, ਅਧਿਆਪਕਾਂ ਦਾ ਸੰਘਰਸ਼ ਜਾਰੀ

**ਪਟਿਆਲਾ, 19 ਅਗਸਤ**
**-ਛਤਰਪਾਲ ਸਿੰਘ-**

ਪੰਜਾਬੀ ਯੂਨੀਵਰਸਿਟੀ ਵਿੱਚ ਕੰਟਰੈਕਟ ਸਹਾਇਕ ਪ੍ਰੋਫੈਸਰਾਂ ਨੂੰ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਅਧਿਆਪਕਾਂ ਵੱਲੋਂ ਸੰਘਰਸ਼ ਲਗਾਤਾਰ ਜਾਰੀ ਹੈ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਅਧਿਆਪਕ ਐਸੋਸੀਏਸ਼ਨ (ਪੂਟਾ) ਵੱਲੋਂ ਅਧਿਆਪਕਾਂ ਦੇ ਹੱਕਾਂ ਅਤੇ ਉਨ੍ਹਾਂ ਦੀਆਂ ਮੰਗਾਂ ਨੂੰ ਲੈ ਕੇ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ।




ਪੂਟਾ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਲੰਬੇ ਸਮੇਂ ਤੋਂ ਯੂਨੀਵਰਸਿਟੀ ਵਿੱਚ ਸੇਵਾਵਾਂ ਨਿਭਾ ਰਹੇ ਕੰਟਰੈਕਟ ਸਹਾਇਕ ਪ੍ਰੋਫੈਸਰਾਂ ਨੂੰ ਨਿਯਮਾਂ ਅਨੁਸਾਰ ਪੱਕਾ ਕੀਤਾ ਜਾਵੇ। ਐਸੋਸੀਏਸ਼ਨ ਨੇ ਅਧਿਆਪਕਾਂ ਦੇ ਕਥਿਤ ਸ਼ੋਸ਼ਣ ਨੂੰ ਤੁਰੰਤ ਬੰਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਅਧਿਆਪਕਾਂ ਨੂੰ ਉਨ੍ਹਾਂ ਦੇ ਹੱਕ ਅਤੇ ਬਣਦਾ ਸਨਮਾਨ ਦਿੱਤਾ ਜਾਣਾ ਚਾਹੀਦਾ ਹੈ।

ਪੂਟਾ ਦਾ ਕਹਿਣਾ ਹੈ ਕਿ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਨੂੰ ਅਣਦੇਖਾ ਕਰਨ ਦੀ ਬਜਾਏ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਗੰਭੀਰਤਾ ਨਾਲ ਵਿਚਾਰ ਕਰਕੇ ਢੁਕਵਾਂ ਹੱਲ ਕੱਢਣਾ ਚਾਹੀਦਾ ਹੈ। ਅਧਿਆਪਕ ਐਸੋਸੀਏਸ਼ਨ ਨੇ ਸਪੱਸ਼ਟ ਕੀਤਾ ਕਿ ਮੰਗਾਂ ਪੂਰੀਆਂ ਹੋਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।






## ਗੋ ਗਲੋਬਲ ਅਪਰੋਚ ਨਾਲ ਹਰਿਆਣਾ ਨੂੰ ਦੁਨੀਆ ਨਾਲ ਜੋੜਨ ਦੀ ਦਿਸ਼ਾ ਵਿੱਚ ਕਦਮ

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 14 ਦੇਸ਼ਾਂ ਦੇ ਵਿਦੇਸ਼ੀ ਵਿਦਿਆਰਥੀਆਂ ਨਾਲ ਕੀਤਾ ਸੰਵਾਦ

**ਚੰਡੀਗੜ੍ਹ, 19 ਅਗਸਤ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਨੂੰ 'ਗੋ ਗਲੋਬਲ'ਅਪਰੋਚ ਨਾਲ ਦੁਨੀਆ ਨਾਲ ਜੋੜਨ ਅਤੇ ਨੌਜਵਾਨਾਂ ਲਈ ਅੰਤਰਰਾਸ਼ਟਰੀ ਮੌਕਿਆਂ ਦਾ ਵਿਸਤਾਰ ਕਰਨ ਦੀ ਦਿਸ਼ਾ ਵਿੱਚ ਵਿਦੇਸ਼ ਸਹਿਯੋਗ ਵਿਭਾਗ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਸੰਤ ਕਬੀਰ ਕੁਟੀਰ ਵਿੱਚ ਹਰਿਆਣਾ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਵਿੱਚ ਪੜ੍ਹ ਰਹੇ ਵਿਦੇਸ਼ੀ ਵਿਦਿਆਰਥੀਆਂ ਨਾਲ ਸੰਵਾਦ ਕੀਤਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੌਜੂਦ ਵਿਦੇਸ਼ੀ ਵਿਦਿਆਰਥੀਆਂ ਨੂੰ ਸੰਬੋਧਤ ਕਰਦਿਆਂ ਕਿਹਾ ਕਿ ਅੱਜ ਦੁਨੀਆ ਤੇਜ਼ੀ ਨਾਲ ਬਦਲ ਰਹੀ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ ਅਤੇ ਹੋਰ ਆਧੁਨਿਕ ਤਕਨੀਕਾਂ ਨੇ ਸਿੱਖਿਆ, ਮੈਡੀਕਲ, ਖੇਤੀਬਾੜੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਕੀਤੇ ਹਨ। ਅਜਿਹੇ ਵਿੱਚ ਨੌਜਵਾਨਾਂ ਨੂੰ ਲਗਾਤਾਰ ਸਿੱਖਦੇ ਰਹਿਣ, ਨਵੀਆਂ ਤਕਨੀਕਾਂ ਨੂੰ ਅਪਣਾਉਣ ਅਤੇ ਬਦਲਦੀ ਦੁਨੀਆ ਨਾਲ ਕਦਮ ਮਿਲਾ ਕੇ ਅੱਗੇ ਵਧਣ ਦੀ ਲੋੜ ਹੈ। 'ਗੋ ਗਲੋਬਲ'ਅਪਰੋਚ ਨਾਲ ਅੱਗੇ ਵਧਦਿਆਂ ਨੌਜਵਾਨਾਂ ਨੂੰ ਗਲੋਬਲ ਮੌਕਿਆਂ ਦਾ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਜੀਵਨ ਦਾ ਆਖਰੀ ਪੜਾਅ ਨਹੀਂ, ਸਗੋਂ ਅੱਗੇ ਵਧਣ ਦੀ ਸ਼ੁਰੂਆਤ ਹੈ। ਸੰਵਾਦ ਪ੍ਰੋਗਰਾਮ ਵਿੱਚ ਚੌਧਰੀ ਚਰਨ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਹਿਸਾਰ, ਕੁਰੂਕਸ਼ੇਤਰ ਯੂਨੀਵਰਸਿਟੀ ਕੁਰੂਕਸ਼ੇਤਰ ਅਤੇ ਮਹਿਰਿਸ਼ੀ ਮਾਰਕੰਡੇਸ਼ਵਰ ਯੂਨੀਵਰਸਿਟੀ ਮੁਲਾਣਾ ਵਿੱਚ ਪੜ੍ਹ ਰਹੇ 14 ਦੇਸ਼ਾਂ ਦੇ ਵਿਦਿਆਰਥੀ ਸ਼ਾਮਲ ਹੋਏ। ਇਸ ਦੌਰਾਨ ਮੁੱਖ ਮੰਤਰੀ ਨੇ ਵਿਦਿਆਰਥੀਆਂ ਨਾਲ ਉਨ੍ਹਾਂ ਦੀ ਪੜ੍ਹਾਈ ਅਤੇ ਖੋਜ ਕਾਰਜ ਨੂੰ ਲੈ ਕੇ ਸਿੱਧਾ ਸੰਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਤੋਂ ਪੁੱਛਿਆ ਕਿ ਉਹ ਜਿਸ ਵਿਸ਼ੇ 'ਤੇ ਖੋਜ ਕਰ ਰਹੇ ਹਨ, ਉਸ ਵਿੱਚ ਉਨ੍ਹਾਂ ਨੂੰ ਕੀ ਨਵਾਂ ਸਿੱਖਣ ਨੂੰ ਮਿਲਿਆ ਅਤੇ ਹਰਿਆਣਾ ਵਿੱਚ ਉਨ੍ਹਾਂ ਦਾ ਤਜਰਬਾ ਕਿਹੋ ਜਿਹਾ ਰਿਹਾ। ਵਿਦਿਆਰਥੀਆਂ ਨੇ ਵੀ ਮੁੱਖ ਮੰਤਰੀ ਦੇ ਸਾਹਮਣੇ ਆਪਣੇ ਤਜ਼ਰਬੇ ਸਾਂਝੇ ਕੀਤੇ ਅਤੇ ਹਰਿਆਣਾ ਵਿੱਚ ਸਿੱਖਿਆ, ਖੋਜ, ਯੂਨੀਵਰਸਿਟੀਆਂ ਦੇ ਮਾਹੌਲ, ਇੱਥੋਂ ਦੀ ਸੰਸਕ੍ਰਿਤੀ ਅਤੇ ਲੋਕਾਂ ਨਾਲ ਜੁੜੇ ਆਪਣੇ ਤਜ਼ਰਬਿਆਂ ਬਾਰੇ ਦੱਸਿਆ।



ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਯੂਨੀਵਰਸਿਟੀ ਦਾ ਸਮਾਂ ਸਿਰਫ਼ ਡਿਗਰੀ ਹਾਸਲ ਕਰਨ ਤੱਕ ਸੀ ਨਹੀਂ ਹੁੰਦਾ। ਇਸ ਦੌਰਾਨ ਪ੍ਰਾਪਤ ਸਿੱਖਿਆ, ਤਜਰਬਾ ਅਤੇ ਯਾਦਾਂ ਜੀਵਨ ਭਰ ਨਾਲ ਰਹਿੰਦੀਆਂ ਹਨ। ਹਰਿਆਣਾ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਵਿਦੇਸ਼ੀ ਵਿਦਿਆਰਥੀ ਜਦੋਂ ਆਪਣੇ-ਆਪਣੇ ਦੇਸ਼ਾਂ ਵਿੱਚ ਵਾਪਸ ਜਾਣਗੇ, ਤਾਂ ਉਹ ਇੱਥੋਂ ਦੇ ਤਜ਼ਰਬਿਆਂ ਨੂੰ ਉੱਥੇ ਸਾਂਝਾ ਕਰਨਗੇ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਹਰਿਆਣਾ ਦੇ 'ਬ੍ਰਾਂਡ ਅੰਬੈਸਡਰ'ਵਾਂਗ ਕੰਮ ਕਰ ਸਕਦੇ ਹਨ ਅਤੇ ਆਪਣੇ ਦੇਸ਼ਾਂ ਵਿੱਚ ਸੂਬੇ ਦੀ ਸਿੱਖਿਆ, ਸੰਸਕ੍ਰਿਤੀ ਅਤੇ ਇੱਥੇ ਮਿਲੇ ਤਜ਼ਰਬਿਆਂ ਦੀ ਸਕਾਰਾਤਮਕ ਤਸਵੀਰ ਪੇਸ਼ ਕਰ ਸਕਦੇ ਹਨ। ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਹਰਿਆਣਾ ਤੋਂ ਪ੍ਰਾਪਤ ਗਿਆਨ ਅਤੇ ਤਜ਼ਰਬਿਆਂ ਦਾ ਲਾਭ ਉਹ ਆਪਣੇ ਦੇਸ਼ਾਂ ਦੇ ਵਿਕਾਸ ਵਿੱਚ ਵੀ ਪਹੁੰਚਾਉਣ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਇਤਿਹਾਸਕ ਅਤੇ ਸੱਭਿਆਚਾਰਕ ਤੌਰ 'ਤੇ ਅਮੀਰ ਧਰਤੀ ਹੈ। ਕੁਰੂਕਸ਼ੇਤਰ ਦੀ ਪਵਿੱਤਰ ਧਰਤੀ 'ਤੇ ਭਗਵਾਨ ਸ੍ਰੀ ਕ੍ਰਿਸ਼ਨ ਨੇ ਗੀਤਾ ਰਾਹੀਂ ਕਰਮ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਪੂਰੀ ਮਿਹਨਤ, ਨਿਸ਼ਠਾ ਅਤੇ ਲਗਾਤਾਰ ਸਿੱਖਣ ਦੀ ਭਾਵਨਾ ਨਾਲ ਅੱਗੇ ਵਧਣ। ਮੁੱਖ ਮੰਤਰੀ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਹਰਿਆਣਾ ਵਿੱਚ ਬਿਤਾਇਆ ਗਿਆ ਸਮਾਂ, ਇੱਥੇ ਮਿਲੀ ਸਿੱਖਿਆ ਅਤੇ ਤਜਰਬਾ ਉਨ੍ਹਾਂ ਦੇ ਜੀਵਨ ਦੀ ਅਜਿਹੀ ਪੂੰਜੀ ਹੈ, ਜਿਸ ਨੂੰ ਉਹ ਹਮੇਸ਼ਾ ਆਪਣੇ ਨਾਲ ਲੈ ਕੇ ਜਾਣਗੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਸਿਰਫ਼ ਜੀ-ਟੂ-ਜੀ ਯਾਨੀ ਸਰਕਾਰ ਤੋਂ ਸਰਕਾਰ ਦੇ ਸਬੰਧਾਂ ਤੱਕ ਸੀਮਤ ਨਹੀਂ ਹੈ, ਸਗੋਂ ਹਾਰਟ-ਟੂ-ਹਾਰਟ ਯਾਨੀ ਦਿਲ ਤੋਂ ਦਿਲ ਦੇ ਜੁੜਾਅ ਨਾਲ ਦੁਨੀਆ ਨਾਲ ਜੁੜਨ ਵਿੱਚ ਵਿਸ਼ਵਾਸ ਰੱਖਦੀ ਹੈ। 'ਵਸੁਧੈਵ ਕੁਟੁੰਬਕਮ'ਦੀ ਭਾਵਨਾ ਨੂੰ ਅੱਗੇ ਵਧਾਉਂਦੇ ਹੋਏ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ 'ਵਨ ਅਰਥ, ਵਨ ਫੈਮਿਲੀ, ਵਨ ਫਿਊਚਰ'ਦਾ ਸੰਦੇਸ਼ ਦਿੱਤਾ ਹੈ। ਉਸੇ ਨੂੰ ਸੂਬਾ ਸਰਕਾਰ ਅੱਗੇ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਸਿੱਖਿਆ ਗ੍ਰਹਿਣ ਕਰਨ ਆਏ ਵਿਦੇਸ਼ੀ ਵਿਦਿਆਰਥੀ ਇੱਥੇ ਸਿਰਫ਼ ਡਿਗਰੀ ਲੈਣ ਨਹੀਂ ਆਏ ਹਨ, ਸਗੋਂ ਹਰਿਆਣਾ ਦੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਇੱਥੇ ਦੇ ਲੋਕਾਂ ਨਾਲ ਜੁੜਨ ਦਾ ਤਜਰਬਾ ਵੀ ਆਪਣੇ ਨਾਲ ਲੈ ਕੇ ਜਾਣਗੇ। ਇਨ੍ਹਾਂ ਵਿਦਿਆਰਥੀਆਂ ਰਾਹੀਂ 'ਪੀਪਲ ਟੂ ਪੀਪਲ ਕਨੈਕਟ'ਮਜ਼ਬੂਤ ਹੋਵੇਗਾ ਅਤੇ ਹਰਿਆਣਾ ਅਤੇ ਉਨ੍ਹਾਂ ਦੇ ਦੇਸ਼ਾਂ ਵਿਚਕਾਰ ਆਪਸੀ ਸਮਝ, ਸਹਿਯੋਗ ਅਤੇ ਵਿਸ਼ਵਾਸ ਦੇ ਸਬੰਧ ਹੋਰ ਮਜ਼ਬੂਤ ਹੋਣਗੇ। ਸੰਵਾਦ ਪ੍ਰੋਗਰਾਮ ਵਿੱਚ ਅਫਰੀਕੀ ਦੇਸ਼ਾਂ ਸਮੇਤ ਵੱਖ-ਵੱਖ ਦੇਸ਼ਾਂ ਦੇ ਵਿਦਿਆਰਥੀ ਸ਼ਾਮਲ ਹੋਏ। ਇਨ੍ਹਾਂ ਵਿੱਚ ਅਫਗਾਨਿਸਤਾਨ ਦੀ ਇੱਕ ਵਿਦਿਆਰਥਣ ਵੀ ਸ਼ਾਮਲ ਰਹੀ, ਜਿਸ ਨੇ ਹਰਿਆਣਾ ਦੀ ਐਚ.ਏ.ਯੂ. ਵਿੱਚ ਪੀ.ਐਚ.ਡੀ. ਪੂਰੀ ਕੀਤੀ ਹੈ, ਉਨ੍ਹਾਂ ਨੇ ਹਰਿਆਣਾ ਵਿੱਚ ਬਿਤਾਏ 7 ਸਾਲ ਦੇ ਤਜ਼ਰਬੇ ਨੂੰ ਸਾਂਝਾ ਕੀਤਾ, ਖਾਸ ਗੱਲ ਇਹ ਰਹੀ ਕਿ ਉਨ੍ਹਾਂ ਦਾ ਪੂਰਾ ਸੰਵਾਦ ਹਿੰਦੀ ਭਾਸ਼ਾ ਵਿੱਚ ਰਿਹਾ। ਇਸ ਦੇ ਨਾਲ ਹੀ ਹੋਰ ਵਿਦਿਆਰਥੀਆਂ ਨੇ ਮੁੱਖ ਮੰਤਰੀ ਦੇ ਸਾਹਮਣੇ ਆਪਣੇ ਖੋਜ ਅਤੇ ਅਧਿਐਨ ਦੇ ਤਜ਼ਰਬੇ ਸਾਂਝੇ ਕੀਤੇ ਅਤੇ ਦੱਸਿਆ ਕਿ ਹਰਿਆਣਾ ਵਿੱਚ ਰਹਿੰਦਿਆਂ ਉਨ੍ਹਾਂ ਨੂੰ ਆਪਣੇ ਵਿਸ਼ੇ ਦੇ ਨਾਲ-ਨਾਲ ਭਾਰਤੀ ਅਤੇ ਹਰਿਆਣਵੀ ਸੰਸਕ੍ਰਿਤੀ ਨੂੰ ਸਮਝਣ ਦਾ ਵੀ ਮੌਕਾ ਮਿਲਿਆ।

ਵਿਦੇਸ਼ ਸਹਿਯੋਗ ਵਿਭਾਗ ਦੀ ਪ੍ਰਧਾਨ ਸਕੱਤਰ ਸ਼੍ਰੀਮਤੀ ਅਮਨੀਤ ਪੀ. ਕੁਮਾਰ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਹਰਿਆਣਾ ਦੇ ਵਿਦਿਆਰਥੀਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਾਈ ਅਤੇ ਖੋਜ ਦੇ ਜ਼ਿਆਦਾ ਮੌਕੇ ਦੇਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਹਰਿਆਣਾ ਦੇ ਵਿਦਿਆਰਥੀ ਯੂ.ਕੇ. ਦੀ ਯੂਨੀਵਰਸਿਟੀ ਵਿੱਚ ਪੜ੍ਹਾਈ ਲਈ ਜਾ ਸਕਣਗੇ ਅਤੇ ਇਸ ਸਬੰਧ ਵਿੱਚ ਪ੍ਰੋਗਰਾਮ ਜਲਦੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹੇ ਯਤਨਾਂ ਨਾਲ ਹਰਿਆਣਾ ਦੇ ਨੌਜਵਾਨਾਂ ਨੂੰ ਵਿਦੇਸ਼ ਜਾ ਕੇ ਨਵੀਂ ਤਕਨੀਕ, ਨਵੇਂ ਵਿਸ਼ਿਆਂ ਅਤੇ ਪੜ੍ਹਾਈ ਦੇ ਬਿਹਤਰ ਤਰੀਕਿਆਂ ਨੂੰ ਸਿੱਖਣ ਦਾ ਮੌਕਾ ਮਿਲੇਗਾ। ਨਾਲ ਹੀ, ਉਨ੍ਹਾਂ ਨੂੰ ਅੱਗੇ ਚੱਲ ਕੇ ਚੰਗੀ ਨੌਕਰੀ ਅਤੇ ਬਿਹਤਰ ਕਰੀਅਰ ਦੇ ਮੌਕੇ ਵੀ ਮਿਲ ਸਕਣਗੇ। ਵਿਭਾਗ ਦਾ ਯਤਨ ਹੈ ਕਿ ਹਰਿਆਣਾ ਦੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਗਲੋਬਲ ਪੱਧਰ 'ਤੇ ਪੜ੍ਹਾਈ ਅਤੇ ਆਪਣੇ ਹੁਨਰ ਨੂੰ ਅੱਗੇ ਵਧਾਉਣ ਦੇ

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਹਿੰਦੂ ਸਮਾਜ ਲਈ 3 ਨਵੇਂ ਰੂਟ ਸ਼ਾਮਲ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦਿਖਾਈ ਬੱਸਾਂ ਨੂੰ ਹਰੀ ਝੰਡੀ

**ਪਟਿਆਲਾ, 19 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਸਫਾਬਾਦੀ ਗੇਟ ਨੇੜੇ ਲੱਕੜ ਮੰਡੀ ਸ਼੍ਰੀ ਹਨੂਮਾਨ ਮੰਦਰ ਚੌਂਕ ਤੋਂ ਅੱਜ ਤਿੰਨ ਬੱਸਾਂ ਰਵਾਨਾ ਕੀਤੀਆਂ। ਇਸ ਮੌਕੇ ਮੇਅਰ ਕੁੰਦਨ ਗੋਗੀਆ, ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ, ਮਦਨ ਅਰੋੜਾ, ਰਾਜੂ ਸਾਹਨੀ, ਨਰੇਸ਼ ਕੁਮਾਰ ਕਾਕਾ, ਯੋਗੇਸ਼ ਟੰਡਨ, ਸਿਮਰਨਪ੍ਰੀਤ ਸਿੰਘ, ਮਨਮੋਹਨ ਕਪੂਰ, ਰਾਹੁਲ ਗਰਗ, ਕੁਸ਼ਲ ਚੋਪੜਾ, ਮੁਨੀਸ਼ ਕੁਮਾਰ ਅਤੇ ਰਿਸ਼ੂ ਗਿਰਧਰ ਵੀ ਮੌਜੂਦ ਸਨ।



ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਐਮ.ਐਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਕ ਬੱਸ ਖਾਟੂ ਸ਼ਾਮ ਅਤੇ ਸਾਲਾਸਰ ਬਾਲਾ ਜੀ, ਦੂਜੀ ਬੱਸ ਹਰਿਦੁਆਰ ਅਤੇ ਰਿਸ਼ੀਕੇਸ਼ ਅਤੇ ਤੀਜੀ ਬੱਸ ਮਥੁਰਾ ਅਤੇ ਵਰਿੰਦਾਵਨ ਜਾਵੇਗੀ। ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ ਉਹਨਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ ਅਤੇ ਲੱਖਾਂ ਸ਼ਰਧਾਲੂ ਲਗਾਤਾਰ ਸਬੰਧਤ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ ਜਿਨਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਵਿਧਾਇਕ ਕੋਹਲੀ ਨੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਸ਼ਰਧਾਲੂਆਂ ਨੇ ਵੀ ਪੰਜਾਬ ਸ੍ਰ ਸਰਕਾਰ ਅਤੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

## ਰਾਹੁਲ ਗਾਂਧੀ ਦੀ ਹਾਈ-ਪ੍ਰੋਫਾਈਲ ਮੀਟਿੰਗ 'ਚੋਂ 'ਚੰਨੀ' ਗਾਇਬ !

**ਚੰਡੀਗੜ੍ਹ, 19 ਅਗਸਤ**
**-ਹਰਮਨਪ੍ਰੀਤ ਕੌਰ-**

ਦਿੱਲੀ ਵਿੱਚ ਹੋਣ ਵਾਲੀ ਕਾਂਗਰਸ ਵਰਕਿੰਗ ਕਮੇਟੀ ਦੀ ਇੱਕ ਮਹੱਤਵਪੂਰਨ ਬੈਠਕ ਵਿੱਚ ਅੱਜ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸ਼ਾਮਲ ਨਹੀਂ ਹੋਣਗੇ। ਅਹਿਮ ਸੂਤਰਾਂ ਅਨੁਸਾਰ ਚੰਨੀ ਪੰਜਾਬ ਯੂਨੀਵਰਸਿਟੀ ਤੋਂ ਪੀ.ਐੱਚ.ਡੀ. ਕਰ ਰਹੇ ਹਨ ਅਤੇ ਵੀਰਵਾਰ ਨੂੰ ਉਨ੍ਹਾਂ ਦੀ ਪ੍ਰੀਖਿਆ ਹੈ। ਉਨ੍ਹਾਂ ਦੀ ਗੈਰ-ਹਾਜ਼ਰੀ ਸਬੰਧੀ ਹਾਲੇ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ।

ਰਾਹੁਲ ਗਾਂਧੀ ਦੀ ਸ਼ਮੂਲੀਅਤ ਵਾਲੀ ਮੀਟਿੰਗ ਵਿੱਚੋਂ ਚੰਨੀ ਦੀ ਗੈਰ-ਹਾਜ਼ਰੀ ਦੇ ਸਿਆਸੀ ਮਾਇਨੇ ਹਨ। ਇਹ ਦੂਜੀ ਵਾਰ ਹੈ ਜਦੋਂ ਚੰਨੀ ਗੈਰ-ਹਾਜ਼ਰ ਹੋਣਗੇ। ਪਿਛਲੀ ਵਾਰ ਜਦੋਂ ਸੰਸਦ ਵਿੱਚ ਪੇਪਰ ਲੀਕ ਮੁੱਦੇ 'ਤੇ ਰਾਹੁਲ ਗਾਂਧੀ ਦਾ ਭਾਸ਼ਣ ਸੀ, ਤਾਂ ਉਸ ਵੇਲੇ ਵੀ ਚੰਨੀ ਸੰਸਦ ਵਿੱਚੋਂ ਗੈਰ-ਹਾਜ਼ਰ ਸਨ। ਉਸ ਦਿਨ ਚੰਨੀ ਨੇ ਫ਼ਰੀਦਕੋਟ ਵਿਖੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਸੀ।

ਅੱਜ ਦਿੱਲੀ ਵਿੱਚ ਹੋ ਰਹੀ ਮੀਟਿੰਗ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰੰਧਾਵਾ ਅਤੇ ਵਿਜੇ ਇੰਦਰ ਸਿੰਗਲਾ ਵੀ ਮੌਜੂਦ ਰਹਿਣਗੇ। ਇਸ ਬੈਠਕ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਅਤੇ ਜ਼ਮੀਨੀ ਪੱਧਰ 'ਤੇ ਪਾਰਟੀ ਕੇਡਰ ਨੂੰ ਮਜ਼ਬੂਤ ਕਰਨ ਬਾਰੇ ਚਰਚਾ ਕੀਤੀ ਜਾਵੇਗੀ। ਚੰਨੀ ਦੀ ਸੰਭਾਵੀ ਗੈਰ-ਹਾਜ਼ਰੀ ਪੰਜਾਬ ਕਾਂਗਰਸ ਅੰਦਰ ਚੱਲ ਰਹੀ ਗੁੱਟਬੰਦੀ ਅਤੇ ਆਗੂਆਂ ਦੇ ਆਪਸੀ ਮਤਭੇਦਾਂ ਵੱਲ ਇਸ਼ਾਰਾ ਕਰਦੀ ਹੈ। ਉੱਧਰ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਰੰਧਾਵਾਂ ਨੇ ਵੀ ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਨੂੰ ਪੀ.ਐੱਚ.ਡੀ ਦੀ ਪ੍ਰੀਖਿਆ ਲਈ ਸ਼ੁਭਕਾਮਨਾਵਾਂ ਦਿੱਤੀਆਂ।



## ਜਨਗਣਨਾ-2027 ਦੇ ਫੇਜ਼-2 ਲਈ ਅਗਾਊਂ ਤਿਆਰੀਆਂ ਯਕੀਨੀ ਬਣਾਈਆਂ ਜਾਣ : ਡਾ. ਨਵਜੋਤ ਖੋਸਾ

**➤ ਡਾਇਰੈਕਟਰ ਸੈਂਸਜ ਓਪਰੇਸ਼ਨਜ਼, ਪੰਜਾਬ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚ ਜਨਗਣਨਾ-2027 ਦੇ ਫੇਜ਼-2 (ਜਨਸੰਖਿਆ ਗਣਨਾ) ਦੀਆਂ ਤਿਆਰੀਆਂ ਦਾ ਜਾਇਜ਼ਾ ➤ ਪਹਿਲੇ ਪੜਾਅ ਦੀਆਂ ਗਤੀਵਿਧੀਆਂ ਸਮੇਂ ਸਿਰ ਮੁਕੰਮਲ ਕਰਨ ਲਈ ਚਾਰਜ ਅਫ਼ਸਰਾਂ ਤੇ ਫੀਲਡ ਅਮਲੇ ਦੀ ਸ਼ਲਾਘਾ**

**ਪਟਿਆਲਾ, 19 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੇ ਡਾਇਰੈਕਟਰ ਸੈਂਸਜ ਓਪਰੇਸ਼ਨਜ਼-ਕਮ-ਚੀਫ਼ ਪ੍ਰਿੰਸੀਪਲ ਸੈਂਸਜ ਅਫ਼ਸਰ ਡਾ. ਨਵਜੋਤ ਖੋਸਾ, ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਪਟਿਆਲਾ ਵਿੱਚ ਜਨਗਣਨਾ-2027 ਦੇ ਫੇਜ਼-2 (ਜਨਸੰਖਿਆ ਗਣਨਾ) ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਹੋਈ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਦਮਨਜੀਤ ਸਿੰਘ ਮਾਨ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਸਮੇਤ ਸਮੂਹ ਐਸ.ਡੀ.ਐਮਜ਼, ਸਬੰਧਤ ਅਧਿਕਾਰੀ, ਚਾਰਜ ਅਫ਼ਸਰ ਅਤੇ ਜਨਗਣਨਾ ਨਾਲ ਸਬੰਧਤ ਅਮਲਾ ਹਾਜ਼ਰ ਸੀ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਨਵਜੋਤ ਖੋਸਾ ਨੇ ਜ਼ਿਲ੍ਹੇ ਵਿੱਚ ਜਨਗਣਨਾ ਦੇ ਪਹਿਲੇ ਪੜਾਅ ਦੀਆਂ ਗਤੀਵਿਧੀਆਂ ਨੂੰ ਸਫ਼ਲਤਾਪੂਰਵਕ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਚਾਰਜ ਅਫ਼ਸਰਾਂ ਅਤੇ ਫੀਲਡ ਅਮਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਜਨਗਣਨਾ-2027 ਦੇ ਬਾਕੀ ਕਾਰਜਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਮੁਕੰਮਲ ਕਰਨ ਲਈ ਅਗਾਊਂ ਯੋਜਨਾਬੰਦੀ ਅਤੇ ਸਾਰੇ ਸਬੰਧਤ ਵਿਭਾਗਾਂ ਦਰਮਿਆਨ ਬਿਹਤਰ ਤਾਲਮੇਲ ਬੇਹੱਦ ਜ਼ਰੂਰੀ ਹੈ।

ਡਾਇਰੈਕਟਰ ਸੈਂਸਜ ਓਪਰੇਸ਼ਨਜ਼ ਨੇ ਜ਼ਿਲ੍ਹੇ ਦੇ ਤਰਜੀਹੀ ਚਾਰਜਾਂ ਅਤੇ ਨਗਰ ਨਿਗਮ ਪਟਿਆਲਾ ਵਿੱਚ ਮਕਾਨਸੂਚੀਕਰਨ ਅਤੇ ਮਕਾਨਾਂ ਦੀ ਗਣਨਾ (ਐਚ.ਐਲ.ਓ.) ਦੇ ਕੀਤੇ ਗਏ ਕੰਮ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਜਨਗਣਨਾ ਨਾਲ ਸਬੰਧਤ ਅਮਲੇ ਵੱਲੋਂ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਵਿਸ਼ਵਾਸ ਪ੍ਰਗਟ ਕੀਤਾ ਕਿ ਪਟਿਆਲਾ ਜ਼ਿਲ੍ਹਾ ਜਨਗਣਨਾ-2027 ਦੇ ਫੇਜ਼-2 ਨਾਲ ਸਬੰਧਤ ਸਾਰੇ ਕਾਰਜ ਵੀ ਸਫ਼ਲਤਾਪੂਰਵਕ ਨੇਪਰੇ ਚੜ੍ਹਾਏ ਜਾਣਗੇ।

ਚੀਫ਼ ਪ੍ਰਿੰਸੀਪਲ ਸੈਂਸਜ ਅਫ਼ਸਰ ਡਾ. ਨਵਜੋਤ ਖੋਸਾ ਨੇ ਪ੍ਰਿੰਸੀਪਲ ਸੈਂਸਜ ਅਫ਼ਸਰਾਂ ਅਤੇ ਸੈਂਸਜ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਜਨਸੰਖਿਆ ਗਣਨਾ ਦੇ ਸੁਚਾਰੂ ਅਤੇ ਪ੍ਰਭਾਵਸ਼ਾਲੀ ਸੰਚਾਲਨ ਲਈ ਸਾਰੇ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਮੁਕੰਮਲ ਕਰ ਲਏ ਜਾਣ ਅਤੇ ਸਬੰਧਤ ਅਮਲੇ ਨੂੰ ਇਸ ਕਾਰਜ ਲਈ ਪੂਰੀ ਤਰ੍ਹਾਂ ਤਿਆਰ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਜਨਸੰਖਿਆ ਗਣਨਾ ਇੱਕ ਬਹੁਤ ਮਹੱਤਵਪੂਰਨ ਕਾਰਜ ਹੈ, ਜਿਸ ਲਈ ਹਰ ਪੱਧਰ 'ਤੇ ਸਪੱਸ਼ਟ ਯੋਜਨਾਬੰਦੀ, ਬਿਹਤਰ ਤਾਲਮੇਲ ਅਤੇ ਨਿਰਦੇਸ਼ਾਂ ਦੀ ਪੂਰੀ ਪਾਲਣਾ ਯਕੀਨੀ ਬਣਾਈ ਜਾਵੇ। ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਵਿਸ਼ਵਾਸ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰਧਾਰਤ ਸਮਾਂ-ਸੀਮਾ ਅੰਦਰ ਜਨਗਣਨਾ ਨਾਲ ਸਬੰਧਤ ਸਾਰੇ ਕਾਰਜ ਮੁਕੰਮਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਨਗਰ ਨਿਗਮ ਪਟਿਆਲਾ ਨਾਲ ਨੇੜਲੇ ਤਾਲਮੇਲ ਨਾਲ ਜਨਗਣਨਾ-2027 ਦੇ ਫੇਜ਼-2 ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ ਵੱਲੋਂ ਭਾਰਤ ਦੇ ਰਜਿਸਟਰਾਰ ਜਨਰਲ ਅਤੇ ਸੈਂਸਜ ਕਮਿਸ਼ਨਰ ਦੇ ਦਫ਼ਤਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਨਗਣਨਾ ਦਾ ਕੰਮ ਕੁਸ਼ਲਤਾ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਤਾਂ ਜੋ ਸਹੀ ਅਤੇ ਭਰੋਸੇਯੋਗ ਅੰਕੜਿਆਂ ਦੀ ਪ੍ਰਾਪਤੀ ਯਕੀਨੀ ਬਣਾਈ ਜਾ ਸਕੇ।

ਮੀਟਿੰਗ ਦੌਰਾਨ ਜਨਗਣਨਾ-2027 ਦੇ ਫੇਜ਼-2 ਤਹਿਤ ਜਨਸੰਖਿਆ ਗਣਨਾ ਨੂੰ ਸਮੇਂ ਸਿਰ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਸਥਾਰਪੂਰਵਕ ਰੋਡਮੈਪ 'ਤੇ ਵੀ ਚਰਚਾ ਕੀਤੀ ਗਈ। ਇਸ ਮੌਕੇ ਸਮੂਹ ਸਬੰਧਤ ਅਧਿਕਾਰੀਆਂ ਨੂੰ ਆਪਣੇ-ਆਪਣੇ ਪੱਧਰ 'ਤੇ ਲੋੜੀਂਦੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕਰਨ ਲਈ ਕਿਹਾ ਗਿਆ।ਇਸ ਮੌਕੇ ਪਹਿਲੇ ਪੜਾਅ ਵਿੱਚ ਬਿਹਤਰੀਨ ਕਾਰਗੁਜ਼ਾਰੀ ਨਿਭਾਉਣ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਬੈਠਕ ਮੌਕੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ)-ਕਮ-ਜ਼ਿਲ੍ਹਾ ਜਨਗਣਨਾ ਅਫ਼ਸਰ ਦਮਨਜੀਤ ਸਿੰਘ ਮਾਨ, ਨਗਰ ਨਿਗਮ ਦੇ ਵਧੀਕ ਕਮਿਸ਼ਨਰ ਸੋਨਮ ਤੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਸੈਂਸਜ ਸਲਾਹਕਾਰ ਕਰਮਜੀਤ ਸਿੰਘ, ਸਮੂਹ ਐਸ.ਡੀ.ਐਮਜ, ਪ੍ਰਿੰਸੀਪਲ ਚਾਰਜ ਅਫ਼ਸਰ, ਉਪ ਅਰਥ ਤੇ ਅੰਕੜਾ ਸਲਾਹਕਾਰ ਜਸਵਿੰਦਰ ਕੌਰ, ਚਾਰਜ ਸੈਂਸਜ ਅਫ਼ਸਰ, ਕਾਰਜ ਸਾਧਕ ਅਫ਼ਸਰ ਤੇ ਤਹਿਸੀਲਦਾਰ, ਨਾਇਬ ਤਹਿਸੀਲਦਾਰ ਤੇ ਹੋਰ ਸਬੰਧਤ ਅਧਿਕਾਰੀ ਹਾਜ਼ਰ ਸਨ।

# ਸੰਪਾਦਕੀ

## ਨਕਲੀ ਬੁੱਧੀ ਦੀ ਤਲਵਾਰ , ਬਦਲਦਾ ਵਾਤਾਵਰਣ , ਵਧਦੀ ਸਾਈਬਰ ਵਾਰ

ਦੁਨੀਆ ਅੱਜ 21ਵੀਂ ਸਦੀ ਦੇ ਅਜਿਹੇ ਮੋੜ 'ਤੇ ਖੜ੍ਹੀ ਹੈ, ਜਿੱਥੇ ਤਕਨਾਲੋਜੀ, ਅਰਥਵਿਵਸਥਾ, ਵਾਤਾਵਰਣ ਅਤੇ ਮਨੁੱਖੀ ਸਿਹਤ ਨਾਲ ਜੁੜੀਆਂ ਚੁਣੌਤੀਆਂ ਇਕ-ਦੂਜੇ ਨਾਲ ਡੂੰਘੇ ਤੌਰ 'ਤੇ ਜੁੜਦੀਆਂ ਜਾ ਰਹੀਆਂ ਹਨ। ਵਰਲਡ ਇਕਨਾਮਿਕ ਫੋਰਮ ਦੀ 2026 ਦੀ ਵਿਸ਼ਵ ਪੱਧਰੀ ਖ਼ਤਰਾ ਰਿਪੋਰਟ ਵਿੱਚ ਗਲਤ ਅਤੇ ਭਰਮਕ ਜਾਣਕਾਰੀ, ਸਾਈਬਰ ਅਸੁਰੱਖਿਆ ਅਤੇ ਨਕਲੀ ਬੁੱਧੀ ਦੇ ਸੰਭਾਵਿਤ ਨੁਕਸਾਨਾਂ ਨੂੰ ਆਉਣ ਵਾਲੇ ਸਮੇਂ ਦੇ ਮਹੱਤਵਪੂਰਨ ਖ਼ਤਰਿਆਂ ਵਿੱਚ ਗਿਣਿਆ ਗਿਆ ਹੈ।

ਨਕਲੀ ਬੁੱਧੀ ਹੁਣ ਸਿਰਫ਼ ਤਕਨੀਕੀ ਪ੍ਰਯੋਗ ਨਹੀਂ ਰਹੀ। ਇਹ ਨੌਕਰੀਆਂ, ਸਿੱਖਿਆ, ਪੱਤਰਕਾਰੀ, ਸਿਹਤ, ਵਪਾਰ ਅਤੇ ਰੋਜ਼ਾਨਾ ਜੀਵਨ ਦੇ ਢੰਗ ਨੂੰ ਤੇਜ਼ੀ ਨਾਲ ਬਦਲ ਰਹੀ ਹੈ। ਕੌਮਾਂਤਰੀ ਮਜ਼ਦੂਰ ਸੰਗਠਨ ਦੀ ਖੋਜ ਅਨੁਸਾਰ ਦੁਨੀਆ ਦੇ ਲਗਭਗ ਹਰ ਚਾਰ ਵਿੱਚੋਂ ਇੱਕ ਕਾਮੇ ਦਾ ਕੰਮ ਕਿਸੇ ਨਾ ਕਿਸੇ ਪੱਧਰ 'ਤੇ ਨਵੀਂ ਪੀੜ੍ਹੀ ਦੀ ਨਕਲੀ ਬੁੱਧੀ ਤੋਂ ਪ੍ਰਭਾਵਿਤ ਹੋ ਸਕਦਾ ਹੈ। ਪਰ ਇਸ ਦਾ ਅਰਥ ਇਹ ਨਹੀਂ ਕਿ ਹਰ ਚੌਥੀ ਨੌਕਰੀ ਖ਼ਤਮ ਹੋ ਜਾਵੇਗੀ। ਵੱਡੀ ਸੰਭਾਵਨਾ ਇਹ ਹੈ ਕਿ ਬਹੁਤ ਸਾਰੇ ਕੰਮਾਂ ਦਾ ਸਰੂਪ ਬਦਲੇਗਾ। ਇਸ ਲਈ ਅਸਲ ਸਵਾਲ ਇਹ ਨਹੀਂ ਕਿ ਨਕਲੀ ਬੁੱਧੀ ਨੌਕਰੀਆਂ ਖੋਹ ਲਵੇਗੀ ? ਸਗੋਂ ਇਹ ਹੈ ਕਿ ਕੀ ਮਨੁੱਖ ਨਕਲੀ ਬੁੱਧੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨਾ ਸਿੱਖੇਗਾ ? ਨਵੀਆਂ ਯੋਗਤਾਵਾਂ, ਮੁੜ-ਸਿਖਲਾਈ ਅਤੇ ਜੀਵਨ ਭਰ ਸਿੱਖਣ ਦੀ ਪ੍ਰਕਿਰਿਆ ਭਵਿੱਖ ਦੇ ਰੁਜ਼ਗਾਰ ਦੀ ਕੁੰਜੀ ਬਣੇਗੀ।

ਨਕਲੀ ਬੁੱਧੀ ਰਾਹੀਂ ਬਣੀਆਂ ਤਸਵੀਰਾਂ, ਆਵਾਜ਼ਾਂ ਅਤੇ ਵੀਡੀਓ ਨੇ ਸੱਚ ਅਤੇ ਝੂਠ ਵਿਚਕਾਰ ਫ਼ਰਕ ਕਰਨਾ ਔਖਾ ਕਰ ਦਿੱਤਾ ਹੈ। ਡੀਪਫੇਕ ਤਕਨੀਕ ਰਾਹੀਂ ਕਿਸੇ ਵਿਅਕਤੀ ਦੀ ਆਵਾਜ਼ ਜਾਂ ਤਸਵੀਰ ਨੂੰ ਇਸ ਤਰ੍ਹਾਂ ਬਦਲਿਆ ਜਾ ਸਕਦਾ ਹੈ ਕਿ ਆਮ ਦਰਸ਼ਕ ਲਈ ਅਸਲੀਅਤ ਦੀ ਪਛਾਣ ਮੁਸ਼ਕਲ ਹੋ ਜਾਵੇ। ਇਹ ਖ਼ਤਰਾ ਸਿਰਫ਼ ਵਿਅਕਤੀਗਤ ਧੋਖਾਧੜੀ ਤੱਕ ਸੀਮਿਤ ਨਹੀਂ। ਚੋਣਾਂ, ਲੋਕਤੰਤਰ, ਪੱਤਰਕਾਰੀ ਅਤੇ ਸਮਾਜਕ ਭਰੋਸੇ 'ਤੇ ਵੀ ਇਸ ਦਾ ਪ੍ਰਭਾਵ ਪੈ ਸਕਦਾ ਹੈ। ਇਸ ਲਈ ਸਮਾਜਿਕ ਮੀਡੀਆ ਦੇ ਐਲਗੋਰਿਦਮਾਂ ਦੀ ਪਾਰਦਰਸ਼ਤਾ, ਨਕਲੀ ਸਮੱਗਰੀ ਦੀ ਸਪਸ਼ਟ ਪਛਾਣ, ਨਿੱਜੀ ਜਾਣਕਾਰੀ ਦੀ ਸੁਰੱਖਿਆ ਅਤੇ ਡਿਜਿਟਲ ਮੰਚਾਂ ਦੀ ਜਵਾਬਦੇਹੀ ਹੁਣ ਸਮੇਂ ਦੀ ਲੋੜ ਹੈ।

ਬੈਂਕਿੰਗ, ਹਸਪਤਾਲ, ਬਿਜਲੀ, ਪਾਣੀ, ਆਵਾਜਾਈ ਅਤੇ ਸਰਕਾਰੀ ਸੇਵਾਵਾਂ ਤੇਜ਼ੀ ਨਾਲ ਡਿਜਿਟਲ ਹੋ ਰਹੀਆਂ ਹਨ। ਇਸ ਨਾਲ ਫਿਰੌਤੀ ਵਾਲੇ ਸਾਈਬਰ ਹਮਲੇ, ਧੋਖੇਬਾਜ਼ੀ ਵਾਲੀਆਂ ਈਮੇਲਾਂ ਅਤੇ ਸੁਨੇਹੇ, ਪਛਾਣ ਦੀ ਚੋਰੀ ਅਤੇ ਮਹੱਤਵਪੂਰਨ ਢਾਂਚੇ 'ਤੇ ਹਮਲੇ ਵੀ ਵੱਡਾ ਖ਼ਤਰਾ ਬਣ ਰਹੇ ਹਨ। ਡਿਜਿਟਲ ਸਹੂਲਤ ਜਿੰਨੀ ਵਧੇਗੀ, ਡਿਜਿਟਲ ਸੁਰੱਖਿਆ ਦੀ ਜ਼ਿੰਮੇਵਾਰੀ ਵੀ ਉਨੀ ਹੀ ਵਧੇਗੀ। ਹਰ ਨਾਗਰਿਕ ਨੂੰ ਮਜ਼ਬੂਤ ਪਾਸਵਰਡ, ਦੋਹਰੀ ਪੜਤਾਲ, ਸ਼ੱਕੀ ਸੁਨੇਹਿਆਂ ਤੋਂ ਸਾਵਧਾਨੀ ਅਤੇ ਨਿੱਜੀ ਜਾਣਕਾਰੀ ਦੀ ਸੁਰੱਖਿਆ ਬਾਰੇ ਜਾਗਰੂਕ ਹੋਣਾ ਪਵੇਗਾ।

ਤਪਦੀਆਂ ਗਰਮੀਆਂ, ਅਚਾਨਕ ਹੜ੍ਹ, ਭਾਰੀ ਮੀਂਹ, ਤੂਫ਼ਾਨ, ਜੰਗਲਾਂ ਦੀਆਂ ਅੱਗਾਂ ਅਤੇ ਮੌਸਮ ਦੇ ਬਦਲਦੇ ਰੁਝਾਨ ਹੁਣ ਭਵਿੱਖ ਦੀਆਂ ਕਹਾਣੀਆਂ ਨਹੀਂ ਰਹੇ। ਇਹ ਅੱਜ ਦੀ ਹਕੀਕਤ ਹਨ। ਵਿਸ਼ਵ ਸਿਹਤ ਸੰਗਠਨ ਅਨੁਸਾਰ ਅਰਬਾਂ ਲੋਕ ਜਲਵਾਯੂ ਤਬਦੀਲੀ ਦੇ ਪ੍ਰਭਾਵਾਂ ਲਈ ਸੰਵੇਦਨਸ਼ੀਲ ਖੇਤਰਾਂ ਵਿੱਚ ਰਹਿੰਦੇ ਹਨ ਅਤੇ ਆਉਣ ਵਾਲੇ ਦਹਾਕਿਆਂ ਵਿੱਚ ਇਸ ਨਾਲ ਸਿਹਤ 'ਤੇ ਗੰਭੀਰ ਪ੍ਰਭਾਵ ਪੈਣ ਦੀ ਸੰਭਾਵਨਾ ਹੈ। ਇਸ ਲਈ ਸੂਰਜੀ ਅਤੇ ਹਵਾ ਊਰਜਾ, ਪਾਣੀ ਦੀ ਸੰਭਾਲ, ਰੁੱਖ ਲਗਾਉਣਾ, ਹਰੇ-ਭਰੇ ਸ਼ਹਿਰ, ਹੜ੍ਹ ਪ੍ਰਬੰਧਨ ਅਤੇ ਸਥਾਨਕ ਪੱਧਰ 'ਤੇ ਜਲਵਾਯੂ ਅਨੁਕੂਲਨ ਹੁਣ ਚੋਣ ਨਹੀਂ, ਸਗੋਂ ਲਾਜ਼ਮੀ ਨੀਤੀ ਬਣਨੀ ਚਾਹੀਦੀ ਹੈ ਰੋਗਾਣੂ-ਰੋਧਕ ਸਮਰੱਥਾ, ਅਰਥਾਤ ਦਵਾਈਆਂ ਦੇ ਵਿਰੁੱਧ ਜੀਵਾਣੂਆਂ ਦੀ ਵਧਦੀ ਰੋਧਕਤਾ, ਆਧੁਨਿਕ ਸਿਹਤ ਪ੍ਰਣਾਲੀ ਲਈ ਗੰਭੀਰ ਚੁਣੌਤੀ ਹੈ। ਦਵਾਈਆਂ ਦੀ ਬੇਲੋੜੀ ਵਰਤੋਂ ਅਤੇ ਗਲਤ ਵਰਤੋਂ ਇਸ ਸਮੱਸਿਆ ਨੂੰ ਹੋਰ ਗੰਭੀਰ ਕਰ ਸਕਦੀ ਹੈ। ਇਸੇ ਤਰ੍ਹਾਂ ਨੌਜਵਾਨਾਂ ਦੀ ਮਾਨਸਿਕ ਸਿਹਤ ਵੀ ਵਿਸ਼ਵ ਪੱਧਰ 'ਤੇ ਚਿੰਤਾ ਦਾ ਵਿਸ਼ਾ ਹੈ। ਡਿਜਿਟਲ ਦਬਾਅ, ਸਮਾਜਕ ਇਕੱਲਾਪਣ, ਪੜ੍ਹਾਈ ਅਤੇ ਰੁਜ਼ਗਾਰ ਦੀ ਚਿੰਤਾ ਅਤੇ ਬਦਲਦੀ ਜੀਵਨ-ਸ਼ੈਲੀ ਇਸ ਚੁਣੌਤੀ ਨੂੰ ਹੋਰ ਗੁੰਝਲਦਾਰ ਬਣਾ ਰਹੇ ਹਨ । ਮਹਿੰਗਾਈ ਦੀ ਦਰ ਘਟਣ ਦਾ ਮਤਲਬ ਇਹ ਨਹੀਂ ਕਿ ਕੀਮਤਾਂ ਪਹਿਲਾਂ ਵਾਲੇ ਪੱਧਰ 'ਤੇ ਵਾਪਸ ਆ ਗਈਆਂ ਹਨ। ਖੁਰਾਕ, ਸਿਹਤ, ਸਿੱਖਿਆ, ਰਹਿਣ-ਸਹਿਣ ਅਤੇ ਊਰਜਾ ਦੀਆਂ ਲਾਗਤਾਂ ਆਮ ਪਰਿਵਾਰ ਦੇ ਬਜਟ 'ਤੇ ਲਗਾਤਾਰ ਦਬਾਅ ਪਾ ਰਹੀਆਂ ਹਨ। ਇਸ ਲਈ ਆਰਥਿਕ ਨੀਤੀਆਂ ਦਾ ਅਸਲ ਮਾਪਦੰਡ ਸਿਰਫ਼ ਕੁੱਲ ਵਿਕਾਸ ਨਹੀਂ, ਸਗੋਂ ਆਮ ਨਾਗਰਿਕ ਦੀ ਖਰੀਦ ਸਮਰੱਥਾ ਅਤੇ ਜੀਵਨ-ਮਿਆਰ ਵੀ ਹੋਣਾ ਚਾਹੀਦਾ ਹੈ। ਅੱਜ ਦੀ ਦੁਨੀਆ ਦੀ ਸਭ ਤੋਂ ਵੱਡੀ ਚੁਣੌਤੀ ਕਿਸੇ ਇੱਕ ਸਮੱਸਿਆ ਦਾ ਹੱਲ ਕਰਨਾ ਨਹੀਂ, ਸਗੋਂ ਨਕਲੀ ਬੁੱਧੀ, ਸਾਈਬਰ ਸੁਰੱਖਿਆ, ਜਲਵਾਯੂ ਤਬਦੀਲੀ, ਸਿਹਤ, ਰੁਜ਼ਗਾਰ ਅਤੇ ਮਹਿੰਗਾਈ ਨੂੰ ਇਕ-ਦੂਜੇ ਨਾਲ ਜੋੜ ਕੇ ਦੇਖਣਾ ਹੈ। ਤਕਨਾਲੋਜੀ ਮਨੁੱਖ ਦੀ ਥਾਂ ਲੈਣ ਦੀ ਬਜਾਏ ਮਨੁੱਖੀ ਸਮਰੱਥਾ ਵਧਾਏ, ਹਰੀ ਊਰਜਾ ਵਿਕਾਸ ਦਾ ਆਧਾਰ ਬਣੇ, ਡਿਜਿਟਲ ਦੁਨੀਆ ਸੁਰੱਖਿਅਤ ਅਤੇ ਭਰੋਸੇਯੋਗ ਰਹੇ ਅਤੇ ਸਿਹਤ ਤੇ ਸਿੱਖਿਆ ਹਰ ਵਰਗ ਤੱਕ ਪਹੁੰਚੇ—ਇਹੀ ਅਸਲ ਤਰੱਕੀ ਹੋਵੇਗੀ। ਭਵਿੱਖ ਸਿਰਫ਼ ਤਕਨਾਲੋਜੀ ਨਹੀਂ ਬਣਾਏਗੀ; ਭਵਿੱਖ ਇਸ ਗੱਲ ਨਾਲ ਤੈਅ ਹੋਵੇਗਾ ਕਿ ਮਨੁੱਖ ਤਕਨਾਲੋਜੀ, ਕੁਦਰਤ ਅਤੇ ਵਿਕਾਸ ਵਿਚਕਾਰ ਕਿਹੋ ਜਿਹਾ ਸੰਤੁਲਨ ਕਾਇਮ ਕਰਦਾ ਹੈ।

**-ਛੱਤਰਪਾਲ ਸਿੰਘ**

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਤਮਾਸ਼ਬੀਨ ਲੋਕ - ਜ਼ੁਲਮ ਹੋਣ ਦੇਣ ਬੇਰੋਕ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਇਤਿਹਾਸ ਗਵਾਹ ਹੈ ਕਿ ਸਮਾਜਾਂ ਨੂੰ ਸਿਰਫ਼ ਜ਼ਾਲਮਾਂ ਨੇ ਕਮਜ਼ੋਰ ਨਹੀਂ ਕੀਤਾ; ਕਈ ਵਾਰ ਚੰਗੇ ਲੋਕਾਂ ਦੀ ਚੁੱਪੀ ਨੇ ਵੀ ਬੁਰਾਈ ਨੂੰ ਤਾਕਤ ਦਿੱਤੀ ਹੈ। ਜਦੋਂ ਅਨਿਆਂ ਸਾਹਮਣੇ ਹੋਵੇ, ਸੱਚ ਨੂੰ ਪਤਾ ਹੋਵੇ ਕਿ ਸੱਚ ਕੀ ਹੈ, ਪਰ ਆਵਾਜ਼ ਉਠਾਉਣ ਵਾਲੇ ਗਿਣਤੀ ਵਿੱਚ ਘੱਟ ਹੋਣ ਅਤੇ ਬਾਕੀ ਲੋਕ ਇਹ ਸੋਚ ਕੇ ਚੁੱਪ ਰਹਿਣ ਕਿ ਸਾਨੂੰ ਕੀ —ਉਸੇ ਪਲ ਬੁਰਾਈ ਲਈ ਰਸਤਾ ਖੁੱਲ੍ਹ ਜਾਂਦਾ ਹੈ।

ਹਰ ਸਮਾਜ ਵਿੱਚ ਮੋਟੇ ਤੌਰ 'ਤੇ ਤਿੰਨ ਕਿਸਮ ਦੇ ਲੋਕ ਨਜ਼ਰ ਆਉਂਦੇ ਹਨ। ਪਹਿਲਾ ਵਰਗ ਉਹ ਹੈ ਜੋ ਜ਼ੁਲਮ ਕਰਦਾ ਹੈ, ਹੱਕ ਖੋਂਹਦਾ ਹੈ, ਭ੍ਰਿਸ਼ਟਾਚਾਰ ਕਰਦਾ ਹੈ ਜਾਂ ਦੂਜਿਆਂ ਦੀ ਕਮਜ਼ੋਰੀ ਦਾ ਫਾਇਦਾ ਚੁੱਕਦਾ ਹੈ। ਦੂਜਾ ਵਰਗ ਉਹ ਹੈ ਜੋ ਇਸ ਅਨਿਆਂ ਨੂੰ ਚੁਣੌਤੀ ਦਿੰਦਾ ਹੈ—ਸੱਚ ਦੇ ਪੱਖ ਵਿੱਚ ਖੜ੍ਹਦਾ ਹੈ ਅਤੇ ਬਦਲਾਅ ਲਈ ਸੰਘਰਸ਼ ਕਰਦਾ ਹੈ। ਪਰ ਤੀਜਾ ਵਰਗ ਸਭ ਤੋਂ ਦਿਲਚਸਪ ਅਤੇ ਕਈ ਵਾਰ ਸਭ ਤੋਂ ਖ਼ਤਰਨਾਕ ਹੁੰਦਾ ਹੈ—ਉਹ ਲੋਕ ਜੋ ਸਭ ਕੁਝ ਦੇਖਦੇ ਹਨ, ਸਮਝਦੇ ਹਨ, ਜ਼ੁਲਮ ਨੂੰ ਅੰਦਰੋਂ ਗਲਤ ਵੀ ਮੰਨਦੇ ਹਨ, ਬਹੁਤ ਕੁਜ ਕਰ ਵੀ ਸਕਦੇ ਹਨ. ਪਰ ਚੁੱਪ ਰਹਿੰਦੇ ਹਨ।

ਇਹੀ ਤਮਾਸ਼ਬੀਨ ਵਰਗ ਕਈ ਵਾਰ ਅਣਜਾਣੇ ਵਿੱਚ ਜ਼ੁਲਮ ਦੀ ਢਾਲ ਬਣ ਜਾਂਦਾ ਹੈ।

ਬੁਰਾਈ ਨੂੰ ਹਮੇਸ਼ਾ ਬਹੁਮਤ ਦੀ ਲੋੜ ਨਹੀਂ ਹੁੰਦੀ

ਬੁਰਾਈ ਨੂੰ ਆਪਣੀ ਜਿੱਤ ਲਈ ਹਮੇਸ਼ਾ ਵੱਡੀ ਗਿਣਤੀ ਦੀ ਲੋੜ ਨਹੀਂ ਹੁੰਦੀ। ਉਸ ਨੂੰ ਸਿਰਫ਼ ਇਹ ਲੋੜ ਹੁੰਦੀ ਹੈ ਕਿ ਸੱਚ ਬੋਲਣ ਵਾਲੇ ਡਰ ਜਾਣ ਅਤੇ ਚੰਗੇ ਲੋਕ ਚੁੱਪ ਰਹਿਣ।

ਇਹ ਗੱਲ ਮਨੁੱਖੀ ਮਨੋਵਿਗਿਆਨ ਨਾਲ ਵੀ ਜੁੜੀ ਹੋਈ ਹੈ। ਸਮਾਜਿਕ ਮਨੋਵਿਗਿਆਨ ਵਿੱਚ ਬਾਇਸਟੈਂਡਰ ਇਫੈਕਟ ਬਾਰੇ ਹੋਈ ਖੋਜ ਦੱਸਦੀ ਹੈ ਕਿ ਜਦੋਂ ਕਿਸੇ ਘਟਨਾ ਦੇ ਗਵਾਹ ਬਹੁਤ ਸਾਰੇ ਹੋਣ ਤਾਂ ਕਈ ਵਾਰ ਹਰ ਵਿਅਕਤੀ ਇਹ ਮੰਨ ਲੈਂਦਾ ਹੈ ਕਿ ਕੋਈ ਹੋਰ ਜ਼ਰੂਰ ਦਖ਼ਲ ਦੇਵੇਗਾ। ਨਤੀਜਾ—ਸਾਰੇ ਉਡੀਕ ਕਰਦੇ ਰਹਿੰਦੇ ਹਨ ਅਤੇ ਕੋਈ ਅੱਗੇ ਨਹੀਂ ਆਉਂਦਾ।

ਇਹੀ ਮਨੋਵਿਰਤੀ ਸਮਾਜਕ ਪੱਧਰ 'ਤੇ ਹੋਰ ਵੀ ਖ਼ਤਰਨਾਕ ਰੂਪ ਧਾਰ ਲੈਂਦੀ ਹੈ।

ਮੇਰੇ ਨਾਲ ਤਾਂ ਨਹੀਂ ਹੋਇਆ।

ਮੈਂ ਇਕੱਲਾ ਕੀ ਕਰ ਸਕਦਾ ਹਾਂ ?

ਕਿਸੇ ਨਾਲ ਪੰਗਾ ਕਿਉਂ ਲੈਣਾ ?

ਜਿਸ ਨਾਲ ਹੋਇਆ, ਉਹ ਆਪ ਦੇਖ ਲਵੇ।

ਸਿਸਟਮ ਹੀ ਐਸਾ ਹੈ।

ਇਹ ਬੇਬਸੀ ਦੇ ਪ੍ਰਤੀਕ ਨਹੀਂ; ਸਗੋਂ ਅਨਿਆਂ ਨੂੰ ਸਵੀਕਾਰ ਕਰਨ ਦੀ ਸਮਾਜਕ ਅਤੇ ਸਮੂਹਿਕ ਮਨਜ਼ੂਰੀ ਬਣ ਜਾਂਦੇ ਹਨ।

ਹਰ ਚੁੱਪੀ ਗਲਤ ਨਹੀਂ ਹੁੰਦੀ। ਕਈ ਵਾਰ ਸਮਝਦਾਰੀ ਵੀ ਚੁੱਪ ਰਹਿਣ ਵਿੱਚ ਹੁੰਦੀ ਹੈ। ਪਰ ਜਦੋਂ ਕਿਸੇ ਵਿਅਕਤੀ ਜਾਂ ਸਮੂਹ ਨਾਲ ਖੁੱਲ੍ਹੀ ਜ਼ਿਆਦਤੀ ਹੋ ਰਹੀ ਹੋਵੇ, ਹੱਕ ਮਾਰੇ ਜਾ ਰਹੇ ਹੋਣ, ਭ੍ਰਿਸ਼ਟਾਚਾਰ ਸਾਹਮਣੇ ਹੋਵੇ ਜਾਂ ਕਿਸੇ ਕਮਜ਼ੋਰ ਨੂੰ ਦਬਾਇਆ ਜਾ ਰਿਹਾ ਹੋਵੇ ਅਤੇ ਅਸੀਂ ਜਾਣਦੇ ਹੋਏ ਵੀ ਸਿਰਫ਼ ਆਪਣੀ ਸਹੂਲਤ ਲਈ ਚੁੱਪ ਰਹੀਏ—ਤਾਂ ਇਹ ਚੁੱਪੀ ਨਿਰਪੱਖਤਾ ਨਹੀਂ ਰਹਿੰਦੀ।

ਇਤਿਹਾਸ ਵਿੱਚ ਵੱਡੀਆਂ ਤਬਦੀਲੀਆਂ ਕਿਸੇ ਤਾਕਤਵਰਾਂ ਨੇ ਨਹੀਂ ਕੀਤੀਆਂ। ਸਿਰਫ਼ ਇੱਕ ਆਮ ਮਨੁੱਖ ਨੇ ਨਹੀਂ ਕਹਿਣ ਦੀ ਹਿੰਮਤ ਕੀਤੀ ਅਤੇ ਉਸ ਨਹੀਂ ਨੇ ਪੂਰੇ ਸਮਾਜ ਦੀ ਦਿਸ਼ਾ ਬਦਲ ਦਿੱਤੀ।

ਸਵਾਲ ਸਿਰਫ਼ ਜ਼ਾਲਮ ਦਾ ਨਹੀਂ, ਦਰਸ਼ਕ ਦਾ ਵੀ ਹੈ

ਅਸੀਂ ਅਕਸਰ ਪੁੱਛਦੇ ਹਾਂ—ਜ਼ੁਲਮ ਕਰਨ ਵਾਲਾ ਕੌਣ ਸੀ ?

ਪਰ ਇੱਕ ਹੋਰ ਸਵਾਲ ਵੀ ਪੁੱਛਣਾ ਪਵੇਗਾ—

ਜਦੋਂ ਜ਼ੁਲਮ ਹੋ ਰਿਹਾ ਸੀ, ਉਸ ਵੇਲੇ ਬਾਕੀ ਲੋਕ ਕਿੱਥੇ ਸਨ ?

ਕਿਸੇ ਦਫ਼ਤਰ ਵਿੱਚ ਕਿਸੇ ਕਰਮਚਾਰੀ ਨਾਲ ਬੇਇਨਸਾਫ਼ੀ ਹੋ ਰਹੀ ਹੈ। ਸਾਰੇ ਜਾਣਦੇ ਹਨ, ਪਰ ਕੋਈ ਨਹੀਂ ਬੋਲਦਾ।

ਕਿਸੇ ਸੰਸਥਾ ਵਿੱਚ ਭ੍ਰਿਸ਼ਟਾਚਾਰ ਹੋ ਰਿਹਾ ਹੈ। ਲੋਕ ਜਾਣਦੇ ਹਨ, ਪਰ ਆਪਣਾ ਕੰਮ ਕੱਢ ਕੇ ਚੁੱਪ ਹੋ ਜਾਂਦੇ ਹਨ।

ਕਿਸੇ ਗਰੀਬ ਦਾ ਹੱਕ ਮਾਰਿਆ ਜਾ ਰਿਹਾ ਹੈ। ਲੋਕ ਦੇਖਦੇ ਹਨ, ਪਰ ਸਾਨੂੰ ਕੀ ਕਹਿ ਕੇ ਅੱਗੇ ਲੰਘ ਜਾਂਦੇ ਹਨ।

ਕਿਸੇ ਔਰਤ, ਬੱਚੇ, ਬਜ਼ੁਰਗ ਜਾਂ ਕਮਜ਼ੋਰ ਵਿਅਕਤੀ ਨਾਲ ਜ਼ਿਆਦਤੀ ਹੁੰਦੀ ਹੈ। ਲੋਕ ਵੀਡੀਓ ਬਣਾਉਂਦੇ ਹਨ, ਪਰ ਮਦਦ ਲਈ ਅੱਗੇ ਨਹੀਂ ਆਉਂਦੇ।

ਇਹ ਸਿਰਫ਼ ਵਿਅਕਤੀਗਤ ਘਟਨਾਵਾਂ ਨਹੀਂ। ਇਹ ਸਮਾਜਕ ਚਰਿੱਤਰ ਦੀ ਪਰਖ ਹਨ।

ਅੱਜ ਤਕਨਾਲੋਜੀ ਨੇ ਹਰ ਵਿਅਕਤੀ ਨੂੰ ਸੰਚਾਰ ਦੀ ਤਾਕਤ ਦਿੱਤੀ ਹੈ। ਪਰ ਇਸੇ ਨਾਲ ਇੱਕ ਨਵੀਂ ਸਮੱਸਿਆ ਵੀ ਪੈਦਾ ਹੋਈ ਹੈ—ਅਸੀਂ ਘਟਨਾ ਦੇ ਗਵਾਹ ਤੋਂ ਘਟਨਾ ਦੇ ਦਰਸ਼ਕ ਬਣ ਗਏ ਹਾਂ।

ਕੈਮਰਾ ਚੱਲ ਪੈਂਦਾ ਹੈ, ਵੀਡੀਓ ਵਾਇਰਲ ਹੋ ਜਾਂਦੀ ਹੈ, ਟਿੱਪਣੀਆਂ ਦੀ ਬਰਸਾਤ ਹੋ ਜਾਂਦੀ ਹੈ—ਪਰ ਕਈ ਵਾਰ ਮਦਦ ਕਰਨ ਵਾਲਾ ਹੱਥ ਅੱਗੇ ਨਹੀਂ ਵਧਦਾ।

ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਹਰ ਵਾਇਰਲ ਵੀਡੀਓ ਸਮਾਜਿਕ ਜ਼ਿੰਮੇਵਾਰੀ ਨਹੀਂ ਨਿਭਾਉਂਦੀ; ਕਈ ਵਾਰ ਇੱਕ ਸਹੀ ਸਮੇਂ 'ਤੇ ਕੀਤੀ ਕਾਰਵਾਈ ਹੀ ਅਸਲ ਮਨੁੱਖਤਾ ਹੁੰਦੀ ਹੈ।

ਕਾਨੂੰਨ ਜ਼ਰੂਰੀ ਹਨ। ਪ੍ਰਸ਼ਾਸਨ ਜ਼ਰੂਰੀ ਹੈ। ਨਿਆਂ ਪ੍ਰਣਾਲੀ ਵੀ ਜ਼ਰੂਰੀ ਹੈ। ਪਰ ਕੋਈ ਵੀ ਪ੍ਰਣਾਲੀ ਉਸ ਵੇਲੇ ਤੱਕ ਪੂਰੀ ਤਰ੍ਹਾਂ ਪ੍ਰਭਾਵਸ਼ਾਲੀ ਨਹੀਂ ਹੋ ਸਕਦੀ ਜਦੋਂ ਤੱਕ ਸਮਾਜ ਖੁਦ ਅਨਿਆਂ ਨੂੰ ਸਵੀਕਾਰ ਕਰਨਾ ਬੰਦ ਨਾ ਕਰੇ।

ਸਾਨੂੰ ਆਪਣੇ ਬੱਚਿਆਂ ਨੂੰ ਸਿਰਫ਼ ਇਹ ਨਹੀਂ ਸਿਖਾਉਣਾ ਕਿ ਬੁਰਾ ਕੰਮ ਨਾ ਕਰੋ।

ਉਨ੍ਹਾਂ ਨੂੰ ਇਹ ਵੀ ਸਿਖਾਉਣਾ ਪਵੇਗਾ—

ਜਦੋਂ ਬੁਰਾ ਕੰਮ ਹੁੰਦਾ ਦੇਖੋ ਤਾਂ ਉਸ ਦੇ ਵਿਰੁੱਧ ਖੜ੍ਹੋ।

ਕਿਉਂਕਿ ਚੰਗਾ ਹੋਣਾ ਸਿਰਫ਼ ਬੁਰਾਈ ਨਾ ਕਰਨ ਦਾ ਨਾਮ ਨਹੀਂ। ਚੰਗਾ ਹੋਣਾ ਕਈ ਵਾਰ ਬੁਰਾਈ ਦੇ ਸਾਹਮਣੇ ਖੜ੍ਹਨ ਦਾ ਨਾਮ ਵੀ ਹੈ।

ਫ਼ੈਸਲਾ ਅੱਜ ਵੀ ਸਾਡੇ ਹੱਥ ਵਿੱਚ ਹੈ

ਸਮਾਜ ਵਿੱਚ ਤਿੰਨ ਰਾਹ ਹਮੇਸ਼ਾ ਮੌਜੂਦ ਰਹਿੰਦੇ ਹਨ—

ਜ਼ੁਲਮ ਕਰਨਾ, ਜ਼ੁਲਮ ਦਾ ਵਿਰੋਧ ਕਰਨਾ ਜਾਂ ਜ਼ੁਲਮ ਨੂੰ ਦੇਖ ਕੇ ਚੁੱਪ ਰਹਿਣਾ।

ਪਹਿਲਾ ਰਾਹ ਬੁਰਾਈ ਦਾ ਹੈ।

ਦੂਜਾ ਰਾਹ ਹਿੰਮਤ ਦਾ ਹੈ।

ਤੀਜਾ ਰਾਹ ਸੁਵਿਧਾ ਦਾ ਹੈ—ਪਰ ਇਸ ਦੀ ਕੀਮਤ ਕਈ ਵਾਰ ਪੂਰਾ ਸਮਾਜ ਚੁਕਾਉਂਦਾ ਹੈ।

ਅੱਜ ਸਾਡੇ ਸਮਾਜ ਵਿੱਚ ਬੁਰਾਈਆਂ ਬਹੁਤ ਹਨ । ਸਵਾਲ ਇਹ ਹੈ ਕਿ ਬੁਰਾਈ ਦੇ ਸਾਹਮਣੇ ਸਾਡਾ ਰਵੱਈਆ ਕੀ ਹੈ ?

ਕਿਉਂਕਿ ਜਦੋਂ ਇੱਕ ਜ਼ਾਲਮ ਇੱਕ ਵਿਅਕਤੀ ਨੂੰ ਡਰਾਉਂਦਾ ਹੈ ਤਾਂ ਉਹ ਸਿਰਫ਼ ਇੱਕ ਵਿਅਕਤੀ ਦੀ ਤਾਕਤ ਹੁੰਦੀ ਹੈ। ਪਰ ਜਦੋਂ ਸੌ ਚੰਗੇ ਲੋਕ ਡਰ ਕੇ ਚੁੱਪ ਹੋ ਜਾਂਦੇ ਹਨ, ਤਾਂ ਉਹੀ ਜ਼ਾਲਮ ਸੌ ਲੋਕਾਂ ਦੀ ਚੁੱਪੀ ਤੋਂ ਤਾਕਤ ਲੈਣ ਲੱਗਦਾ ਹੈ।

ਇਸ ਲਈ ਅਗਲੀ ਵਾਰ ਜਦੋਂ ਤੁਹਾਡੇ ਸਾਹਮਣੇ ਕੋਈ ਅਨਿਆਂ ਹੋਵੇ, ਆਪਣੇ ਆਪ ਤੋਂ ਸਿਰਫ਼ ਇੱਕ ਸਵਾਲ ਪੁੱਛੋ—

ਮੈਂ ਇਸ ਘਟਨਾ ਦਾ ਸਿਰਫ਼ ਗਵਾਹ ਹਾਂ ਜਾਂ ਇਤਿਹਾਸ ਦਾ ਜ਼ਿੰਮੇਵਾਰ ਪਾਤਰ ?

ਫ਼ੈਸਲਾ ਤੁਹਾਡਾ ਹੈ—ਤੁਸੀਂ ਕਿਸ ਗਿਰੋਹ ਦੇ ਨਾਲ ਖੜ੍ਹਨਾ ਚਾਹੁੰਦੇ ਹੋ ?

# ਖੇਡਾਂ ਵਤਨ ਪੰਜਾਬ ਦੀਆ ਦਾ ਚੌਥਾ ਐਡੀਸ਼ਨ 5 ਸਤੰਬਰ ਨੂੰ ਬਠਿੰਡਾ ਤੋਂ ਸ਼ੁਰੂ ਹੋ ਕੇ 29 ਨਵੰਬਰ ਨੂੰ ਪਟਿਆਲਾ ਵਿਖੇ ਸਮਾਪਤ ਹੋਵੇਗਾ : ਭਗਵੰਤ ਮਾਨ

**ਚੰਡੀਗੜ੍ਹ 19 ਅਗਸਤ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਐਲਾਨ ਕੀਤਾ ਕਿ ਪੰਜਾਬ ਸਰਕਾਰ 5 ਸਤੰਬਰ ਤੋਂ 29 ਨਵੰਬਰ ਤੱਕ ਖੇਡ ਵਤਨ ਪੰਜਾਬ ਦੀਆਂ ਚੌਥੀ ਐਡੀਸ਼ਨ ਦਾ ਆਯੋਜਨ ਕਰੇਗੀ, ਜਿਸ ਵਿੱਚ ਹਰ ਉਮਰ ਵਰਗ ਦੇ 10 ਲੱਖ ਤੋਂ ਵੱਧ ਭਾਗੀਦਾਰਾਂ ਨੂੰ ਸ਼ਾਮਲ ਕਰਨ ਦਾ ਟੀਚਾ ਹੈ। ਪੰਜਾਬ ਦੇ ਖੇਡ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਅਤੇ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵੱਲ ਲਿਜਾਣ ਦੇ ਉਦੇਸ਼ ਨਾਲ ਇਹ ਸ਼ਾਨਦਾਰ ਖੇਡ ਸਮਾਗਮ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਉਦਘਾਟਨੀ ਸਮਾਰੋਹ ਨਾਲ ਸ਼ੁਰੂ ਹੋਵੇਗਾ ਅਤੇ ਪਟਿਆਲਾ ਵਿੱਚ ਸਮਾਪਤੀ ਸਮਾਰੋਹ ਨਾਲ ਸਮਾਪਤ ਹੋਵੇਗਾ। 2026 ਦੇ ਐਡੀਸ਼ਨ ਨੂੰ ਹੁਣ ਤੱਕ ਦੇ ਖੇਡ ਉਤਸਾਹ ਦੇ ਸਭ ਤੋਂ ਵੱਡੇ ਐਡੀਸ਼ਨ ਵਜੋਂ ਯੋਜਨਾਬੱਧ ਕੀਤਾ ਗਿਆ ਹੈ। ਦਸਵੇਂ ਸਥਾਨ 'ਤੇ ਪਹੁੰਚਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਨੌਜਵਾਨਾਂ ਦੀ ਊਰਜਾ ਨੂੰ ਵਰਤਣ ਅਤੇ ਨਸ਼ਿਆਂ ਵਿਰੁੱਧ ਲੜਨ ਲਈ ਖੇਡਾਂ ਨੂੰ ਸਭ ਤੋਂ ਵੱਡਾ ਹਥਿਆਰ ਬਣਾਇਆ ਜਾਵੇਗਾ, ਪੰਜਾਬ ਸਰਕਾਰ 5 ਸਤੰਬਰ ਨੂੰ ਬਠਿੰਡਾ ਤੋਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ 4 ਦੀ ਸ਼ੁਰੂਆਤ ਕਰ ਰਹੀ ਹੈ। ਇਸ ਸਾਲ 10 ਲੱਖ ਤੋਂ ਵੱਧ ਖਿਡਾਰੀਆਂ ਦੇ ਖੇਡ ਮੈਦਾਨਾਂ ਵਿੱਚ ਆਉਣ ਦੀ ਉਮੀਦ ਹੈ, ਜਿਸਦਾ ਗ੍ਰੈਂਡ ਫਿਨਾਲੇ 29 ਨਵੰਬਰ ਨੂੰ ਪਟਿਆਲਾ ਵਿੱਚ ਹੋਣ ਵਾਲਾ ਹੈ।

ਪਹਿਲੀ ਵਾਰ, ਖੇਡਾਂ ਲਈ ?1,794 ਕਰੋੜ ਦਾ ਵੱਡਾ ਬਜਟ ਅਲਾਟ ਕੀਤਾ ਗਿਆ ਹੈ। ਪਿੰਡਾਂ ਵਿੱਚ 3,148 ਖੇਡ ਮੈਦਾਨ ਅਤੇ 6,000 ਜਿੰਮ ਵਿਕਸਤ ਕਰਨ ਦੇ ਨਾਲ-ਨਾਲ, ਖੇਡ ਦਵਾਈ ਦੇ ਖੇਤਰ ਵਿੱਚ ਵੀ ਵਿਸ਼ੇਸ਼ ਕੰਮ ਕੀਤਾ ਜਾ ਰਿਹਾ ਹੈ। ਆਓ ਆਪਾਂ ਤਿੰਨ ਪੀੜ੍ਹੀਆਂ ਦੇ ਪੰਜਾਬੀਆਂ ਨੂੰ ਇੱਕੋ ਮੈਦਾਨ ਵਿੱਚ ਇਕੱਠੇ ਖੇਡਦੇ ਹੋਏ ਵੇਖੀਏ ਅਤੇ ਪੰਜਾਬ ਨੂੰ ਖੇਡਾਂ ਵਿੱਚ ਮੋਹਰੀ ਸੂਬਾ ਬਣਾਈਏ, ਪੋਸਟ ਨੇ ਸਮਾਪਤ ਕੀਤਾ।



ਇੱਕ ਪ੍ਰੈਸ ਰਿਲੀਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਖੇਡਾਂ ਵਤਨ ਪੰਜਾਬ ਦੀਆਂ ਦਾ ਚੌਥਾ ਐਡੀਸ਼ਨ 5 ਸਤੰਬਰ ਨੂੰ ਸ਼ੁਰੂ ਹੋਵੇਗਾ ਅਤੇ ਖੇਡਾਂ ਦਾ ਉਦਘਾਟਨ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਕੀਤਾ ਜਾਵੇਗਾ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਇਸ ਸਾਲ ਸਾਡਾ ਟੀਚਾ 10 ਲੱਖ ਖਿਡਾਰੀਆਂ ਨੂੰ ਸ਼ਾਮਲ ਕਰਨਾ ਹੈ। ਖੇਡਾਂ ਵਤਨ ਪੰਜਾਬ ਦੀਆਂ ਪੰਜਾਬ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚੋਂ ਛੁਪੀ ਹੋਈ ਖੇਡ ਪ੍ਰਤਿਭਾ ਦੀ ਪਛਾਣ ਕਰਨ, ਉਤਸ਼ਾਹਿਤ ਕਰਨ ਅਤੇ ਪਾਲਣ ਪੋਸ਼ਣ ਲਈ ਸਭ ਤੋਂ ਵਧੀਆ ਪਲੇਟਫਾਰਮ ਹੈ।

ਮੁੱਖ ਮੰਤਰੀ ਨੇ ਕਿਹਾ, ਇਨ੍ਹਾਂ ਖੇਡਾਂ ਰਾਹੀਂ, ਸਾਡਾ ਉਦੇਸ਼ ਆਪਣੇ ਬੱਚਿਆਂ ਅਤੇ ਨੌਜਵਾਨਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲਿਆਂ ਲਈ ਤਿਆਰ ਕਰਨਾ ਹੈ। ਖੇਡ ਵਤਨ ਪੰਜਾਬ ਦੀਆਂ ਇੱਕ ਵਿਲੱਖਣ ਵਿਸ਼ੇਸ਼ਤਾ ਇਹ ਹੈ ਕਿ ਇਹ ਵੱਖ-ਵੱਖ ਪੀੜ੍ਹੀਆਂ ਨੂੰ ਇੱਕਠੇ ਕਰਦੀ ਹੈ। ਪਿਛਲੇ ਐਡੀਸ਼ਨਾਂ ਵਿੱਚ, ਇੱਕੋ ਪਰਿਵਾਰ ਦੀਆਂ ਤਿੰਨ ਪੀੜ੍ਹੀਆਂ, ਜਿਨ੍ਹਾਂ ਵਿੱਚ ਦਾਦਾ, ਪੁੱਤਰ ਅਤੇ ਪੋਤਾ ਸ਼ਾਮਲ ਸਨ, ਨੇ ਖੇਡਾਂ ਵਿੱਚ ਹਿੱਸਾ ਲਿਆ ਸੀ। ਇਸ ਸਾਲ, ਨੌਂ ਉਮਰ ਸਮੂਹਾਂ ਦੇ ਖਿਡਾਰੀ ਹਿੱਸਾ ਲੈਣਗੇ, ਜਿਨ੍ਹਾਂ ਦੀ ਉਮਰ 14 ਸਾਲ ਤੋਂ ਲੈ ਕੇ 70 ਸਾਲ ਤੋਂ ਵੱਧ ਹੈ। ਉਨ੍ਹਾਂ ਕਿਹਾ, ਇਸ ਸਾਲ ਕੁੱਲ 38 ਖੇਡ ਵਿਸ਼ਿਆਂ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਚਾਰ ਪੈਰਾ-ਖੇਡਾਂ, ਜਿਵੇਂ ਕਿ ਅਥਲੈਟਿਕਸ, ਪਾਵਰਲਿਫਟਿੰਗ, ਬੈਡਮਿੰਟਨ ਅਤੇ ਵ੍ਹੀਲਚੇਅਰ ਬਾਸਕਟਬਾਲ ਸ਼ਾਮਲ ਹਨ। ਅਸੀਂ ਇਸ ਸਾਲ ਇੱਕ ਬਹੁਤ ਹੀ ਸਧਾਰਨ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕੀਤੀ ਹੈ ਅਤੇ ਰਜਿਸਟ੍ਰੇਸ਼ਨ ਪੂਰੀ ਤਰ੍ਹਾਂ ਮੁਫਤ ਹੈ। ਪਹਿਲੀ ਵਾਰ, ਖੇਡ ਵਿਭਾਗ ਨੇ QR-ਕੋਡ-ਅਧਾਰਤ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਹੈ, ਜਿਸ ਨਾਲ ਖਿਡਾਰੀ ਕਿਸੇ ਵੀ ਸਮੇਂ ਅਤੇ ਕਿਤੇ ਵੀ ਰਜਿਸਟਰ ਕਰ ਸਕਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਖੇਡ ਵਿਭਾਗ ਦੇ ਪੋਰਟਲ ਰਾਹੀਂ ਵੀ ਰਜਿਸਟ੍ਰੇਸ਼ਨ ਪੂਰੀ ਕੀਤੀ ਜਾ ਸਕਦੀ ਹੈ ਅਤੇ ਇਹ ਪ੍ਰਕਿਰਿਆ ਪਹਿਲਾਂ ਹੀ ਚੱਲ ਰਹੀ ਹੈ। ਮੈਂ ਸਾਰੇ ਖਿਡਾਰੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਆਪ ਨੂੰ ਰਜਿਸਟਰ ਕਰਨ ਅਤੇ ਇਨ੍ਹਾਂ ਖੇਡਾਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ। ਇਹ ਮੁਕਾਬਲੇ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਆਯੋਜਿਤ ਕੀਤੇ ਜਾਣਗੇ, ਜਿਸ ਵਿੱਚ ਪੰਜਾਬ ਦੇ ਸਾਰੇ 153 ਬਲਾਕਾਂ ਅਤੇ ਸਾਰੇ 23 ਜ਼ਿਲ੍ਹੇ ਸ਼ਾਮਲ ਹੋਣਗੇ। ਰਾਜ ਪੱਧਰੀ ਖੇਡਾਂ 16 ਜ਼ਿਲ੍ਹਿਆਂ ਵਿੱਚ ਆਯੋਜਿਤ ਕੀਤੀਆਂ ਜਾਣਗੀਆਂ। ਮੁੱਖ ਮੰਤਰੀ ਨੇ ਕਿਹਾ, ਪਹਿਲੀ ਵਾਰ, ਮੁੰਡਿਆਂ ਅਤੇ ਕੁੜੀਆਂ ਦੋਵਾਂ ਲਈ ਟੈਨਿਸ ਬਾਲ ਕ੍ਰਿਕਟ ਨੂੰ ਇੱਕ ਪ੍ਰਦਰਸ਼ਨੀ ਖੇਡ ਵਜੋਂ ਸ਼ਾਮਲ ਕੀਤਾ ਗਿਆ ਹੈ। ਮਸ਼ਾਲ ਮਾਰਚ, ਜਾਂ ਮਸ਼ਾਲ ਰਿਲੇ, 12 ਅਗਸਤ ਨੂੰ ਸ਼ੁਰੂ ਹੋਇਆ ਸੀ ਅਤੇ 5 ਸਤੰਬਰ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਤੋਂ ਪਹਿਲਾਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚੋਂ ਲੰਘੇਗਾ। ਖੇਡਾਂ 29 ਨਵੰਬਰ ਨੂੰ ਪਟਿਆਲਾ ਵਿੱਚ ਸਮਾਪਤ ਹੋਣਗੀਆਂ। ਰਾਜ ਪੱਧਰ 'ਤੇ ਸੋਨ ਤਗਮਾ ਜੇਤੂਆਂ ਨੂੰ ?10,000, ਚਾਂਦੀ ਤਗਮਾ ਜੇਤੂਆਂ ਨੂੰ ?7,000 ਅਤੇ ਕਾਂਸੀ ਤਗਮਾ ਜੇਤੂਆਂ ਨੂੰ ?5,000 ਮਿਲਣਗੇ। ਉਨ੍ਹਾਂ ਕਿਹਾ, 40 ਸਾਲ ਤੱਕ ਦੀ ਉਮਰ ਦੇ ਮੈਡਲ ਜੇਤੂਆਂ ਨੂੰ ਗ੍ਰੈਜੂਏਸ਼ਨ ਸਰਟੀਫਿਕੇਟ ਵੀ ਮਿਲੇਗਾ, ਜਿਸ ਨਾਲ ਉਹ ਸਰਕਾਰੀ ਨੌਕਰੀਆਂ ਵਿੱਚ ਖੇਡ ਕੋਟੇ ਦਾ ਲਾਭ ਪ੍ਰਾਪਤ ਕਰਨ ਦੇ ਯੋਗ ਬਣ ਜਾਣਗੇ। ਪਹਿਲੇ ਤਿੰਨ ਸੀਜ਼ਨਾਂ ਦੌਰਾਨ, ਖਿਡਾਰੀਆਂ ਵਿੱਚ ?25.51 ਕਰੋੜ ਦੀ ਇਨਾਮੀ ਰਾਸ਼ੀ ਵੰਡੀ ਗਈ ਸੀ, ਜੋ ਇਨ੍ਹਾਂ ਖੇਡਾਂ ਦੀ ਵੱਡੀ ਸਫਲਤਾ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਹਿਲੇ ਸੀਜ਼ਨ ਵਿੱਚ, 3.50 ਲੱਖ ਖਿਡਾਰੀਆਂ ਨੇ ਹਿੱਸਾ ਲਿਆ, 9,688 ਖਿਡਾਰੀਆਂ ਨੇ ਤਗਮੇ ਜਿੱਤੇ ਅਤੇ 6.88 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ। ਦੂਜੇ ਸੀਜ਼ਨ ਵਿੱਚ, 4 ਲੱਖ ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ, 12,500 ਖਿਡਾਰੀਆਂ ਨੇ ਤਗਮੇ ਜਿੱਤੇ ਅਤੇ 8.87 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਗਈ। ਤੀਜੇ ਸੀਜ਼ਨ ਵਿੱਚ, 4.35 ਲੱਖ ਖਿਡਾਰੀਆਂ ਨੇ ਹਿੱਸਾ ਲਿਆ, 14,500 ਖਿਡਾਰੀਆਂ ਨੇ ਤਗਮੇ ਜਿੱਤੇ ਅਤੇ 9.76 ਕਰੋੜ ਰੁਪਏ ਵੰਡੇ ਗਏ। ਹੜ੍ਹਾਂ ਕਾਰਨ 2025 ਵਿੱਚ ਖੇਡਾਂ ਦਾ ਆਯੋਜਨ ਨਹੀਂ ਹੋ ਸਕਿਆ।

ਮੁੱਖ ਮੰਤਰੀ ਨੇ ਕਿਹਾ, ਖੇਡਾਂ ਹਮੇਸ਼ਾ ਪੰਜਾਬ ਦੇ ਮਾਣਮੱਤੇ ਸੱਭਿਆਚਾਰਕ ਵਿਰਸੇ ਅਤੇ ਵਿਰਾਸਤ ਦਾ ਅਨਿੱਖੜਵਾਂ ਅੰਗ ਰਹੀਆਂ ਹਨ। ਸਾਡੇ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਿਜਾਣ ਲਈ, 2023 ਵਿੱਚ ਨਵੀਂ ਖੇਡ ਨੀਤੀ ਪੇਸ਼ ਕੀਤੀ ਗਈ ਸੀ। ਇਸਨੇ ਖੇਡਾਂ ਲਈ ਬਜਟ ਅਲਾਟਮੈਂਟ ਵਿੱਚ ਵਾਧਾ ਕੀਤਾ ਅਤੇ ਖਿਡਾਰੀਆਂ ਨੂੰ ਨਕਦ ਇਨਾਮ ਦੇ ਨਾਲ-ਨਾਲ ਸਿਖਲਾਈ ਅਤੇ ਤਿਆਰੀ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ।

## ਮੇਰਾ ਯੁਵਾ ਭਾਰਤ ਰਜਿਸਟ੍ਰੇਸ਼ਨ ਮੁਹਿੰਮ ਨੂੰ ਸਫਲ ਬਣਾਉਣ ਲਈ ਸਮੂਹ ਵਿਭਾਗ ਮਿਲ ਕੇ ਕੰਮ ਕਰਨ: ਮਿਸ ਅਨੁਪ੍ਰਿਤਾ ਜੌਹਲ



**ਪਟਿਆਲਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਪਟਿਆਲਾ ਮਿਸ ਅਨੁਪ੍ਰਿਤਾ ਜੌਹਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੇਰਾ ਯੁਵਾ ਭਾਰਤ ਪਟਿਆਲਾ ਦੀ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ 15 ਤੋਂ 29 ਸਾਲ ਦੇ ਵੱਧ ਤੋਂ ਵੱਧ ਨੌਜਵਾਨਾਂ ਨੂੰ 'ਮੇਰਾ ਯੁਵਾ ਭਾਰਤ' ਪੋਰਟਲ ਨਾਲ ਜੋੜਿਆ ਜਾਵੇ। ਉਨ੍ਹਾਂ ਕਿਹਾ ਕਿ 1 ਜੁਲਾਈ ਤੋਂ ਚੱਲ ਰਹੀ ਰਜਿਸਟ੍ਰੇਸ਼ਨ ਮੁਹਿੰਮ ਨੂੰ ਸਫਲ ਬਣਾਉਣ ਲਈ ਸਾਰੇ ਵਿਭਾਗ ਆਪਣੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਦੱਸਿਆ ਕਿ ਹਰ ਸਕੂਲ, ਕਾਲਜ ਅਤੇ ਉੱਚ ਵਿੱਦਿਅਕ ਸੰਸਥਾ ਵਿੱਚ ਨੋਡਲ ਅਫਸਰ ਅਤੇ ਕੈਂਪਸ ਯੂਥ ਅੰਬੈਸਡਰ ਨਿਯੁਕਤ ਕੀਤੇ ਜਾਣਗੇ ਅਤੇ ਵਧੀਆ ਕਾਰਗੁਜ਼ਾਰੀ ਕਰਨ ਵਾਲੀਆਂ ਸੰਸਥਾਵਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਸਕੂਲਾਂ, ਕਾਲਜਾਂ ਅਤੇ ਯੂਥ ਕਲੱਬਾਂ ਰਾਹੀਂ ਵਿਸ਼ੇਸ਼ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ। ਮੀਟਿੰਗ ਵਿੱਚ ਜ਼ਿਲ੍ਹਾ ਯੂਥ ਅਫਸਰ ਵੀਰਦੀਪ ਕੌਰ ਨੇ ਵਿਭਾਗ ਦੇ ਵੱਖ-ਵੱਖ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਸੀਨੀਅਰ ਮੈਡੀਕਲ ਅਫਸਰ ਡਾ. ਇੰਦਰਪ੍ਰੀਤ ਰੰਧਾਵਾ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਸ. ਮਲਕੀਤ ਸਿੰਘ ਮਾਨ, ਐਨ.ਐਸ.ਐਸ. ਕੋਆਰਡੀਨੇਟਰ ਸ. ਅਨਹਦ ਸਿੰਘ ਗਿੱਲ, ਐਨ.ਐਸ.ਐਸ. ਪ੍ਰੋਗਰਾਮ ਅਫਸਰ ਸ. ਲਵਕੇਸ਼ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।





## ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਵਿਦਿਆਰਥੀਆਂ ਦੇ ਸ਼ਾਂਤਮਈ ਸੰਘਰਸ਼ 'ਤੇ ਪੁਲਿਸ ਕਾਰਵਾਈ ਦੀ ਜਮਹੂਰੀ ਅਧਿਕਾਰ ਸਭਾ ਵੱਲੋਂ ਸਖ਼ਤ ਨਿਖੇਧੀ !

**ਪਟਿਆਲਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਫੀਸਾਂ ਵਿੱਚ ਵਾਧੇ ਅਤੇ ਵਿਦਿਆਰਥੀਆਂ ਨਾਲ ਜੁੜੀਆਂ ਹੋਰ ਸਮੱਸਿਆਵਾਂ ਦੇ ਹੱਲ ਲਈ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸ਼ਾਂਤਮਈ ਸੰਘਰਸ਼ ਦੌਰਾਨ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਦੀ ਅਸੀਂ ਸਖ਼ਤ ਨਿਖੇਧੀ ਕਰਦੇ ਹਾਂ। ਜਮਹੂਰੀ ਅਧਿਕਾਰ ਸਭਾ ਪਟਿਆਲਾ ਇਕਾਈ ਦੇ ਮੀਤ ਪ੍ਰਧਾਨ ਪ੍ਰੋਫੈਸਰ ਬਾਵਾ ਸਿੰਘ ਅਤੇ ਸਭਾ ਦੇ ਸਕੱਤਰ ਸੁੱਚਾ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਲਈ ਆਵਾਜ਼ ਉਠਾਉਣਾ ਉਨ੍ਹਾਂ ਦਾ ਲੋਕਤੰਤਰੀ ਅਤੇ ਸੰਵਿਧਾਨਕ ਹੱਕ ਹੈ। ਫੀਸਾਂ ਵਿੱਚ ਲਗਾਤਾਰ ਵਾਧਾ, ਸਿੱਖਿਆ ਦਾ ਵਧਦਾ ਵਪਾਰੀਕਰਨ ਅਤੇ ਯੂਨੀਵਰਸਿਟੀ ਵਿੱਚ ਦਰਪੇਸ਼ ਵਿਦਿਆਰਥੀ ਸਮੱਸਿਆਵਾਂ ਨੂੰ ਪੁਲਿਸ ਤਾਕਤ ਨਾਲ ਦਬਾਉਣ ਦੀ ਬਜਾਏ ਸੰਵਾਦ ਅਤੇ ਲੋਕਤੰਤਰੀ ਢੰਗ ਨਾਲ ਹੱਲ ਕੀਤਾ ਜਾਣਾ ਚਾਹੀਦਾ ਹੈ।

ਪੰਜਾਬੀ ਯੂਨੀਵਰਸਿਟੀ ਸਿਰਫ਼ ਇੱਕ ਸਿੱਖਿਆ ਸੰਸਥਾ ਨਹੀਂ, ਸਗੋਂ ਮਾਲਵਾ ਖੇਤਰ ਦੀਆਂ ਆਸਾਂ, ਸੁਪਨਿਆਂ ਅਤੇ ਲੋਕ-ਚੇਤਨਾ ਨਾਲ ਜੁੜੀ ਇੱਕ ਮਹੱਤਵਪੂਰਨ ਸੰਸਥਾ ਹੈ। ਮਾਲਵਾ ਖੇਤਰ ਪਹਿਲਾਂ ਹੀ ਬੇਰੁਜ਼ਗਾਰੀ, ਨਸ਼ਿਆਂ, ਮਜ਼ਦੂਰਾਂ ਅਤੇ ਕਿਸਾਨੀ ਸੰਕਟ, ਆਰਥਿਕ ਮੁਸ਼ਕਲਾਂ ਅਤੇ ਹੋਰ ਸਮਾਜਿਕ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਅਜਿਹੇ ਸਮੇਂ ਵਿੱਚ ਉੱਚ ਸਿੱਖਿਆ ਨੂੰ ਵਿਦਿਆਰਥੀਆਂ ਦੀ ਪਹੁੰਚ ਤੋਂ ਦੂਰ ਕਰਨਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ ਸਮਾਜ ਦੇ ਭਵਿੱਖ ਲਈ ਚਿੰਤਾਜਨਕ ਹੈ। ਸਭਾ ਦੇ ਮੈਂਬਰਾਂ ਭਗਵੰਤ ਸਿੰਘ ਕੰਗਣਵਾਲ, ਡਾ. ਇਕਬਾਲ ਸਿੰਘ ਸੋਮੀਆਂ, ਬਲਵਿੰਦਰ ਸਿੰਘ ਚਹਿਲ, ਕੁਲਵੰਤ ਸਿੰਘ, , ਬਚਿੱਤਰ ਸਿੰਘ, ਬਲਰਾਜ ਜੋਸ਼ੀ , ਦਵਿੰਦਰ ਸਿੰਘ ਪੂਨੀਆ, ਸੁਰਿੰਦਰਪਾਲ ਗੋਇਲ ਅਤੇ ਐਡਵੋਕੇਟ ਰਾਜੀਵ ਲੋਹਟਬੱਦੀ ਆਦਿ ਵਿਦਿਆਰਥੀਆਂ ਦੇ ਸੰਘਰਸ਼ ਦੀ ਹਮਾਇਤ ਕਰਨ ਲਈ ਜਨਤਕ ਅਤੇ ਜਮਹੂਰੀ ਜਥੇਬੰਦੀਆਂ ਨੂੰ ਅੱਗੇ ਆਉਣ ਦੀ ਅਪੀਲ ਕੀਤੀ !

## ਰੱਖੜੀ 'ਤੇ ਜਾਰੀ ਹੋਵੇਗਾ 3 ਮਹੀਨਿਆਂ ਦਾ ਭੱਤਾ, 9 ਲੱਖ ਤੋਂ ਵੱਧ ਔਰਤਾਂ ਨੂੰ ਮਿਲੇਗਾ ਲਾਭ

**ਚੰਡੀਗੜ੍ਹ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਤੀਜੇ ਪੜਾਅ ਦਾ ਆਗਾਜ਼ ਰੱਖੜੀ ਦੇ ਤਿਉਹਾਰ ਮੌਕੇ ਕਰਨਗੇ। ਪੰਜਾਬ ਸਰਕਾਰ ਵੱਲੋਂ ਰੱਖੜੀ ਦੇ ਤਿਉਹਾਰ 'ਤੇ ਸੂਬਾਈ ਸਮਾਗਮ ਕੀਤਾ ਜਾਵੇਗਾ ਜਿਸ 'ਚ ਤਿੰਨ ਮਹੀਨੇ ਦਾ ਸਤਿਕਾਰ ਭੱਤਾ ਉਨ੍ਹਾਂ ਔਰਤਾਂ ਨੂੰ ਜਾਰੀ ਕੀਤਾ ਜਾਵੇਗਾ ਜਿਨ੍ਹਾਂ ਦੇ ਖਾਤਿਆਂ 'ਚ ਹਾਲੇ ਤੱਕ ਰਕਮ ਨਹੀਂ ਪੁੱਜੀ। ਪਹਿਲੀ ਜੁਲਾਈ ਤੋਂ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਮਾਣ ਭੱਤਾ ਦੇਣਾ ਸ਼ੁਰੂ ਕੀਤਾ ਗਿਆ ਹੈ। ਹੁਣ ਤੱਕ ਇਸ ਯੋਜਨਾ ਦਾ ਲਾਭ ਲੈਣ ਲਈ 75.50 ਲੱਖ ਔਰਤਾਂ ਰਜਿਸਟਰਡ ਹੋਈਆਂ ਹਨ ਜਿਨ੍ਹਾਂ 'ਚੋਂ 51.62 ਲੱਖ ਜਨਰਲ ਵਰਗ ਅਤੇ 23.88 ਲੱਖ ਔਰਤਾਂ ਦਲਿਤ ਵਰਗ ਦੀਆਂ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਪਹਿਲੀ ਜੁਲਾਈ ਤੋਂ ਸਮਾਗਮ ਕਰ ਕੇ ਇਹ ਸਤਿਕਾਰ ਭੱਤਾ ਦੇਣਾ ਸ਼ੁਰੂ ਕੀਤਾ ਅਤੇ ਹੁਣ ਤੱਕ 65.62 ਲੱਖ ਔਰਤਾਂ ਦੇ ਖਾਤਿਆਂ 'ਚ ਪੈਸੇ ਟਰਾਂਸਫਰ ਹੋ ਚੁੱਕੇ ਹਨ ਜਦੋਂ ਕਿ 9.88 ਲੱਖ ਔਰਤਾਂ ਨੂੰ ਇਹ ਰਾਸ਼ੀ ਮਿਲਣੀ ਬਾਕੀ ਹੈ ਜਿਨ੍ਹਾਂ ਨੂੰ ਰੱਖੜੀ ਦੇ ਤਿਉਹਾਰ ਮੌਕੇ ਰਾਸ਼ੀ ਟਰਾਂਸਫਰ ਕੀਤੀ ਜਾਵੇਗੀ। ਮੁੱਢਲੇ ਪੜਾਅ 'ਤੇ ਔਰਤਾਂ ਨੂੰ ਤਿੰਨ ਮਹੀਨੇ (ਜੁਲਾਈ ਤੋਂ ਸਤੰਬਰ ਤੱਕ) ਦਾ ਸਤਿਕਾਰ ਭੱਤਾ ਇਕੱਠਾ ਦਿੱਤਾ ਜਾ ਰਿਹਾ ਹੈ।

## ਸਕੂਲਾਂ ਵਿਚ ਬੱਚਿਆਂ ਨੂੰ ਵੰਦੇ ਮਾਤਰਮ ਗੀਤ ਗਾਉਣ ਲਈ ਮਜ਼ਬੂਰ ਕਰਨਾ ਧਰਮ ਨਿਰਪੱਖ ਰਾਜ ਦੀ ਉਲੰਘਣਾ: ਇਮਾਨ ਸਿੰਘ ਮਾਨ

**ਸੰਗਰੂਰ 19 ਅਗਸਤ (ਬਲਜੀਤ ਸਰਨਾ):** ਰਾਸ਼ਟਰੀ ਗੀਤ ਵੰਦੇ ਮਾਤਰਮ ਨੂੰ ਸਕੂਲਾਂ ਵਿਚ ਗਾਉਣ ਲਈ ਮਜ਼ਬੂਰ ਕਰਨ ਤੇ ਟਿੱਪਣੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੀ ਸੰਸਦ ਵਲੋਂ ਰਾਸ਼ਟਰੀ ਗੀਤ 'ਵੰਦੇ ਮਾਤਰਮ' ਸੰਬੰਧੀ ਬਣਾਏ ਕਾਨੂੰਨ ਨੂੰ ਸਿੱਖਾਂ ਅਤੇ ਦੂਜੇ ਧਰਮਾਂ ਤੇ ਥੋਪਣਾ ਬਿਲਕੁਲ ਗਲਤ ਹੈ। ਉਨ੍ਹਾਂ ਕਿਹਾ ਕਿ ਵੰਦੇ ਮਾਤਰਮ ਗੀਤ



ਗਾਉਣ ਲਈ ਮਜ਼ਬੂਰ ਕਰਨਾ ਸਿੱਖ ਤੇ ਹੋਰ ਧਰਮ ਨਿਰਪੱਖ ਰਾਜ ਦੀ ਉਲੰਘਣਾ ਹੈ।

ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਹਰ ਇਕ ਦੀ ਧਾਰਮਿਕ ਆਜ਼ਾਦੀ ਦਾ ਖ਼ਿਆਲ ਰੱਖਿਆ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਨੇ ਕੌਮੀ ਇਨਸਾਫ਼ ਮੋਰਚੇ ਵਲੋਂ 21 ਅਗਸਤ ਨੂੰ ਪੰਜਾਬ ਬੰਦ ਦੇ ਸੱਦੇ ਦੀ ਹਮਾਇਤ ਕਰਨ ਦਾ ਐਲਾਨ ਵੀ ਕੀਤਾ।




# ਡੀਜੀਪੀ ਪੰਜਾਬ ਨੇ ਸਾਂਝ ਪਲੇਟਫਾਰਮ ’ਤੇ ਰੱਖਿਆ ਮੰਤਰਾਲੇ ਦੀ ਵੈਰੀਫਿਕੇਸ਼ਨ ਲਈ ਆਨਲਾਈਨ ਡਿਜੀਟਲ ਪੋਰਟਲ ਵੀ ਕੀਤਾ ਲਾਂਚ

**ਜਲੰਧਰ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇੱਕ ਸਮਾਵੇਸ਼ੀ, ਪੀੜਤ-ਕੇਂਦਰਿਤ ਅਤੇ ਲਿੰਗ-ਸੰਵੇਦਨਸ਼ੀਲ ਪੁਲਿਸ ਪ੍ਰਣਾਲੀ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇਥੇ ਫ਼ਿਲੌਰ ਸਥਿਤ 134 ਸਾਲ ਪੁਰਾਣੀ ਇਤਿਹਾਸਕ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ (ਐੱਮ.ਆਰ.ਐੱਸ.ਪੀ.ਪੀ.ਏ.) ਵਿਖੇ ਲਿੰਗ ਸੰਵੇਦਨਸ਼ੀਲਤਾ ਪ੍ਰੋਜੈਕਟ, ÷ਮੇਨਸਟਰੀਮਿੰਗ ਆਫ਼ ਵੁਮੈਨ ਇਨ ਪੰਜਾਬ ਪੁਲਿਸ÷ ਅਧੀਨ ਤੀਜੇ ਗੇੜ ਦੇ ਤਿੰਨ ਦਿਨਾ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕੀਤਾ।

ਇਹ ਪਹਿਲਕਦਮੀ ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ (ਸੀ.ਏ.ਡੀ.) ਵੱਲੋਂ ਜੇ-ਪਾਲ ਸਾਊਥ ਏਸ਼ੀਆ ਅਤੇ ਹਰਟੇਕ ਫਾਊਂਡੇਸ਼ਨ ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ ਇੱਕ ਵਿਆਪਕ ਇੰਪੈਕਟ ਅਸੈਸਮੈਂਟ ਟ੍ਰੇਨਿੰਗ ਪ੍ਰੋਗਰਾਮ ਹੈ। ਦਸੰਬਰ 2025 ਤੋਂ ਚਲਾਈ ਜਾ ਰਹੀ ਲਿੰਗ ਸੰਵੇਦਨਸ਼ੀਲ ਸਿਖਲਾਈ ਦਾ ਇਹ ਤੀਜਾ ਅਤੇ ਆਖ਼ਰੀ ਗੇੜ ਹੈ। ਇਸ ਗੇੜ ਦੀ ਸਿਖਲਾਈ ਵਿੱਚ ਵਿਸ਼ੇਸ਼ ਗਰੁੱਪਾਂ ਅਧੀਨ ਕੁੱਲ 1,453 ਨਾਮਜ਼ਦ ਪੁਲਿਸ ਕਰਮੀਆਂ ਨੂੰ ਸ਼ਾਮਲ ਕੀਤਾ ਜਾਵੇਗਾ, ਜਿਸ ਵਿੱਚ ਪਹਿਲੇ ਦਿਨ ਮਿਕਸਡ ਗਰੁੱਪ (ਟੀ3), ਦੂਜੇ ਦਿਨ ਸਿਰਫ਼ ਪੁਰਸ਼ਾਂ ਦਾ ਗਰੁੱਪ (ਟੀ2) ਅਤੇ ਤੀਜੇ ਦਿਨ ਸਿਰਫ਼ ਮਹਿਲਾਵਾਂ ਦਾ ਗਰੁੱਪ (ਟੀ1) ਸ਼ਾਮਲ ਹੋਵੇਗਾ।

ਡੀਜੀਪੀ ਨੇ ਕਿਹਾ,



÷ਸੂਬਾ ਪੱਧਰੀ ਥ੍ਰੀ ਟ੍ਰੇਨਿੰਗ ਰਾਊਂਡਜ਼ ਰਾਹੀਂ 384 ਪੁਲਿਸ ਥਾਣਿਆਂ ਦੇ 1,500-2,000 ਪੁਲਿਸ ਕਰਮਚਾਰੀਆਂ ਨੂੰ ਲਿੰਗ-ਸੰਵੇਦਨਸ਼ੀਲ, ਹੱਕ-ਅਧਾਰਤ ਅਤੇ ਪੀੜਤ-ਕੇਂਦਰਿਤ ਪੁਲਿਸਿੰਗ ਲਈ ਲੋੜੀਂਦੇ ਹੁਨਰ ਅਤੇ ਸੂਝ-ਬੂਝ ਨਾਲ ਲੈਸ ਕੀਤਾ ਜਾ ਰਿਹਾ ਹੈ, ਜਿਸ ਵਿੱਚ ਔਰਤਾਂ, ਬੱਚਿਆਂ ਅਤੇ ਹੋਰ ਕਮਜ਼ੋਰ ਵਰਗਾਂ ’ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ।

ਇਸ ਮੌਕੇ ਡੀਜੀਪੀ ਗੌਰਵ ਯਾਦਵ ਨੇ ਪੰਜਾਬ ਪੁਲਿਸ ਦੇ ’ਸਾਂਝ’ ਪਲੇਟਫਾਰਮ ’ਤੇ ਰੱਖਿਆ ਮੰਤਰਾਲੇ ਦੀ ਵੈਰੀਫਿਕੇਸ਼ਨ ਲਈ ਆਨਲਾਈਨ ਡਿਜੀਟਲ ਪੋਰਟਲ ਵੀ ਲਾਂਚ ਕੀਤਾ। ਇਹ ਡਿਜੀਟਲ ਪਹਿਲ ਇੱਕ ਵੱਡਾ ਮੀਲ ਪੱਥਰ ਹੈ, ਜੋ ਨਵੇਂ ਭਰਤੀ ਹੋਏ ਰੱਖਿਆ ਕਰਮਚਾਰੀਆਂ ਦੀ ਵੈਰੀਫਿਕੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ ਮਹੀਨਿਆਂ ਦੇ ਸਮੇਂ ਨੂੰ ਘਟਾ ਕੇ ਕੁਝ ਦਿਨਾਂ ਵਿੱਚ ਤਬਦੀਲ ਕਰਨ ਲਈ ਦੇ ਉਦੇਸ਼ ਨਾਲ ਕੀਤੀ ਗਈ ਹੈ।

ਉਦਘਾਟਨੀ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਨਾਗਰਿਕ-ਕੇਂਦਰਿਤ ਪੁਲਿਸਿੰਗ ਦੀ ਲੋੜ ’ਤੇ ਜ਼ੋਰ ਦਿੱਤਾ ਅਤੇ ਅਧਿਕਾਰੀਆਂ ਨੂੰ ਥਾਣਿਆਂ ਵਿੱਚ ਪਹੁੰਚਣ ਵਾਲੇ ਸਾਰੇ ਸ਼ਿਕਾਇਤਕਰਤਾਵਾਂ ਨਾਲ ਆਪਣੀ ਰੋਜ਼ਾਨਾ ਗੱਲਬਾਤ ਵਿੱਚ ਹਮਦਰਦੀ ਅਤੇ ਸੰਵੇਦਨਸ਼ੀਲਤਾ ਲਿਆਉਣ ਲਈ ਪ੍ਰੇਰਿਤ ਕੀਤਾ।

ਪੰਜਾਬ ਸਰਕਾਰ ਵੱਲੋਂ ਪੁਲਿਸ ਵਿਭਾਗ ਸਮੇਤ ਹੋਰ ਸਰਕਾਰੀ ਸੇਵਾਵਾਂ ਵਿੱਚ ਔਰਤਾਂ ਲਈ 33 ਫੀਸਦੀ ਰਾਖਵਾਂਕਰਨ ਲਾਗੂ ਕੀਤੇ ਜਾਣ ਦਾ ਜ਼ਿਕਰ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੁਲਿਸ ਤੰਤਰ ਹੋਰ ਵੀ ਸਰਗਰਮ, ਸੁਚਾਰੂ ਤੇ ਬਿਹਤਰ ਹੋਣਾ ਚਾਹੀਦਾ ਹੈ ਅਤੇ ਔਰਤਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਦੀ ਲੋੜ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਹਿਲਾ ਅਧਿਕਾਰੀਆਂ ਨੂੰ ਰੁਟੀਨ ਡੈਸਕ ਡਿਊਟੀਆਂ ਤੱਕ ਸੀਮਤ ਨਹੀਂ ਰੱਖਿਆ ਜਾਣਾ ਚਾਹੀਦਾ ਸਗੋਂ ਜਾਂਚ, ਖੁਫੀਆ ਜਾਣਕਾਰੀ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਨਾਲ ਸਬੰਧੀ ਜ਼ਿੰਮੇਵਾਰੀਆਂ ਵੀ ਸੌਂਪੀਆਂ ਜਾਣੀਆਂ ਚਾਹੀਦੀਆਂ ਹਨ।

ਸਪੈਸ਼ਲ ਡੀਜੀਪੀ ਕਮਿਊਨਿਟੀ ਅਫੇਅਰਜ਼ ਡਿਵੀਜ਼ਨ (ਸੀਏਡੀ) ਗੁਰਪ੍ਰੀਤ ਕੌਰ ਦਿਓ ਨੇ ਦੱਸਿਆ ਕਿ ਇਹ ਪ੍ਰੋਗਰਾਮ ਇੱਕ ਵਿਆਪਕ ਟ੍ਰੇਨਿੰਗ ਆਫ਼ ਟਰੇਨਰਜ਼ (ਟੀਓਟੀ) ਮਾਡਲ ਦੀ ਮੁਤਾਬਿਕ ਕੰਮ ਕਰਦਾ ਹੈ, ਜਿਸ ਤਹਿਤ ਵੱਖ-ਵੱਖ ਜ਼ਿਲ੍ਹਿਆਂ ਦੇ 60 ਪੁਲਿਸ ਅਧਿਕਾਰੀਆਂ ਨੂੰ ਮਾਸਟਰ ਟ੍ਰੇਨਰ ਵਜੋਂ ਤਿਆਰ ਕੀਤਾ ਗਿਆ ਹੈ ਤਾਂ ਜੋ ਪੁਲਿਸ ਸਟੇਸ਼ਨ ਪੱਧਰ ’ਤੇ ਕਰਮਚਾਰੀਆਂ ਨੂੰ ਮਿਆਰੀ ਮਾਡਿਊਲ ਸੌਂਪ ਕੇ ਪ੍ਰਭਾਵਸ਼ਾਲੀ ਅਤੇ ਬਿਹਤਰ ਤਾਲਮੇਲ ਯਕੀਨੀ ਬਣਾਈ ਜਾ ਸਕੇ।

ਇਸ ਤੋਂ ਪਹਿਲਾਂ ਡੀਜੀਪੀ ਗੌਰਵ ਯਾਦਵ ਨੇ ਸਪੈਸ਼ਲ ਡੀਜੀਪੀ ਗੁਰਪ੍ਰੀਤ ਕੌਰ ਦਿਓ ਦੇ ਨਾਲ ਉੱਘੇ ਸਾਬਕਾ ਪੁਲਿਸ ਅਧਿਕਾਰੀਆਂ ਅਤੇ ਮੁੱਖ ਟਰੇਨਰਾਂ, ਜਿਨ੍ਹਾਂ ਵਿੱਚ ਮਹਾਰਾਸ਼ਟਰ ਕੇਡਰ ਦੇ ਸਾਬਕਾ ਡੀਜੀਪੀ ਮੀਰਨ ਚੱਢਾ ਬੋਰਵਾਂਕਰ ਅਤੇ ਪੰਜਾਬ ਕੇਡਰ ਦੇ ਸਾਬਕਾ ਡੀਜੀਪੀ ਆਰ. ਸੀ. ਸਿੰਘ ਸ਼ਾਮਲ ਸਨ, ਦਾ ਸਵਾਗਤ ਕੀਤਾ।

ਆਰ.ਸੀ. ਸਿੰਘ ਨੇ ਜੈਂਡਰ-ਰਿਸਪਾਂਸਿਵ ਪੁਲਿਸਿੰਗ: ਦ੍ਰਿਸ਼ਟੀਕੋਣ ਤੋਂ ਅਭਿਆਸ ਤੱਕ ਵਿਸ਼ੇ ‘ਤੇ ਅਹਿਮ ਸੈਸ਼ਨ ਦਾ ਸੰਚਾਲਨ ਕੀਤਾ। ਜਦੋਂ ਕਿ ਮੀਰਨ ਸੀ. ਬੋਰਵਾਂਕਰ ਨੇ ਪੁਲਿਸਿੰਗ ਵਿੱਚ ਔਰਤਾਂ – ਲੀਡਰਸ਼ਿਪ ਅਤੇ ਸ਼ਮੂਲੀਅਤ ਵਿਸ਼ੇ ‘ਤੇ ਸੈਸ਼ਨਾਂ ਦੀ ਅਗਵਾਈ ਕੀਤੀ।

ਇਸ ਦੌਰਾਨ ਰੱਖਿਆ ਮੰਤਰਾਲੇ ਦੇ ਮਨੁੱਖੀ ਸਰੋਤ ਨਿਰਦੇਸ਼ਕ ਆਰੋਨ ਪਾਮੀ ਨੇ ਪੰਜਾਬ ਪੁਲਿਸ ਦੇ ਸਰਗਰਮ ਸ਼ਾਸਨ ਦੀ ਸ਼ਲਾਘਾ ਕੀਤੀ ਅਤੇ ਸਾਂਝ ਪੋਰਟਲ ‘ਤੇ ਆਨਲਾਈਨ ਡਿਜੀਟਲ ਵੈਰੀਫਿਕੇਸ਼ਨ ਮਾਡਿਊਲ ਵਿਕਸਤ ਕਰਨ ਲਈ ਡੀਜੀਪੀ ਅਤੇ ਆਈਟੀ ਟੀਮ ਦਾ ਧੰਨਵਾਦ ਕੀਤਾ। ਉਦਘਾਟਨੀ ਸਮਾਗਮ ਦੌਰਾਨ ਜੀ.ਜੀ.ਡੀ.ਐਸ.ਡੀ. ਕਾਲਜ, ਚੰਡੀਗੜ੍ਹ ਦੇ ਲੋਕ ਸੰਚਾਰ ਵਿਭਾਗ ਵੱਲੋਂ ਘਰੇਲੂ ਹਿੰਸਾ ‘ਤੇ ਅਧਾਰਿਤ ਇੱਕ ਦਸਤਾਵੇਜ਼ੀ ਫਿਲਮ ਵੀ ਦਿਖਾਈ ਗਈ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਡੀ ਸੀ ਦਫ਼ਤਰ ਅੱਗੇ ਵਿੱਤ ਮੰਤਰੀ ਦੀ ਅਰਥੀ ਫੂਕੀ ਗਈ



**ਅੰਮ੍ਰਿਤਸਰ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੂਬੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵਲੋਂ ਐਲਾਨੇ ਗਏ ਸੰਘਰਸ਼ ਦੇ ਤਹਿਤ ਸਾਂਝੀ ਤਾਲਮੇਲ ਕਮੇਟੀ ਜ਼ਿਲ੍ਹਾ ਅੰਮ੍ਰਿਤਸਰ ਵਲੋਂ ਗੁਰਦੀਪ ਸਿੰਘ ਬਾਜਵਾ, ਜਗਦੀਸ਼ ਠਾਕੁਰ, ਅਸ਼ਵਨੀ ਅਵਸਥੀ , ਹਰਜਿੰਦਰਪਾਲ ਸਿੰਘ ਪੰਨੂ, ਅਜੈ ਸਨੋਤਰਾ , ਜੋਗਿੰਦਰ ਸਿੰਘ, ਬੋਬਿੰਦਰ ਸਿੰਘ , ਮਨਜਿੰਦਰ ਸਿੰਘ ਸੰਧੂ , ਅਮਨ ਸ਼ਰਮਾ ਡਾ ਸੰਤ ਸੇਵਕ ਸਰਕਾਰੀਆ ਅਤੇ ਮਦਨ ਲਾਲ ਮੰਨਣ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਫ਼ਤਰ ਸਾਹਮਣੇ ਵਿੱਤ ਮੰਤਰੀ ਪੰਜਾਬ ਦੀ ਅਰਥੀ ਫੂਕੀ ਗਈ । ਇਸ ਮੌਕੇ ਸੰਬੋਧਨ ਕਰਦਿਆਂ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾ ਕਨਵੀਨਰ ਜਰਮਨਜੀਤ ਸਿੰਘ ਛੱਜਲਵੱਡੀ , ਸੁਖਦੇਵ ਰਾਜ ਕਾਲੀਆ, ਪ੍ਰਸ਼ਾਂਤ ਸ਼ਰਮਾ, ਰਮੇਸ਼ ਕੁਮਾਰ , ਗੁਰਿੰਦਰ ਸਿੰਘ ਘੁੱਕੇਵਾਲੀ , ਸੁੱਚਾ ਸਿੰਘ ਟਰਪਈ , ਰਜੇਸ਼ ਪ੍ਰਾਸਰ , ਬਲਰਾਜ ਸਿੰਘ ਭੰਗੂ, ਕਰਮਜੀਤ ਕੇਪੀ , ਓਂਕਾਰ ਸਿੰਘ, ਜਤਿੰਦਰ ਲਖਣਪਾਲ , ਚਰਨ ਸਿੰਘ ਸੰਧੂ, ਲਖਵਿੰਦਰ ਸਿੰਘ ਗਿੱਲ, ਮਨਜਿੰਦਰ ਸਿੰਘ, ਨਰਿੰਦਰ ਪਾਲ ਸ਼ਰਮਾਂ , ਬਿਕਰਮਜੀਤ ਸਿੰਘ , ਬਲਦੇਵ ਸਿੰਘ ਸੰਧੂ, ਕਰਤਾਰ ਸਿੰਘ ਐੱਮ ਏ , ਨੇ ਕਿਹਾ ਕਿ 7 ਅਗਸਤ ਦੀ ਚੰਡੀਗੜ੍ਹ ਰੈਲੀ ਵਿੱਚ ਐਲਾਨੇ ਗਏ ਸੰਘਰਸ਼ ਦੇ ਤਹਿਤ 27 ਅਗਸਤ ਨੂੰ ਪੰਜਾਬ ਭਰ ਦੇ ਸਾਰੇ ਹੀ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਸਮੂਹਿਕ ਛੁੱਟੀ ਲੈ ਕੇ ਕੰਮ ਬੰਦ ਕਰਨ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਅਤੇ ਪੰਜਾਬ ਦੇ ਵਿੱਤ ਮੰਤਰੀ ਵਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਸੰਘਰਸ਼ੀਆਂ ਨੂੰ ਐਂਟੀ ਸਟੇਟ ਕਹਿਣ ਤੇ ਪੰਜਾਬ ਭਰ ਵਿੱਚ ਵਿੱਤ ਮੰਤਰੀ ਦੇ ਪੁਤਲੇ ਫੂਕੇ ਗਏ ਹਨ ਅਤੇ 27 ਅਗਸਤ ਦੇ ਸੰਘਰਸ਼ ਦੀ ਤਿਆਂਰੀ ਕੀਤੀ ਜਾ ਰਹੀ ਹੈ।

ਉਹਨਾਂ ਕਿਹਾ ਕਿ ਜੇਕਰ 27 ਅਗਸਤ ਨੂੰ ਮੁੱਖ ਮੰਤਰੀ ਵਲੋਂ ਮੀਟਿੰਗ ਨੂੰ ਰੱਦ ਕੀਤਾ ਗਿਆ ਜਾਂ ਮੀਟਿੰਗ ਵਿੱਚ ਮੰਗਾਂ ਨੂੰ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਭੁੱਲਾ ਕੇ ਮੁਲਾਜ਼ਮ-ਪੈਨਸ਼ਨਰ ਵਿਰੋਧੀ ਨੀਤੀਆਂ ਪਹਿਲੀਆਂ ਸਰਕਾਰਾਂ ਨਾਲੋਂ ਵੀ ਤੇਜ਼ੀ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ, ਸਰਕਾਰ ਵਲੋਂ ਕਰਜ਼ਾ ਚੁੱਕ ਕੇ ਰੋਜ਼ਗਾਰ ਦੇਣ ਦੀ ਥਾਂ ਸਿਰਫ ਸੱਤਾ ਹਾਂਸਲ ਕਰਨ ਲਈ ਪੰਜਾਬ ਦੇ ਲੋਕਾਂ ਨੂੰ ਮੁਫਤਖੋਰੇ ਬਣਾਇਆ ਜਾ ਰਿਹਾ ਹੈ।ਮਾਨਯੋਗ ਉੱਚ ਅਦਾਲਤ ਵਲੋਂ ਜਾਰੀ ਕੀਤੇ ਮਹਿੰਗਾਈ ਭੱਤੇ ਸਬੰਧੀ ਹੁਕਮਾਂ ਨੂੰ ਵੀ ਟਿੱਚ ਸਮਝਿਆ ਜਾ ਰਿਹਾ ਹੈ । ਆਗੂਆਂ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੁਲਾਜ਼ਮਾਂ, ਪੈਨਸ਼ਨਰਾਂ, ਕਿਸਾਨਾਂ ਅਤੇ ਹੋਰ ਮਿਹਨਤਕਸ਼ ਲੋਕਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।ਬੁਲਾਰਿਆਂ ਨੇ ਕਿਹਾ ਕਿ ਇਹ ਸੰਘਰਸ਼ 18% ਮਹਿੰਗਾਈ ਭੱਤਾ ਜਾਰੀ ਕਰਾਉਣ, ਪੈਨਸ਼ਨਰਾਂ ਤੇ 2.59 ਗੁਣਾਂਕ ਲਾਗੂ ਕਰਾਉਣ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮ ਪੱਕੇ ਕਰਾਉਣ ਅਤੇ ਮਾਣ ਭੱਤਾ/ ਇਨਸੈਂਟਿਵ ਮੁਲਾਜ਼ਮਾ ਤੇ ਘੱਟੋ-ਘੱਟ ਤਨਖਾਹ ਸਕੇਲ ਲਾਗੂ ਕਰਾਉਣ, ਪ੍ਰੋਬੇਸ਼ਨਲ ਪੀਰੀਅਡ ਪੂਰੀ ਤਨਖਾਹ ਸਮੇਤ ਇਕ ਸਾਲ ਕਰਵਾਉਣ, ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕਰਵਾਉਣ, ਬੰਦ ਕੀਤੇ ਭੱਤੇ ਸੋਧ ਕੇ ਬਹਾਲ ਕਰਾਉਣ, ਅਤੇ 200 ਰੁਪਏ ਜਜ਼ੀਆ ਟੈਕਸ ਖਤਮ ਕਰਵਾਉਣ ਲਈ ਕੀਤਾ ਜਾ ਰਿਹਾ ਹੈ।ਰੈਲੀ ਉਪਰੰਤ ਰੋਸ ਮਾਰਚ ਕਰਕੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਚੌਂਕ ਵਿੱਚ ਨਾਅਰਿਆਂ ਦੀ ਗੂੰਜ ਵਿੱਚ ਵਿੱਤ ਮੰਤਰੀ ਦੀ ਅਰਥੀ ਫੂਕੀ ਗਈ। ਇਸ ਉਪਰੰਤ ਆਗੂਆਂ ਵਲੋਂ ਮੀਟਿੰਗ ਕਰਕੇ 27 ਅਗਸਤ ਨੂੰ ਸਮੂਹਿਕ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ ਕਰਨ ਸਬੰਧੀ ਵੀ ਪ੍ਰੋਗਰਾਮ ਉਲੀਕਿਆ ਗਿਆ।

ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਜੁਗਰਾਜ ਸਿੰਘ , ਨਵਦੀਪ ਸਿੰਘ, ਰਵਿੰਦਰ ਮਜੀਠਾ , ਗੁਰਸੇਵਕ ਸਿੰਘ , ਨਰੇਸ਼ ਕੁਮਾਰ, ਹਰਪ੍ਰੀਤ ਸਿੰਘ ਸੋਹੀਆਂ , ਹਰਚਰਨ ਸਿੰਘ ਸ਼ਾਹ , ਸਤਨਾਮ ਚੀਮਾ , ਜੋਗਿੰਦਰ ਸਿੰਘ, ਹਰਮੋਹਿੰਦਰ ਸਿੰਘ, ਗੁਰਦੇਵ ਸਿੰਘ, , ਓਮ ਪ੍ਰਕਾਸ਼, ਮਨਜੀਤ ਸਿੰਘ, ਵਿਕਾਸ ਕੁਮਾਰ, ਜਤਿਨ ਸ਼ਰਮਾਂ, ਅਮਰਬੀਰ ਸਿੰਘ, ਹਰਬਖਸ਼ ਸਿੰਘ , ਗੁਰਮੁੱਖ ਸਿੰਘ, ਅਤੁਲ ਸ਼ਰਮਾ , ਅਤੇ ਦੀਪਕ ਸ਼ਰਮਾ ਆਦਿ ਆਗੂ ਵੀ ਹਾਜਰ ਸਨ।

# ਵਿਧਾਇਕ ਫਾਜ਼ਿਲਕਾ ਨੇ 3 ਕਰੋੜ ਤੋਂ ਵਧੇਰੇ ਦੀ ਲਾਗਤ ਨਾਲ ਖੁਦ ਪਿੰਡ ਕਬੂਲਸਾਹ ਖੁੱਬਣ ਵਿਖੇ ਪਹੁੰਚ ਕੇ ਕੰਮ ਦੀ ਕਰਵਾਈ ਸ਼ੁਰੂਆਤ

**ਫਾਜ਼ਿਲਕਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍ਰ. ਨਰਿੰਦਰਪਾਲ ਸਿੰਘ ਸਵਨਾ ਨੇ 3 ਕਰੋੜ 34 ਲੱਖ ਦੀ ਲਾਗਤ ਨਾਲ ਪਿੰਡ ਕਬੂਲਸ਼ਾਹ ਖੁੱਬਣ ਤੋ ਸਤੀਰ ਵਾਲਾ, ਹਿੰਦੁਮਲਕੋਟ ਤੱਕ ਨਵੀਂ ਸੜਕ, ਪਿੰਡ ਦੀ ਫਿਰਨੀ ਤੋਂ ਇਲਾਵਾ ਪਿੰਡ ਕਬੂਲਸ਼ਾਹ ਤੋ ਫਾਜ਼ਿਲਕਾ, ਅਬੋਹਰ ਰੋਡ ਤੱਕ ਸੜਕ ਬਣਾਉਣ ਦਾ ਨੀਹ ਪੱਥਰ ਰੱਖਕੇ ਕੰਮ ਦੀ ਸ਼ੁਰੂਆਤ ਕਰਾਈ ਗਈ ।



ਇਸ ਮੌਕੇ ਬੋਲਿਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਪਿੰਡ ਕਬੂਲਸ਼ਾਹ ਖੁੱਬਣ ਲੋਕਾਂ ਨੇ ਹਰ ਸਮੇਂ ਕਾਫੀ ਮਾਣ ਸਤਿਕਾਰ ਦਿੱਤਾ ਜਾਂਦਾ ਰਿਹਾ ਹੈ ਤੇ ਅਨੇਕਾਂ ਵਿਕਾਸ ਦੇ ਕੰਮ ਕਰਵਾਏ ਗਏ। ਇੱਥੋਂ ਦੇ ਲੋਕਾਂ ਦੀ ਬਹੁਤ ਲੰਬੇ ਸਮੇਂ ਤੋਂ ਮੰਗ ਸੀ ਕਿ ਪਿੰਡ ਕਬੂਲਸ਼ਾਹ ਖੁੱਬਣ ਤੋਂ ਹਿੰਦੁਮਲਕੋਟ ਸੜਕ ਨਵੀਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ, ਇਸ ਦੇ ਨਾਲ ਹੀ ਪਿੰਡ ਦੀ ਫਿਰਨੀ ਬਣਾਉਣ ਲਈ ਵੀ ਕੰਮ ਸ਼ੁਰੂ ਕੀਤਾ ਗਿਆ ਹੈ ਤੇ ਇਸ ਦਾ ਵੀ ਨੀਂਹ ਪੱਥਰ ਰੱਖ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਪਿੰਡ ਤੋਂ ਲੈ ਕੇ ਅਬੋਹਰ ਫਾਜ਼ਿਲਕਾ ਰੋਡ ਨਵੀਂ ਸੜਕ ਬਣਾਉਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਇਹ ਕੰਮ ਆਉਣ ਵਾਲੇ ਢਾਈ ਤੋਂ ਤਿੰਨ ਮਹੀਨਿਆਂ ਵਿੱਚ ਪੂਰਾ ਹੋ ਜਾਵੇਗਾ।

ਉਨ੍ਹਾਂ ਪਿੰਡ ਵਾਸੀਆਂ ਤੇ ਇਲਾਕਾ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਰਜਕਾਲ ਦੌਰਾਨ ਅਨੇਕਾਂ ਹੀ ਵਿਕਾਸ ਦੇ ਕੰਮ ਹੋਏ ਹਨ ਤੇ ਅਨੇਕਾਂ ਚੱਲ ਰਹੇ ਹਨ। ਲੋਕਾਂ ਦੀ ਹਰ ਮੰਗ ਪੂਰੀ ਕੀਤੀ ਗਈ ਹੈ ਤੇ ਅੱਜ ਇਸ ਪਿੰਡ ਦੇ ਲੋਕਾਂ ਦੀ 40 ਸਰਕਾਰ ਦੀ ਪੁਰਾਣੀ ਮੰਗ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੂਰਾ ਕੀਤਾ ਹੈ । ਜਿਸ ਲਈ ਉਹ ਆਪਣੀ ਪਾਰਟੀ ਅਤੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਧੰਨਵਾਦੀ ਹਨ।

ਉਨ੍ਹਾਂ ਕਿਹਾ ਕਿ ਹਲਕੇ ਦੇ ਕੋਈ ਵੀ ਪਿੰਡ ਵਿਕਾਸ ਪੱਖੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਹਲਕੇ ਦੇ ਲੋਕ ਕਿਸੇ ਵੀ ਸਮੱਸਿਆ ਲਈ ਉਨ੍ਹਾਂ ਨੂੰ ਮਿਲ ਸਕਦੇ ਹਨ ਉਹ ਆਪਣੇ ਹਲਕੇ ਦੇ ਲੋਕਾਂ ਦੇ ਨਾਲ ਹਨ। ਸਾਡੀ ਪੰਜਾਬ ਸਰਕਾਰ ਵੱਲੋਂ ਸਾਰੇ ਵਿਕਾਸ ਦੇ ਕੰਮ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੀਤੇ ਜਾ ਰਹੇ ਹਨ।

# ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪ੍ਰਿਯਾਂਕ ਕਾਨੂੰਗੋ ਨੇ ਦੋਨਾ ਨਾਨਕਾ ਸਕੂਲ ਵਿਖੇ ਲਹਿਰਾਇਆ ਤਿਰੰਗਾ



**ਫਾਜ਼ਿਲਕਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਤੰਤਰਤਾ ਦਿਵਸ ਦੇ ਮੌਕੇ ’ਤੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (ਐਨ.ਐਚ.ਆਰ.ਸੀ), ਨਵੀਂ ਦਿੱਲੀ ਦੇ ਮੈਂਬਰ ਸ਼੍ਰੀ ਪ੍ਰਿਯਾਂਕ ਕਾਨੂੰਗੋ ਨੇ ਸਰਕਾਰੀ ਪ੍ਰਾਇਮਰੀ ਸਕੂਲ ਦੋਨਾ ਨਾਨਕਾ ਵਿਖੇ ਆਯੋਜਿਤ ਸਮਾਗਮ ਵਿੱਚ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਕੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡੀ ਸ. ਜਗਵਿੰਦਰਜੀਤ ਸਿੰਘ ਗਰੇਵਾਲ ਹੀ ਹਾਜਰ ਸਨ।

ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੀ ਪ੍ਰਿਯਾਂਕ ਕਾਨੂੰਗੋ ਨੇ ਕਿਹਾ ਕਿ ਸਾਨੂੰ ਸਾਡੇ ਮਹਾਨ ਸ਼ਹੀਦਾਂ ਤੇ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿਉਂਕਿ ਸਾਡੇ ਵੀਰ ਸ਼ਹੀਦਾਂ ਦੀ ਬਦੌਲਤ ਹੀ ਅਸੀਂ ਅੱਜ ਆਜ਼ਾਦੀ ਦਾ ਆਨੰਦ ਮਾਨ ਰਹੇ ਹਾਂ।

ਉਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਨੌਜਵਾਨ ਪੀੜੀ ਨੂੰ ਸ਼ਹੀਦਾਂ ਦੇ ਦੱਸੇ ਰਸਤਿਆਂ ਤੇ ਚੱਲਣ ਅਤੇ ਦੇਸ ਸੇਵਾ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਨਸ਼ੇ ਵਰਗੀ ਭੈੜੀ ਲਾਹਨਤ ਅਤੇ ਮੋਬਾਈਲ ਦੇ ਚੁੰਗਲ ਤੋਂ ਬਚਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਪੰਜਾਬ ਅਤੇ ਭਾਰਤ ਨੂੰ ਵਿਕਸਤ ਭਾਰਤ ਬਣਾਉਣ ਵਿੱਚ ਆਪਣਾ ਸਹਿਯੋਗ ਦੇਵੇ।

ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ।

ਬੱਚਿਆਂ ਦੇ ਉਤਸ਼ਾਹ ਨੂੰ ਦੇਖ ਕੇ ਸਮੁੱਚਾ ਮਾਹੌਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ। ਇਸ ਮੌਕੇ ਸ਼੍ਰੀ ਪ੍ਰਿਯਾਂਕ ਕਾਨੂੰਗੋ ਵੱਲੋਂ ਬੱਚਿਆਂ ਨੂੰ 5100/- ਰੁਪਏ ਇਨਾਮ ਦਿੱਤਾ ਗਿਆ।

ਸਕੂਲ ਪ੍ਰਬੰਧਕਾਂ ਵੱਲੋਂ ਸ਼੍ਰੀ ਕਾਨੂੰਗੋ ਦਾ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੋਨਾ ਨਾਨਕਾ ਦੇ ਮੁੱਖ ਅਧਿਆਪਕ ਰਾਜੀਵ ਚਗਤੀ, ਸਕੂਲ ਸਟਾਫ ਸੁਖਦੇਵ ਸਿੰਘ, ਸੁਨੀਲ ਵਰਮਾ, ਕਮਲੇਸ਼, ਪੂਜਾ ਰਾਣੀ, ਅਧਿਆਪਕ ਨਿਸ਼ਾਂਤ ਅਗਰਵਾਲ, ਸੀਐਚਟੀ ਸੋਨਮ ਠਕਰਾਲ ਕਲਪਨਾ ਚਗਤੀ ਹਾਜਰ ਸਨ ਪਿੰਡ ਦੇ ਸਰਪੰਚ ਅਮਰਜੀਤ ਸਿੰਘ ਹਾਜਰ ਸਨ!

# ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥਕ ਏਕਤਾ: ਸਿਮਰਨਜੀਤ ਸਿੰਘ ਮਾਨ ਦੀ ਅਪੀਲ

**ਅੰਮ੍ਰਿਤਸਰ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਸਾਬਕਾ ਸੰਸਦ ਮੈਂਬਰ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਸਿੱਖ ਕੌਮ ਦੇ ਨਾਮ ਇੱਕ ਮਹੱਤਵਪੂਰਨ ਅਪੀਲ ਜਾਰੀ ਕਰਦਿਆਂ ਪੰਥਕ ਮਸਲਿਆਂ @ਤੇ ਕੌਮੀ ਏਕਤਾ ਅਤੇ ਅਮਲੀ ਕਾਰਵਾਈ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਸਮਾਂ ਸਿੱਖ ਕੌਮ ਦੀ ਅਸੀਮਤ ਸ਼ਕਤੀ ਨੂੰ ਇੱਕਜੁੱਟ ਕਰਕੇ ਕੌਮੀ ਫਰਜ਼ਾਂ ਦੀ ਪੂਰਤੀ ਲਈ ਵਰਤਣ ਦਾ ਹੈ।

ਉਨ੍ਹਾਂ ਅਪੀਲ ਕੀਤੀ ਕਿ 30-32 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਜਥੇਦਾਰ ਜਗਤਾਰ ਸਿੰਘ ਹਵਾਰਾ, ਪਰਮਜੀਤ ਸਿੰਘ ਭਿਓਰਾ, ਜਗਤਾਰ ਸਿੰਘ ਤਾਰਾ ਅਤੇ ਹੋਰ ਅਨੇਕਾਂ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਲਈ ਕੌਮ ਇਕੱਠੀ ਹੋਵੇ। ਉਨ੍ਹਾਂ ਕਿਹਾ ਕਿ ਕਈ ਬੰਦੀ ਸਿੰਘਾਂ ਦੀਆਂ ਮਾਵਾਂ ਆਪਣੇ ਪੁੱਤਰਾਂ ਦੀ ਵਾਪਸੀ ਦੀ ਉਡੀਕ ਵਿੱਚ ਆਖਰੀ ਸਾਹ ਗਿਣ ਰਹੀਆਂ ਹਨ।

ਉਨ੍ਹਾਂ ਸਿੱਖਾਂ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ( ਦੀਆਂ ਜਮਹੂਰੀ ਚੋਣਾਂ ਤੁਰੰਤ ਕਰਵਾਉਣ ਦੀ ਮੰਗ ਕੀਤੀ, ਜੋ ਕਿ ਪਿਛਲੇ 15 ਸਾਲਾਂ ਤੋਂ ਨਹੀਂ ਹੋਈਆਂ, ਤਾਂ ਜੋ ਇਸ ਦਾ ਪ੍ਰਬੰਧ ਗੁਰਸਿੱਖਾਂ ਦੇ ਹੱਥ ਸੌਂਪਿਆ ਜਾ ਸਕੇ।

ਇਸ ਦੇ ਨਾਲ ਹੀ, ਝੂਠੇ ਪੁਲਿਸ ਮੁਕਾਬਲਿਆਂ ਵਿੱਚ ਸ਼ਹੀਦ ਹੋਏ ਨੌਜਵਾਨਾਂ ਅਤੇ ਬੀਬੀ ਪਰਮਜੀਤ ਕੌਰ ਖਾਲੜਾ ਵੱਲੋਂ ਉਠਾਏ ਮਾਨਵੀ ਅਧਿਕਾਰਾਂ ਦੇ ਮੁੱਦਿਆਂ ਦਾ ਜ਼ਿਕਰ ਕਰਦਿਆਂ, ਮਾਨ ਨੇ ਅਦਾਕਾਰ/ ਗਾਇਕ ਦਲਜੀਤ ਦੋਸਾਂਝ ਦੀ ਫਿਲਮ (@ਪੰਜਾਬ 95@ / ਸਤਲੁਜ @ਤੇ ਆਧਾਰਿਤ) ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਝੂਠੇ ਮੁਕਾਬਲਿਆਂ ਵਿੱਚ ਸ਼ਹੀਦ ਹੋਏ ਸਿੰਘਾਂ ਦੇ ਖੰਡਰ ਬਣ ਚੁੱਕੇ ਘਰਾਂ ਦੀ ਮੁਰੰਮਤ ਕਰਵਾ ਕੇ ਉੱਥੇ ਸਿੱਖ ਇਤਿਹਾਸ ਨਾਲ ਸੰਬੰਧਿਤ ਲਾਇਬ੍ਰੇਰੀਆਂ ਖੋਲ੍ਹੀਆਂ ਜਾਣ।

13,600 ਪਿੰਡਾਂ ਵਿੱਚ ਬਾਈਕਾਟ ਦੇ ਮਤੇ ਅਤੇ @ਇਨਸਾਫ਼@ ਕਮੇਟੀਆਂ:

ਮਾਨ ਨੇ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਪੰਜਾਬ ਦੇ 13,600 ਪਿੰਡਾਂ ਵਿੱਚ ਘਰ-ਘਰ ਜਾ ਕੇ ਇਹ ਮਤੇ ਪਾਸ ਕੀਤੇ ਜਾਣ ਕਿ ਜਦੋਂ ਤੱਕ ਸਿੱਖ ਕੌਮ ਅਤੇ ਪੰਜਾਬ ਦੇ ਮਸਲੇ ਹੱਲ ਨਹੀਂ ਹੁੰਦੇ, ਉਦੋਂ ਤੱਕ ਕੇਂਦਰ ਸਰਕਾਰ ਅਤੇ ਉਨ੍ਹਾਂ ਦੀਆਂ ਸਹਿਯੋਗੀ ਪਾਰਟੀਆਂ ਨੂੰ ਪਿੰਡਾਂ ਵਿੱਚ ਵੜਨ ਨਹੀਂ ਦਿੱਤਾ ਜਾਵੇਗਾ। ਸ਼ਹਿਰਾਂ ਵਿੱਚ ਵੀ ਕੌਂਸਲਾਂ ਅਤੇ ਕਮੇਟੀਆਂ ਰਾਹੀਂ @ਇਨਸਾਫ਼ ਕਮੇਟੀਆਂ@ ਦਾ ਗਠਨ ਕਰਨ ਦੀ ਅਪੀਲ ਕੀਤੀ ਗਈ ਹੈ।

# ਬਟਾਲਾ ਸ਼ਹਿਰ ਵਿੱਚ ਕਾਂਗਰਸ ਪਾਰਟੀ ਨੂੰ ਲੱਗਾ ਝਟਕਾ, ਵਾਰਡ ਨੰਬਰ 48 ਤੋਂ ਵੱਖ-ਵੱਖ ਪਰਿਵਾਰ ਆਮ ਆਦਮੀ ਵਿੱਚ ਹੋਏ ਸ਼ਾਮਲ



**ਬਟਾਲਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਵਿਖੇ ਕਰਵਾਏ ਲੋਕਪੱਖੀ ਵਿਕਾਸ ਕੰਮਾਂ ਨੂੰ ਭਰਵਾਂ ਪਿਆਰ ਮਿਲ ਰਿਹਾ ਹੈ,ਜਿਸ ਦੇ ਚੱਲਦਿਆਂ ਅੱਜ ਵਾਰਡ ਨੰਬਰ 48 ਤੋਂ ਕਾਂਗਰਸ ਵਰਕਰ ਐਮਨੂਅਲ ਮਸੀਹ, ਪਿੰਡ ਸ਼ੇਖਮੀਰ ਤੋਂ ਸ਼੍ਰੀ ਬਲਵਿੰਦਰ ਅਤੇ ਮੰਗਾ ਮਸੀਹ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ, ਜਿਨ੍ਹਾਂ ਦਾ ਵਿਧਾਇਕ ਸ਼ੈਰੀ ਕਲਸੀ ਵਲੋਂ ਸਵਾਗਤ ਕੀਤਾ ਗਿਆ।

ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੂੰ ਜੀ ਆਇਆਂ ਕਹਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਇਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਿਅਕਤੀ ਦਾ ਪੂਰਾ ਮਾਣ ਸਨਮਾਨ ਕੀਤਾ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਆਗੂ/ ਵਰਕਰ, ਦਿਨੋ-ਦਿਨ ਆਪ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਤੇ ਆਪ ਪਾਰਟੀ ਦਾ ਕਾਫਲਾ ਲਗਾਤਾਰ ਵੱਧ ਰਿਹਾ ਹੈ।ਪੰਜਾਬ ਸਰਕਾਰ ਦੇ ਵਿਕਾਸ ਕੰਮਾਂ ਦੀ ਗੱਲ ਕਰਦਿਆਂ ਉਨਾਂ ਦੱਸਿਆ ਕਿ ਮਹਿਜ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਹਨ। ਹਰੇਕ ਵਰਗ ਦੀ ਭਲਾਈ ਲਈ ਵਿਸ਼ੇਸ ਉਪਰਾਲੇ ਕੀਤੇ ਗਏ ਹਨ। ਸਿੱਖਿਆ, ਸਿਹਤ, ਬਿਜਲੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਲੋਕ ਹਿੱਤ ਲਈ ਵੱਡੇ ਕਾਰਜ ਕੀਤੇ ਗਏ ਹਨ।

ਬਟਾਲਾ ਹਲਕੇ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹਲਕੇ ਨੂੰ ਵਿਕਾਸ ਪੱਖੋ ਨਮੂਨੇ ਦਾ ਹਲਕਾ ਬਣਾਇਆ ਜਾਵੇਗਾ ਤੇ ਵਿਕਾਸ ਕਾਰਜਾਂ ਵਿੱਚ ਕਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਵੱਖ ਵੱਖ ਵਿਭਾਗਾਂ ਤੇ ਕਾਰਪੋਰੇਸ਼ਨ ਬਟਾਲਾ ਵਲੋਂ ਸ਼ਹਿਰ ਵਿੱਚ ਵਿਕਾਸ ਕੰਮ ਚੱਲ ਰਹੇ ਹਨ ਅਤੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਦੇ ਸੁੰਦਰੀਕਰਨ ਲਈ ਵਿਸ਼ੇਸ ਰਣਨੀਤੀ ਉਲੀਕੀ ਗਈ ਹੈ। ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕੀਤੇ ਜਾ ਰਹੇ ਹਨ, ਜੋ ਪਹਿਲਾਂ ਵੇਖਣ ਨੂੰ ਨਹੀਂ ਮਿਲੇ ਹਨ। ਇਸ ਲਈ ਉਹ ਆਪ ਪਾਰਟੀ ਵਿੱਚ ਸ਼ਾਮਲ ਹੋਏ ਹਨ।

# ਹਰਿਆਣਾ ਦੇ ਆਈ.ਟੀ.ਆਈ. ਸੰਸਥਾਨਾਂ ਵਿੱਚ ’ਆਨ ਦਾ ਸਪਾਟ’ ਦਾਖਲੇ ਸ਼ੁਰੂ

**ਚੰਡੀਗੜ੍ਹ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹੁਨਰ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ, ਹਰਿਆਣਾ ਨੇ ਰਾਜ ਦੇ ਸਾਰੇ ਸਰਕਾਰੀ ਅਤੇ ਨਿੱਜੀ ਉਦਯੋਗਿਕ ਸਿਖਲਾਈ ਸੰਸਥਾਨਾਂ (9“9) ਵਿੱਚ ਵਿਦਿਅਕ ਸੈਸ਼ਨ 2026-27 ਲਈ ਖਾਲੀ ਸੀਟਾਂ ’ਤੇ ’ਆਨ ਦਾ ਸਪਾਟ’ ਦਾਖਲਾ ਪ੍ਰਕਿਰਿਆ ਦਾ ਐਲਾਨ ਕੀਤਾ ਹੈ। ਇਸ ਪ੍ਰਕਿਰਿਆ ਤਹਿਤ ਖਾਲੀ ਸੀਟਾਂ ਨੂੰ ਭਰਨ ਲਈ ਨਵੀਆਂ ਆਨਲਾਈਨ ਅਰਜ਼ੀਆਂ ਵਿਭਾਗ ਦੀ ਅਧਿਕਾਰਤ ਵੈਬਸਾਈਟ www.admissions.itiharyana.gov.in ’ਤੇ ਸੱਦੀਆਂ ਜਾ ਰਹੀਆਂ ਹਨ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਇਹ ਦਾਖਲਾ ਨਵੀਆਂ ਅਤੇ ਪੁਰਾਣੀਆਂ ਦੋਵਾਂ ਅਰਜ਼ੀਆਂ ਦੀ ਸਾਂਝੀ ਮੈਰਿਟ ਦੇ ਆਧਾਰ ’ਤੇ ਸਿੱਧੇ ਸੰਸਥਾਨ ਪੱਧਰ ’ਤੇ ਕੀਤਾ ਜਾਵੇਗਾ, ਜਿਸ ਵਿੱਚ ਕਿਸੇ ਵੀ ਕਿਸਮ ਦਾ ਕੋਈ ਰਾਖਵਾਂਕਰਨ ਲਾਗੂ ਨਹੀਂ ਹੋਵੇਗਾ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇੱਛੁਕ ਉਮੀਦਵਾਰਾਂ ਨੂੰ 19 ਅਗਸਤ, 2026 ਤੋਂ ਰੋਜ਼ਾਨਾ ਦੁਪਹਿਰ 12:00 ਵਜੇ ਤੱਕ ਆਪਣੇ ਸੰਬੰਧਿਤ ਸੰਸਥਾਨ ਵਿੱਚ ਜਾ ਕੇ ਆਪਣਾ ਮੈਰਿਟ ਕਾਰਡ ਜਮ੍ਹਾ ਕਰਾਉਣਾ ਹੋਵੇਗਾ। ਦਾਖਲਾ ਪੋਰਟਲ ਤੋਂ ਆਸਾਨੀ ਨਾਲ ਡਾਊਨਲੋਡ ਕੀਤੇ ਜਾ ਸਕਣ ਵਾਲੇ ਇਸ ਮੈਰਿਟ ਕਾਰਡ ਦੇ ਨਾਲ ਬਿਨੈਕਾਰਾਂ ਨੂੰ ਆਪਣੇ ਸਾਰੇ ਅਸਲ ਸਰਟੀਫਿਕੇਟਾਂ ਸਮੇਤ ਖੁਦ ਹਾਜ਼ਰ ਹੋਣਾ ਲਾਜ਼ਮੀ ਹੋਵੇਗਾ, ਤਾਂ ਜੋ ਮੌਕੇ ’ਤੇ ਹੀ ਆਨਲਾਈਨ ਦਾਖਲਾ ਫੀਸ ਜਮ੍ਹਾ ਕੀਤੀ ਜਾ ਸਕੇ।

SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਬਾਬਾ ਫ਼ਰੀਦ ਯੂਨੀਵਰਸਿਟੀ ਦੇ 200 ਤੋਂ ਵੱਧ ਮੁਲਾਜ਼ਮ ਮੁਅੱਤਲ; ਨਿਯੁਕਤੀਆਂ ਵਿਵਾਦਾਂ ਵਿੱਚ ਆਉਣ ਤੋਂ ਬਾਅਦ ਯੂਨੀਵਰਸਿਟੀ ਨੇ ਕਾਰਵਾਈ ਕੀਤੀ

**ਫ਼ਰੀਦਕੋਟ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਾਬਾ ਫ਼ਰੀਦ ਯੂਨੀਵਰਸਿਟੀ ਨੇ ਪਿਛਲੇ ਸਮੇਂ ਦੌਰਾਨ ਕੀਤੀਆਂ ਨਿਯੁਕਤੀਆਂ ਦੇ ਮਾਮਲੇ ਵਿੱਚ 200 ਅਧਿਕਾਰੀ ਅਤੇ ਕਰਮਚਾਰੀ ਮੁਅੱਤਲ ਕਰ ਦਿੱਤੇ ਹਨ। ਇਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਵਿੱਚ ਚਪੜਾਸੀ ਤੋਂ ਲੈ ਕੇ ਸੁਪਰਡੈਂਟ ਪੱਧਰ ਤੱਕ ਦੇ ਮੁਲਾਜ਼ਮ ਸ਼ਾਮਲ ਹਨ, ਜਿਨ੍ਹਾਂ ਦੀਆਂ ਨਿਯੁਕਤੀਆਂ ਸ਼ੱਕ ਦੇ ਘੇਰੇ ਵਿੱਚ ਆ ਗਈਆਂ ਸਨ।

ਯੂਨੀਵਰਸਿਟੀ ਪ੍ਰਸ਼ਾਸਨ ਨੇ ਪਿਛਲੇ ਤਿੰਨ ਮਹੀਨਿਆਂ ਵਿੱਚ ਵੱਡੀ ਗਿਣਤੀ 'ਚ ਭਰਤੀਆਂ ਕੀਤੀਆਂ ਸਨ ਪਰ ਬਾਅਦ ਵਿੱਚ ਪੰਜਾਬ ਸਰਕਾਰ ਅਤੇ ਯੂਨੀਵਰਸਿਟੀ ਦੇ ਬੋਰਡ ਆਫ ਮੈਨੇਜਮੈਂਟ ਨੂੰ ਭਰਤੀਆਂ ਸਮੇਂ ਕਥਿਤ ਤੌਰ 'ਤੇ ਬੇਨਿਯਮੀਆਂ ਅਤੇ ਕਾਨੂੰਨੀ ਨਿਯਮਾਂ ਦੀ ਅਣਦੇਖੀ ਹੋਣ ਦੀਆਂ ਸ਼ਿਕਾਇਤਾਂ ਮਿਲੀਆਂ ਸਨ। ਮਗਰੋਂ ਪੰਜਾਬ ਸਰਕਾਰ ਨੇ ਆਈ ਏ ਐੱਸ ਅਧਿਕਾਰੀ ਮਨਜੀਤ ਸਿੰਘ ਬਰਾੜ ਨੂੰ ਯੂਨੀਵਰਸਿਟੀ ਦਾ ਕਾਰਜਕਾਰੀ ਵਾਈਸ ਚਾਂਸਲਰ ਨਿਯੁਕਤ ਕੀਤਾ ਸੀ।

ਮੁੱਢਲੀ ਪੜਤਾਲ ਤੋਂ ਬਾਅਦ ਯੂਨੀਵਰਸਿਟੀ ਪ੍ਰਸ਼ਾਸਨ ਨੇ ਇਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਤਨਖ਼ਾਹਾਂ ਪਹਿਲਾਂ ਹੀ ਰੋਕ ਦਿੱਤੀਆਂ ਸਨ। ਬਾਅਦ ਵਿੱਚ ਬੋਰਡ ਆਫ ਮੈਨੇਜਮੈਂਟ ਨੇ 11 ਅਗਸਤ ਨੂੰ ਹੋਈ ਉੱਚ ਪੱਧਰੀ ਮੀਟਿੰਗ ਮਗਰੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਸੇਵਾਵਾਂ ਰਸਮੀ ਤੌਰ 'ਤੇ ਮੁਅੱਤਲ ਕਰਨ ਦਾ ਫ਼ੈਸਲਾ ਕੀਤਾ। ਯੂਨੀਵਰਸਿਟੀ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਨਵੀਆਂ ਨਿਯੁਕਤੀਆਂ ਨੂੰ ਉਦੋਂ ਤੱਕ ਅੰਤਿਮ ਨਹੀਂ ਮੰਨਿਆ ਜਾਵੇਗਾ, ਜਦੋਂ ਤੱਕ ਬੋਰਡ ਆਫ ਮੈਨੇਜਮੈਂਟ ਇਨ੍ਹਾਂ ਦੀ ਮੁਕੰਮਲ ਜਾਂਚ ਕਰ ਕੇ ਇਨ੍ਹਾਂ ਨੂੰ ਸਹੀ ਨਹੀਂ ਠਹਿਰਾਉਂਦਾ।

ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਗਿਰੀਸ਼ ਸਾਹਨੀ ਨੇ ਦੱਸਿਆ ਕਿ ਮੁਅੱਤਲ ਕੀਤੇ ਗਏ ਕਰਮਚਾਰੀਆਂ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਦਿੱਤਾ ਜਾਵੇਗਾ। ਇਨ੍ਹਾਂ ਮੁਲਾਜ਼ਮਾਂ ਨੂੰ 20 ਅਗਸਤ ਨੂੰ ਨਿੱਜੀ ਸੁਣਵਾਈ ਲਈ ਯੂਨੀਵਰਸਿਟੀ ਅਧਿਕਾਰੀਆਂ ਸਾਹਮਣੇ ਪੇਸ਼ ਹੋਣ ਲਈ ਕਿਹਾ ਗਿਆ ਹੈ। ਵਾਈਸ ਚਾਂਸਲਰ ਮਨਜੀਤ ਸਿੰਘ ਬਰਾੜ ਨੇ ਕਿਹਾ ਕਿ ਭਰਤੀਆਂ ਵਿੱਚ ਹੋਈ ਕਥਿਤ ਹੇਰਾਫੇਰੀ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਾਂਚ ਮੁਕੰਮਲ ਹੋਣ ਮਗਰੋਂ ਰਿਪੋਰਟ ਬੋਰਡ ਆਫ ਮੈਨੇਜਮੈਂਟ ਨੂੰ ਸੌਂਪੀ ਜਾਵੇਗੀ।

**ਹੋਰ ਮੁਲਾਜ਼ਮਾਂ ਖ਼ਿਲਾਫ਼ ਵੀ ਹੋ ਸਕਦੀ ਹੈ ਕਾਰਵਾਈ**

ਪ੍ਰਸ਼ਾਸਨ ਕੋਲ ਲਗਾਤਾਰ ਵੱਡੀ ਪੱਧਰ ਉੱਤੇ ਸ਼ਿਕਾਇਤਾਂ ਪਹੁੰਚ ਰਹੀਆਂ ਹਨ, ਜਿਸ ਕਰ ਕੇ ਆਉਣ ਵਾਲੇ ਦਿਨਾਂ ਵਿੱਚ ਹੋਰ ਮੁਲਾਜ਼ਮਾਂ ਖ਼ਿਲਾਫ਼ ਵੀ ਕਾਰਵਾਈ ਹੋ ਸਕਦੀ ਹੈ। ਇਸ ਕਾਰਵਾਈ ਮਗਰੋਂ ਸ਼ਹਿਰ ਦੇ ਉਨ੍ਹਾਂ ਰਸੂਖ਼ਦਾਰਾਂ ਅਤੇ ਸਿਆਸੀ ਆਗੂਆਂ ਦੀਆਂ ਮੁਸ਼ਕਲਾਂ ਵੀ ਵਧ ਗਈਆਂ ਹਨ, ਜਿਨ੍ਹਾਂ ਦੀ ਕਥਿਤ ਸਿਫ਼ਾਰਿਸ਼ ਨਾਲ ਇਹ ਭਰਤੀਆਂ ਹੋਈਆਂ ਸਨ। ਮੁਅੱਤਲ ਹੋਏ ਕੁਝ ਕਰਮਚਾਰੀਆਂ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੂੰ ਨੌਕਰੀ 'ਤੇ ਰੱਖਣ ਬਦਲੇ ਕਥਿਤ ਤੌਰ 'ਤੇ ਵੱਡੀਆਂ ਰਕਮਾਂ ਵਸੂਲੀਆਂ ਗਈਆਂ ਸਨ। ਇਨ੍ਹਾਂ ਮੁਲਾਜ਼ਮਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਉਨ੍ਹਾਂ ਦੀ ਸੁਣਵਾਈ ਨਾ ਹੋਈ ਤਾਂ, ਉਹ ਜਲਦੀ ਹੀ ਉਨ੍ਹਾਂ ਸਾਰੇ ਸਿਆਸੀ ਆਗੂਆਂ, ਪ੍ਰਸ਼ਾਸਕੀ ਅਧਿਕਾਰੀਆਂ ਅਤੇ ਰਸੂਖ਼ਵਾਨਾਂ ਦੇ ਨਾਂ ਜਨਤਕ ਕਰਨਗੇ, ਜਿਨ੍ਹਾਂ ਨੇ ਭਰਤੀ ਦੇ ਨਾਮ ਉੱਤੇ ਇਹ ਮੋਟੇ ਪੈਸੇ ਲਏ ਹਨ।

# ਅਰਸ਼ਦੀਪ ਸਿੰਘ ਦੀ ਪ੍ਰਾਪਤੀ 'ਤੇ ਮਾਣ: ਗੜਗੱਜ

**ਅੰਮ੍ਰਿਤਸਰ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਯੂ ਕੇ ਦੀ ਹਵਾਈ ਫ਼ੌਜ ਵਿੱਚ ਫਲਾਈਟ ਲੈਫਟੀਨੈਂਟ ਚੁਣੇ ਅਰਸ਼ਦੀਪ ਸਿੰਘ ਦੀ ਪ੍ਰਾਪਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਆਖਿਆ ਕਿ ਇਹ ਪ੍ਰਾਪਤੀ ਸਮੁੱਚੇ ਸਿੱਖ ਜਗਤ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਅਜਿਹਾ ਹੋਇਆ ਹੈ ਕਿ ਸਿੱਖ ਨੇ ਯੂ ਕੇ ਦੀ ਹਵਾਈ ਫ਼ੌਜ ਵਿੱਚ ਉੱਚ ਅਹੁਦਾ ਹਾਸਲ ਕੀਤਾ ਹੈ। ਇਹ ਹੋਰ ਵੀ ਖ਼ੁਸ਼ੀ ਦੀ ਗੱਲ ਹੈ ਕਿ ਫਲਾਈਟ ਲੈਫਟੀਨੈਂਟ ਅਰਸ਼ਦੀਪ ਸਿੰਘ ਅਤੇ ਉਨ੍ਹਾਂ ਦਾ ਸਮੁੱਚਾ ਪਰਿਵਾਰ ਵਿਦੇਸ਼ ਵਿੱਚ ਰਹਿੰਦਿਆਂ ਵੀ ਸਿੱਖੀ ਰਵਾਇਤਾਂ ਅਤੇ ਪੰਜਾਬੀ ਮਾਂ ਬੋਲੀ ਨਾਲ ਜੁੜਿਆ ਹੋਇਆ ਹੈ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਰਸ਼ਦੀਪ ਸਿੰਘ ਨੂੰ ਵਧਾਈ ਦਿੱਤੀ ਹੈ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਦੇ ਮਾਰੂ ਅਸਰਾਂ ਬਾਰੇ ਚਰਚਾ

**ਬਰਨਾਲਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਦੋ ਇਨਕਲਾਬੀ ਜਥੇਬੰਦੀਆਂ ਲੋਕ ਮੋਰਚਾ ਪੰਜਾਬ ਅਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਅੱਜ ਇੱਥੇ ਤਰਕਸ਼ੀਲ ਭਵਨ ਵਿੱਚ 'ਭਾਰਤ-ਅਮਰੀਕਾ ਵਪਾਰ ਸਮਝੌਤਾ ਅਤੇ ਨਕਲੀ ਆਜ਼ਾਦੀ ਦੀ ਹਕੀਕਤ' ਵਿਸ਼ੇ 'ਤੇ ਸਾਂਝੀ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਗਈ। ਕਨਵੈਨਸ਼ਨ ਵਿੱਚ ਕਿਸਾਨਾਂ, ਖੇਤ ਮਜ਼ਦੂਰਾਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਬੁੱਧੀਜੀਵੀ ਹਿੱਸਿਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਇਨਕਲਾਬੀ ਕੇਂਦਰ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਭਾਰਤ ਅਤੇ ਅਮਰੀਕਾ ਦਰਮਿਆਨ ਚੱਲ ਰਹੀ ਵਪਾਰ ਵਾਰਤਾ ਦਾ ਲੋਕਾਂ 'ਤੇ ਪੈਣ ਵਾਲੇ ਮਾਰੂ ਅਸਰ ਬਾਰੇ ਚਰਚਾ ਕੀਤੀ ਅਤੇ ਦੱਸਿਆ ਕਿ ਇਸ ਇੱਕਤਰਫਾ ਸਮਝੌਤੇ ਰਾਹੀਂ ਸਾਮਰਾਜੀ ਤੇ ਸਰਮਾਏਦਾਰਾਂ ਦੇ ਹਿੱਤ ਪੂਰਤੀ ਲਈ ਭਾਰਤੀ ਹਕੂਮਤ ਵੱਲੋਂ ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ ਤੇ ਖਪਤਕਾਰਾਂ ਦੇ ਵਡੇਰੇ ਹਿੱਤਾਂ ਦੀ ਬਲੀ ਦਿੱਤੀ ਜਾ ਰਹੀ ਹੈ। ਲੋਕ ਮੋਰਚਾ ਪੰਜਾਬ ਦੀ ਸੂਬਾਈ ਆਗੂ ਸ਼ੀਰੀਂ ਨੇ ਦੱਸਿਆ ਕਿ ਅਜਿਹੇ ਸਮਝੌਤੇ ਦਾ ਕਾਰਨ 1947 ਤੋਂ ਭਾਰਤ ਵਿੱਚ ਜਾਰੀ ਸਾਮਰਾਜੀ ਦਾਬਾ ਹੈ, ਜਿਸ ਸਦਕਾ ਪਿਛਲੇ ਦਹਾਕਿਆਂ ਦੌਰਾਨ ਭਾਰਤੀ ਹਾਕਮਾਂ ਵੱਲੋਂ ਅਜਿਹੇ ਕਈ ਮਾਰੂ ਸਮਝੌਤੇ ਕੀਤੇ ਗਏ ਹਨ। ਇਨਕਲਾਬੀ ਕੇਂਦਰ ਦੇ ਸੂਬਾ ਪ੍ਰਧਾਨ ਨਰਾਇਣ ਦੱਤ ਨੇ ਦੇਸੀ-ਵਿਦੇਸ਼ੀ ਕਾਰਪੋਰੇਟ ਲੁੱਟ ਦੇ ਪਿਛਲੇ ਦਹਾਕਿਆਂ ਦੌਰਾਨ ਜ਼ੋਰ ਫੜ ਰਹੇ ਅਮਲਾਂ ਦੀ ਚਰਚਾ ਕੀਤੀ। ਲੋਕ ਮੋਰਚੇ ਦੇ ਸੂਬਾ ਸਕੱਤਰ ਜਗਮੇਲ ਸਿੰਘ ਨੇ ਮੌਜੂਦਾ ਵਪਾਰ ਵਾਰਤਾ ਅਤੇ ਪਹਿਲਾਂ ਹੋਈਆਂ ਸਾਮਰਾਜ ਪੱਖੀ ਸਮਝੌਤੇ ਸੰਧੀਆਂ 'ਤੇ ਸਭਨਾਂ ਹਾਕਮ ਜਮਾਤੀ ਪਾਰਟੀਆਂ ਦੀ ਬੁਨਿਆਦੀ ਸਹਿਮਤੀ ਅਤੇ ਇਸ ਦਿਸ਼ਾ ਵਿੱਚ ਚੁੱਕੇ ਕਦਮਾਂ ਬਾਰੇ ਚਰਚਾ ਕੀਤੀ। ਅਜਿਹੇ ਕਦਮਾਂ ਨੂੰ ਵਾਪਸ ਕਰਵਾਉਣ ਲਈ 'ਚੋਣ ਦੰਗਲ' ਵਿੱਚ ਉਲਝਣ ਦੀ ਥਾਂ ਨਵਾਂ ਬਰਾਬਰਤਾ ਵਾਲਾ ਸਮਾਜ ਸਿਰਜਣ ਲਈ ਸੰਘਰਸ਼ ਦਾ ਸੱਦਾ ਦਿੱਤਾ।

ਇਸ ਮੌਕੇ ਭਾਰਤ ਅਮਰੀਕਾ ਵਪਾਰ ਵਾਰਤਾ ਰੱਦ ਕਰਨ, ਸਾਮਰਾਜੀ ਦਬਾਅ ਹੇਠ ਕੀਤੇ ਸਾਰੇ ਸਮਝੌਤੇ ਮਨਸੂਖ਼ ਕਰਨ ਅਤੇ ਮੋਦੀ ਹਕੂਮਤ ਵੱਲੋਂ ਸਾਮਰਾਜੀ ਦਬਾਅ ਹੇਠ ਕੰਮ ਬੰਦ ਕਰਨ ਦੀਆਂ ਮੰਗਾਂ ਉਭਾਰੀਆਂ ਗਈਆਂ।

# ਆਜ਼ਾਦੀ ਦਿਵਸ ਦੇ ਮੌਕੇ 'ਤੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਸਨਮਾਨਾਂ ਨਾਲ ਸਨਮਾਨਿਤ ਕੀਤਾ



**ਮੋਰਿੰਡਾ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਜ਼ਾਦੀ ਦਿਵਸ ਦੇ ਮੌਕੇ 'ਤੇ, ਰੂਪਨਗਰ ਦੇ ਡਿਪਟੀ ਕਮਿਸ਼ਨਰ ਆਦਿਤਿਆ ਢੇਚਲਵਾਲ ਨੇ ਰੂਪਨਗਰ ਦੇ ਨਹਿਰੂ ਸਟੇਡੀਅਮ ਵਿੱਚ ਰਾਸ਼ਟਰੀ ਝੰਡਾ ਲਹਿਰਾ ਕੇ ਆਜ਼ਾਦੀ ਦਿਵਸ ਮਨਾਇਆ। ਇਸ ਮੌਕੇ, ਆਜ਼ਾਦੀ ਘੁਲਾਟੀਆਂ ਅਤੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਗਏ। ਇਸ ਸਮਾਰੋਹ ਵਿੱਚ, ਆਜ਼ਾਦੀ ਅੰਦੋਲਨ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਵਾਲੇ ਰੂਪਨਗਰ ਦੇ ਇੱਕ ਬਹੁਤ ਮਸ਼ਹੂਰ ਅਤੇ ਸਪੱਸ਼ਟ ਪੱਤਰਕਾਰ ਸਵਰਗੀ ਸ਼੍ਰੀ ਨੌਬਤ ਰਾਏ ਦਰਦੀ ਦੇ ਪਰਿਵਾਰਕ ਮੈਂਬਰਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਗਏ। ਉਨ੍ਹਾਂ ਦੇ ਪੋਤੇ, ਪੱਤਰਕਾਰ ਦਵਿੰਦਰ ਦਰਦੀ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ, ਡਿਪਟੀ ਕਮਿਸ਼ਨਰ ਨੇ ਆਜ਼ਾਦੀ ਦਿਵਸ ਦਾ ਭਾਸ਼ਣ ਦਿੱਤਾ, ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਆਜ਼ਾਦੀ ਆਸਾਨੀ ਨਾਲ ਪ੍ਰਾਪਤ ਨਹੀਂ ਹੋਈ ਬਲਕਿ ਲੱਖਾਂ ਮਹਾਨ ਕੁਰਬਾਨੀਆਂ ਕਰਨ ਤੋਂ ਬਾਅਦ ਪ੍ਰਾਪਤ ਹੋਈ ਹੈ। ਲੋਕਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਦੇ ਹਰੇਕ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਉਹ ਦੇਸ਼ ਦੀ ਏਕਤਾ, ਅਖੰਡਤਾ, ਸਦਭਾਵਨਾ ਅਤੇ ਤਰੱਕੀ ਲਈ ਆਪਣੀ ਜ਼ਿੰਮੇਵਾਰੀ ਨਿਭਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਅਤੇ ਰੂਪਨਗਰ ਜ਼ਿਲ੍ਹੇ ਦੇ ਵਿਕਾਸ ਲਈ ਲਗਾਤਾਰ ਵਿਸ਼ੇਸ਼ ਪਹਿਲਕਦਮੀਆਂ ਅਤੇ ਯਤਨ ਕਰ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਰੂਪਨਗਰ ਜ਼ਿਲ੍ਹੇ ਦੇ ਹਲਕਾ ਵਿਧਾਇਕ ਐਡਵੋਕੇਟ ਸ਼੍ਰੀ ਦਿਨੇਸ਼ ਚੱਢਾ, ਹਲਕਾ ਚਮਕੌਰ ਸਾਹਿਬ ਦੇ ਵਿਧਾਇਕ ਡਾ. ਚਰਨਜੀਤ ਸਿੰਘ ਚੰਨੀ, ਜ਼ਿਲ੍ਹਾ ਅਤੇ ਸੈਸ਼ਨ ਜੱਜ ਮਨਜੋਤ ਕੌਰ, ਏਡੀਸੀ ਚੰਦਰਜਯੋਤੀ ਸਿੰਘ, ਏਡੀਸੀ ਅਕਸ਼ਿਤਾ ਗੁਪਤਾ, ਐਸਪੀ ਅਰਵਿੰਦ ਮੀਨਾ, ਐਸਪੀ ਜੀ ਸ਼ਾਮਲ ਸਨ।

# ਜੋ ਪਿਛਲੀਆਂ ਸਰਕਾਰਾਂ ਦਹਾਕਿਆਂ ਤੋਂ ਕਰਨ ਵਿੱਚ ਅਸਫਲ ਰਹੀਆਂ, ਭਗਵੰਤ ਮਾਨ ਸਰਕਾਰ ਨੇ ਸਿਰਫ਼ 4.5 ਸਾਲਾਂ ਵਿੱਚ ਪ੍ਰਾਪਤ ਕਰ ਲਿਆ ਹੈ: ਹਰਜੋਤ ਸਿੰਘ ਬੈਂਸ

**➢ ਸਰਕਾਰ ਨੇ ਸਕੂਲੀ ਬੁਨਿਆਦੀ ਢਾਂਚੇ ਵਿੱਚ 2,300 ਕਰੋੜ ਦਾ ਨਿਵੇਸ਼ ਕੀਤਾ, 9,000 ਨਵੇਂ ਕਲਾਸਰੂਮ ਅਤੇ ਲੈਬ ਬਣਾਏ, 13,920 ਨਵੇਂ ਪਖਾਨੇ ਬਣਾਏ ➢ ਪੰਜਾਬ ਦੀ ਸਿੱਖਿਆ ਕ੍ਰਾਂਤੀ ਨੇ 10,000+ ਇੰਟਰਐਕਟਿਵ ਪੈਨਲਾਂ, 5,012 ਐਡਵਾਂਸਡ ਕੰਪਿਊਟਰ ਲੈਬਾਂ ਅਤੇ ਵਾਈ-ਫਾਈ ਨਾਲ ਸਰਕਾਰੀ ਸਕੂਲਾਂ ਨੂੰ ਬਦਲ ਦਿੱਤਾ ਹੈ: ਹਰਜੋਤ ਸਿੰਘ ਬੈਂਸ**

**ਚੰਡੀਗੜ੍ਹ 19 ਅਗਸਤ**
**-ਛਤਰਪਾਲ ਸਿੰਘ-**

ਸਕੂਲ ਸਿੱਖਿਆ ਦੀ ਸਾਢੇ ਚਾਰ ਸਾਲਾਂ ਦੀ ਸਥਿਤੀ ਰਿਪੋਰਟ ਪੇਸ਼ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ 2,300 ਕਰੋੜ ਰੁਪਏ ਦੇ ਸੁਧਾਰ ਪ੍ਰੋਗਰਾਮ ਰਾਹੀਂ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਬਦਲ ਦਿੱਤਾ ਹੈ, ਜਿਸ ਨਾਲ ਪੰਜਾਬ ਕੇਰਲਾ ਨੂੰ ਪਛਾੜ ਕੇ ਨੀਤੀ (ਨੈਸ਼ਨਲ ਇੰਸਟੀਚਿਊਸ਼ਨ ਫਾਰ ਟ੍ਰਾਂਸਫਾਰਮਿੰਗ ਇੰਡੀਆ) ਆਯੋਗ ਰਿਪੋਰਟ 2026-27 ਵਿੱਚ ਸਕੂਲ ਸਿੱਖਿਆ ਵਿੱਚ ਪਹਿਲੇ ਸਥਾਨ 'ਤੇ ਆ ਗਿਆ ਹੈ।

ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਵਿੱਚ ਸਟੇਟਸ ਰਿਪੋਰਟ ਪੇਸ਼ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 2022 ਤੋਂ ਲੈ ਕੇ ਹੁਣ ਤੱਕ 3.64 ਲੱਖ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਤਬਦੀਲ ਹੋਏ ਹਨ, ਜੋ ਕਿ ਸਰਕਾਰੀ ਸਕੂਲਾਂ ਵਿੱਚ ਵਧ ਰਹੇ ਜਨਤਾ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ ਇਸ ਤਬਦੀਲੀ ਦਾ ਕਾਰਨ ਮਾਰਚ 2022 ਵਿੱਚ ਅਹੁਦਾ ਸੰਭਾਲਣ ਤੋਂ ਬਾਅਦ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ 'ਤੇ ਸੂਬਾ ਸਰਕਾਰ ਦੇ ਨਿਰੰਤਰ ਧਿਆਨ ਨੂੰ ਦੱਸਿਆ।

'ਆਪ' ਦੇ ਚੋਣ ਵਾਅਦੇ ਨੂੰ ਯਾਦ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰ ਪਿੰਡ ਅਤੇ ਸ਼ਹਿਰ ਵਿੱਚ ਗਏ ਅਤੇ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਠੀਕ ਕਰਨ ਲਈ ਇੱਕ ਮੌਕਾ ਮੰਗਿਆ। ਪੰਜਾਬ ਦੇ ਲੋਕਾਂ ਨੇ ਇਸੇ ਕਹਾਣੀ 'ਤੇ 'ਆਪ' ਨੂੰ 92 ਸੀਟਾਂ ਦੇ ਕੇ ਆਪਣੀ ਪ੍ਰਗਤੀਸ਼ੀਲ ਮਾਨਸਿਕਤਾ ਦਿਖਾਈ। ਅਸੀਂ ਉਸ ਭਰੋਸੇ ਦਾ ਸਨਮਾਨ ਕੀਤਾ।

ਸਿੱਖਿਆ ਮੰਤਰੀ ਨੇ ਕਿਹਾ, ਸਾਨੂੰ 2022 ਵਿੱਚ ਵਿਰਾਸਤ ਵਿੱਚ ਮਿਲੀ ਸਿੱਖਿਆ ਪ੍ਰਣਾਲੀ ਖਸਤਾ ਹਾਲਤ ਵਿੱਚ ਸੀ। ਜ਼ਿਆਦਾਤਰ ਸਕੂਲਾਂ ਵਿੱਚ ਕੋਈ ਚਾਰਦੀਵਾਰੀ ਨਹੀਂ ਸੀ। 5,000 ਤੋਂ ਵੱਧ ਸਕੂਲਾਂ ਵਿੱਚ ਕੋਈ ਕੰਮ ਕਰਨ ਵਾਲੇ ਪਖਾਨੇ ਨਹੀਂ ਸਨ। 4 ਲੱਖ ਬੱਚੇ ਫਰਸ਼ 'ਤੇ ਬੈਠਣ ਲਈ ਮਜਬੂਰ ਸਨ। 500 ਸਕੂਲਾਂ ਵਿੱਚ ਪੀਣ ਵਾਲਾ ਪਾਣੀ ਨਹੀਂ ਸੀ। ਅਤੇ ਪਾਠ-ਪੁਸਤਕਾਂ 5 ਮਹੀਨੇ ਦੇਰੀ ਨਾਲ ਪਹੁੰਚੀਆਂ। ਇਹ ਸੀ ਪੰਜਾਬ ਦੀ ਸਿੱਖਿਆ ਦੀ ਹਕੀਕਤ।

ਬੁਨਿਆਦੀ ਢਾਂਚੇ ਦੇ ਬਦਲਾਅ ਦੇ ਪੈਮਾਨੇ 'ਤੇ ਚਾਨਣਾ ਪਾਉਂਦੇ ਹੋਏ, ਉਨ੍ਹਾਂ ਕਿਹਾ, ਭਗਵੰਤ ਮਾਨ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਸਕੂਲ ਬੁਨਿਆਦੀ ਢਾਂਚੇ ਵਿੱਚ 2,300 ਕਰੋੜ ਦਾ ਨਿਵੇਸ਼ ਕੀਤਾ ਹੈ, ਜੋ ਕਿ ਪ੍ਰਤੀ ਸਕੂਲ ਔਸਤਨ 15 ਲੱਖ ਹੈ। ਨਤੀਜੇ ਵਜੋਂ, 13,920 ਨਵੇਂ ਪਖਾਨੇ ਬਣਾਏ ਗਏ ਹਨ ਅਤੇ ਰਾਜ ਦੇ ਹਰ ਸਕੂਲ ਵਿੱਚ ਹੁਣ ਕਾਰਜਸ਼ੀਲ ਪਖਾਨੇ ਹਨ। 2 ਲੱਖ ਡੈਸਕ ਵੰਡੇ ਗਏ ਹਨ, ਜਿਸ ਨਾਲ ਇਹ ਯਕੀਨੀ ਬਣਾਇਆ ਜਾ ਸਕਦਾ ਹੈ ਕਿ ਅੱਜ ਕੋਈ ਵੀ ਬੱਚਾ ਫਰਸ਼ 'ਤੇ ਨਾ ਬੈਠੇ।

9,000 ਤੋਂ ਵੱਧ ਨਵੇਂ ਕਲਾਸਰੂਮ ਅਤੇ ਲੈਬ ਬਣਾਏ ਗਏ ਹਨ, ਜਦੋਂ ਕਿ ਕਲਾਸਰੂਮਾਂ ਵਿੱਚ 10,000 ਤੋਂ ਵੱਧ ਇੰਟਰਐਕਟਿਵ ਪੈਨਲ ਲਗਾਏ ਗਏ ਹਨ। ਇਸ ਤੋਂ ਇਲਾਵਾ, 5,012 ਸਕੂਲਾਂ ਨੂੰ ਉੱਨਤ ਕੰਪਿਊਟਰ ਲੈਬਾਂ ਨਾਲ ਅਪਗ੍ਰੇਡ ਕੀਤਾ ਗਿਆ ਹੈ। ਪੰਜਾਬ ਦੇ ਸਾਰੇ ਸਰਕਾਰੀ ਸਕੂਲ ਹੁਣ ਵਾਈ-



ਫਾਈ ਨਾਲ ਲੈਸ ਹੋ ਗਏ ਹਨ ਅਤੇ 99.9% ਸਕੂਲਾਂ ਦੀਆਂ ਚਾਰਦੀਵਾਰੀਆਂ ਹਨ, ਉਨ੍ਹਾਂ ਅੱਗੇ ਕਿਹਾ।

ਬੁਨਿਆਦੀ ਢਾਂਚੇ ਦੇ ਵਿਕਾਸ ਦੀ ਗਤੀ ਵੱਲ ਇਸ਼ਾਰਾ ਕਰਦੇ ਹੋਏ, ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਇਸ ਬਾਰੇ ਸੋਚੋ, ਸਾਡੀ ਸਰਕਾਰ ਦੁਆਰਾ 9,000 ਨਵੇਂ ਕਲਾਸਰੂਮ ਬਣਾਏ ਗਏ ਹਨ। ਦਿਨਾਂ ਦੀ ਗਣਨਾ ਕਰੋ ਅਤੇ ਵੰਡ ਕਰੋ। ਦੇਖੋ ਕਿ ਹਰ ਦਿਨ ਕਿੰਨੇ ਬਣਾਏ ਗਏ ਸਨ।

ਸਰਕਾਰੀ ਸਕੂਲਾਂ ਵਿੱਚ ਸਹੂਲਤਾਂ ਦੇ ਵਿਸਥਾਰ 'ਤੇ ਚਾਨਣਾ ਪਾਉਂਦਿਆਂ, ਮੰਤਰੀ ਨੇ ਕਿਹਾ, ਸਰਕਾਰੀ ਸਕੂਲ ਹੁਣ ਨਿੱਜੀ ਸੰਸਥਾਵਾਂ ਲਈ ਰਾਖਵੀਆਂ ਖੇਡ ਸਹੂਲਤਾਂ ਦਾ ਮਾਣ ਕਰਦੇ ਹਨ, ਜਿਨ੍ਹਾਂ ਵਿੱਚ ਸਵੀਮਿੰਗ ਪੂਲ, ਸ਼ੂਟਿੰਗ ਰੇਂਜ, ਬਾਸਕਟਬਾਲ ਅਤੇ ਟੈਨਿਸ ਕੋਰਟ, ਕਬੱਡੀ ਮੈਟ, ਕੁਸ਼ਤੀ ਅਤੇ ਮੁੱਕੇਬਾਜ਼ੀ ਰਿੰਗ ਸ਼ਾਮਲ ਹਨ।

ਉਨ੍ਹਾਂ ਕਿਹਾ, ਭਗਵੰਤ ਮਾਨ ਸਰਕਾਰ ਨੇ ਅਧਿਆਪਕਾਂ ਨੂੰ ਬੇਮਿਸਾਲ ਐਕਸਪੋਜ਼ਰ ਦਿੱਤਾ। ਕਈ ਬੈਚਾਂ ਵਿੱਚ, ਪ੍ਰਿੰਸੀਪਲਾਂ ਨੂੰ ਸਿੰਗਾਪੁਰ, ਪ੍ਰਾਇਮਰੀ ਅਧਿਆਪਕਾਂ ਨੂੰ ਫਿਨਲੈਂਡ ਅਤੇ ਹੈੱਡਮਾਸਟਰਾਂ ਨੂੰ IIM ਅਹਿਮਦਾਬਾਦ ਸਿਖਲਾਈ ਲਈ ਭੇਜਿਆ ਗਿਆ।

ਸਕੂਲਾਂ ਵਿੱਚ ਸੁਰੱਖਿਆ ਅਤੇ ਰੱਖ-ਰਖਾਅ ਬਾਰੇ ਬੋਲਦਿਆਂ, ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਾਬਕਾ ਫੌਜੀਆਂ ਨੂੰ ਕੈਂਪਸ ਮੈਨੇਜਰ ਵਜੋਂ ਤਾਇਨਾਤ ਕੀਤਾ ਗਿਆ ਹੈ। ਇਸ ਤੋਂ ਇਲਾਵਾ, 500 ਤੋਂ ਵੱਧ ਵਿਦਿਆਰਥੀਆਂ ਵਾਲੇ ਹਰੇਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਦੋ ਸੁਰੱਖਿਆ ਗਾਰਡ ਤਾਇਨਾਤ ਕੀਤੇ ਗਏ ਹਨ। ਹੁਣ ਵਿਦਿਆਰਥੀਆਂ ਦੀ ਗਿਣਤੀ ਦੇ ਆਧਾਰ 'ਤੇ ਸਕੂਲਾਂ ਨੂੰ 3,000 ਤੋਂ 50,000 ਤੱਕ ਦੇ ਮਾਸਿਕ ਸਫਾਈ ਫੰਡ ਪ੍ਰਦਾਨ ਕੀਤੇ ਜਾ ਰਹੇ ਹਨ।

ਸਿੱਖਿਆ ਮੰਤਰੀ ਨੇ ਅਕਾਦਮਿਕ ਨਤੀਜਿਆਂ ਵਿੱਚ ਸੁਧਾਰ ਨੂੰ ਉਜਾਗਰ ਕਰਦੇ ਹੋਏ ਕਿਹਾ, ਪਿਛਲੇ ਚਾਰ ਸਾਲਾਂ ਵਿੱਚ 786 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ JEE ਪਾਸ ਕੀਤਾ ਅਤੇ 2,166 ਨੇ NEET ਪਾਸ ਕੀਤਾ। ਸਰਕਾਰੀ ਸਕੂਲਾਂ ਦੇ NEET-UG ਕੁਆਲੀਫਾਇਰ 2021 ਵਿੱਚ ਸਿਰਫ਼ 80 ਤੋਂ ਵੱਧ ਕੇ 2026 ਵਿੱਚ 882 ਹੋ ਗਏ, ਜੋ ਕਿ 10 ਗੁਣਾ ਤੋਂ ਵੱਧ ਵਾਧਾ ਹੈ। ਸਾਲ-ਵਾਰ ਵਾਧਾ 2024 ਵਿੱਚ 437 ਕੁਆਲੀਫਾਇਰ, 2025 ਵਿੱਚ 847 ਅਤੇ ਇਸ ਸਾਲ 882 ਦਰਸਾਉਂਦਾ ਹੈ। 361 ਵਿਦਿਆਰਥੀਆਂ ਨੇ JEE ਮੇਨਜ਼ ਲਈ ਕੁਆਲੀਫਾਈ ਕੀਤਾ, ਜਿਨ੍ਹਾਂ ਵਿੱਚੋਂ 64 ਨੇ JEE ਐਡਵਾਂਸਡ ਪਾਸ ਕੀਤਾ।

ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ 2022 ਤੋਂ ਲੈ ਕੇ ਹੁਣ ਤੱਕ 3.64 ਲੱਖ ਵਿਦਿਆਰਥੀ ਪ੍ਰਾਈਵੇਟ ਤੋਂ ਸਰਕਾਰੀ ਸਕੂਲਾਂ ਵਿੱਚ ਚਲੇ ਗਏ ਹਨ। ਇਹ ਸਰਕਾਰੀ ਸਕੂਲਾਂ ਵਿੱਚ ਵਧ ਰਹੇ ਜਨਤਾ ਦੇ ਵਿਸ਼ਵਾਸ ਨੂੰ ਸਾਬਤ ਕਰਦਾ ਹੈ, ਉਨ੍ਹਾਂ ਦੱਸਿਆ।

ਸਿੱਖਣ ਦੇ ਨਤੀਜਿਆਂ ਵਿੱਚ ਪੰਜਾਬ ਦੇ ਪ੍ਰਦਰਸ਼ਨ ਨੂੰ ਉਜਾਗਰ ਕਰਦੇ ਹੋਏ, ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਪੰਜਾਬ ਨੇ ਨੀਤੀ ਆਯੋਗ ਰਿਪੋਰਟ 2026-27 ਵਿੱਚ ਕਲਾਸਰੂਮ ਸਿੱਖਣ ਦੇ ਨਤੀਜਿਆਂ ਵਿੱਚ ਸਿਖਰ 'ਤੇ ਰਿਹਾ, ਕੇਰਲਾ ਨੂੰ ਪਿੱਛੇ ਛੱਡ ਦਿੱਤਾ, ਜਿਸਨੂੰ ਪਹਿਲਾਂ ਸਕੂਲ ਸਿੱਖਿਆ ਵਿੱਚ ਸੁਨਹਿਰੀ ਮਿਆਰ ਮੰਨਿਆ ਜਾਂਦਾ ਸੀ।

ਸਿੱਖਿਆ ਵਿੱਚ ਨਵੀਨਤਾ ਬਾਰੇ ਬੋਲਦਿਆਂ, ਸਿੱਖਿਆ ਮੰਤਰੀ ਨੇ ਕਿਹਾ, ਪੰਜਾਬ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਮੁੱਖ ਵਿਸ਼ੇ ਵਜੋਂ ਪੇਸ਼ ਕਰਨ ਵਾਲਾ ਪਹਿਲਾ ਸੂਬਾ ਬਣਿਆ। ਬਿਜ਼ਨਸ ਬਲਾਸਟਰ ਪ੍ਰੋਗਰਾਮ ਨੇ 2.30 ਲੱਖ ਵਿਦਿਆਰਥੀਆਂ ਨੂੰ ਅਸਲ ਵਪਾਰਕ ਤਜਰਬਾ ਦਿੱਤਾ। ਸਰਕਾਰ ਨੇ 29 ਕਰੋੜ ਦੀ ਸੀਡ ਮਨੀ ਪ੍ਰਦਾਨ ਕੀਤੀ ਅਤੇ ਵਿਦਿਆਰਥੀਆਂ ਨੇ 3 ਕਰੋੜ ਦਾ ਮੁਨਾਫ਼ਾ ਕਮਾਇਆ।

ਉਨ੍ਹਾਂ ਅੱਗੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ 10ਵੀਂ ਜਮਾਤ ਤੋਂ ਬਾਅਦ ਪੜ੍ਹਾਈ ਛੱਡਣ ਵਾਲੇ ਵਿਦਿਆਰਥੀਆਂ ਲਈ 40 ਸਮਰਪਿਤ ਹੁਨਰ ਸਿੱਖਿਆ ਸਕੂਲ ਵੀ ਖੋਲ੍ਹੇ ਹਨ, ਜਿਸਦਾ ਉਦੇਸ਼ ਉਨ੍ਹਾਂ ਨੂੰ ਸਿੱਖਿਆ ਪ੍ਰਣਾਲੀ ਵਿੱਚ ਵਾਪਸ ਲਿਆਉਣਾ ਹੈ।

ਪਰਿਵਾਰਾਂ 'ਤੇ ਵਿੱਤੀ ਬੋਝ ਘਟਾਉਣ ਦੇ ਉਪਾਵਾਂ ਨੂੰ ਉਜਾਗਰ ਕਰਦੇ ਹੋਏ, ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਦੇਸ਼ ਵਿੱਚ ਸਿੱਖਿਆ ਦੀ ਲਾਗਤ ਇੱਕ ਗੰਭੀਰ ਮੁੱਦਾ ਬਣੀ ਹੋਈ ਹੈ। ਪੰਜਾਬ ਵਿੱਚ, ਅਸੀਂ ਮਾਪਿਆਂ ਨੂੰ ਰਾਹਤ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਸਰਕਾਰ ਨੇ ਸਾਲਾਨਾ ਸਕੂਲ ਫੀਸ ਵਾਧੇ ਨੂੰ ਵੱਧ ਤੋਂ ਵੱਧ 5 ਪ੍ਰਤੀਸ਼ਤ ਤੱਕ ਸੀਮਤ ਕੀਤਾ ਹੈ।

ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਪਹੁੰਚਯੋਗਤਾ ਬਾਰੇ ਬੋਲਦਿਆਂ, ਸਿੱਖਿਆ ਮੰਤਰੀ ਨੇ ਕਿਹਾ, ਪੰਜਾਬ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਬੱਸ ਸੇਵਾਵਾਂ ਸ਼ੁਰੂ ਕੀਤੀਆਂ, ਜਿਸ ਨਾਲ ਸੈਂਕੜੇ ਸਕੂਲਾਂ ਵਿੱਚ ਰੋਜ਼ਾਨਾ 15,000 ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਪਹੁੰਚਿਆ।

ਉਨ੍ਹਾਂ ਇਹ ਵੀ ਕਿਹਾ, 2023 ਅਤੇ 2025 ਵਿੱਚ ਦੋ ਵਿਨਾਸ਼ਕਾਰੀ ਹੜ੍ਹਾਂ ਦੇ ਬਾਵਜੂਦ, ਜਿਨ੍ਹਾਂ ਨੇ ਅੰਮ੍ਰਿਤਸਰ, ਗੁਰਦਾਸਪੁਰ, ਰੋਪੜ, ਫਿਰੋਜ਼ਪੁਰ ਅਤੇ ਫਾਜ਼ਿਲਕਾ ਦੇ 7,000 ਤੋਂ ਵੱਧ ਸਕੂਲਾਂ ਨੂੰ ਨੁਕਸਾਨ ਪਹੁੰਚਾਇਆ ਸੀ, ਸਰਕਾਰ ਸਿੱਖਿਆ ਪ੍ਰਤੀ ਵਚਨਬੱਧ ਰਹੀ। ਵਿਸ਼ਵ ਬੈਂਕ ਨਾਲ ਕੰਮ ਕਰਕੇ, 500 ਗੰਭੀਰ ਰੂਪ ਵਿੱਚ ਨੁਕਸਾਨੇ ਗਏ ਸਕੂਲਾਂ ਨੂੰ ਬਹਾਲ ਕੀਤਾ ਜਾ ਰਿਹਾ ਹੈ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਦੇ ਛੇ ਮਹੀਨਿਆਂ ਦੇ ਅੰਦਰ ਪੂਰਾ ਹੋਣ ਦੀ ਉਮੀਦ ਹੈ।

ਪੰਜਾਬ ਦੀ ਸਕੂਲ ਸਿੱਖਿਆ ਪ੍ਰਣਾਲੀ ਨੂੰ ਹੋਰ ਅੱਗੇ ਲਿਜਾਣ ਦੀ ਆਪਣੀ ਵਚਨਬੱਧਤਾ 'ਤੇ ਜ਼ੋਰ ਦਿੰਦੇ ਹੋਏ, ਹਰਜੋਤ ਸਿੰਘ ਬੈਂਸ ਨੇ ਕਿਹਾ, ਮੈਂ ਨਿੱਜੀ ਤੌਰ 'ਤੇ 2,000 ਤੋਂ ਵੱਧ ਸਕੂਲਾਂ ਦਾ ਦੌਰਾ ਕੀਤਾ ਹੈ। ਕੋਈ ਵੀ ਜ਼ਿਲ੍ਹਾ ਨਹੀਂ ਬਚਿਆ ਹੈ।

ਸਿੱਖਿਆ ਮੇਰਾ ਜਨੂੰਨ ਹੈ, ਇਹ ਮੇਰਾ ਜਨੂੰਨ ਹੈ। ਪੰਜਾਬ ਵਿੱਚ 20,000 ਸਕੂਲ ਹਨ ਅਤੇ ਮੈਂ ਇੱਕ ਮਿਸ਼ਨ 'ਤੇ ਹਾਂ। 2 ਸਾਲਾਂ ਵਿੱਚ, ਪੰਜਾਬ ਪਹਿਲਾ ਸੂਬਾ ਹੋਵੇਗਾ ਜੋ ਕਹੇਗਾ: ਇੱਕ ਵੀ ਸਕੂਲ ਵਿੱਚ ਕਿਸੇ ਚੀਜ਼ ਦੀ ਕਮੀ ਨਹੀਂ ਹੈ। ਸਾਡੇ ਲਈ ਸਿੱਖਿਆ ਸਭ ਤੋਂ ਵੱਡੀ ਤਰਜੀਹ ਹੈ।

# ਗੁਰੂ ਨਾਨਕ ਮਾਡਲ ਸਕੂਲ ਜੌਣੇਵਾਲ ਵਿਖੇ ਧੂਮ-ਧਾਮ ਨਾਲ ਮਨਾਇਆ ਗਿਆ ਅਜ਼ਾਦੀ ਦਾ ਦਿਹਾੜਾ



**ਮਾਛੀਵਾੜਾ ਸਾਹਿਬ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੁਰੂ ਨਾਨਕ ਮਾਡਲ ਸਕੂਲ ਜੌਣੇਵਾਲ ਵਿਖੇ ਦੇਸ਼ ਆਜ਼ਾਦੀ ਦਿਹਾੜਾ ਬਹੁਤ ਹੀ ਉਤਸ਼ਾਹ ਅਤੇ ਦੇਸ਼-ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਖ਼ਾਸ ਮੌਕੇ 'ਤੇ ਸਕੂਲ ਕੈਂਪਸ ਨੂੰ ਤਿਰੰਗੇ ਝੰਡਿਆਂ ਅਤੇ ਰੰਗ-ਬਿਰੰਗੇ ਗੁਬਾਰਿਆਂ ਨਾਲ ਬਹੁਤ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ। ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਗੁਰਮੀਤ ਸਿੰਘ ਢਿੱਲੋਂ, ਐਮ.ਡੀ ਮੈਡਮ ਸੁਰਿੰਦਰ ਕੌਰ, ਪ੍ਰਿੰਸੀਪਲ ਪ੍ਰਦੀਪ ਕੌਰ ਢਿੱਲੋਂ ,ਮੈਨੇਜਮੈਂਟ ਕਮੇਟੀ ਅਤੇ ਮੈਡਮ ਸਰਬਜੀਤ ਕੌਰ ਵੱਲੋਂ ਸਾਂਝੇ ਰੂਪ ਵਿੱਚ ਕਰਵਾਈ ਗਈ।ਸਕੂਲ ਸਮਾਗਮ ਦੀ ਸ਼ੁਰੂਆਤ ਮਹਿਮਾਨਾਂ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ। ਜਿਸ ਤੋਂ ਬਾਅਦ ਸਾਰਿਆਂ ਨੇ ਮਿਲ ਕੇ ਰਾਸ਼ਟਰੀ ਗੀਤ ਗਾਇਆ। ਪ੍ਰਿੰਸੀਪਲ ਪ੍ਰਦੀਪ ਕੌਰ ਢਿੱਲੋਂ ਨੇ ਬੱਚਿਆਂ ਨੂੰ ਸੁਤੰਤਰਤਾ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ ।

ਇਸ ਦੇਸ਼-ਭਗਤੀ ਦੇ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਬੱਚਿਆਂ ਵੱਲੋਂ ਦੇਸ਼-ਭਗਤੀ ਦੇ ਗੀਤ, ਕਵਿਤਾਵਾਂ, ਭਾਸ਼ਣ ਅਤੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਐਲ.ਕੇ.ਜੀ. ਜਮਾਤ ਦੀ ਵਿਦਿਆਰਥਣ ਏਕਮ ਨੂਰ ਕੌਰ ਨੇ ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਜਦਕਿ ਕੋਰੀਓਗ੍ਰਾਫੀ ਦੇ ਵਿੱਚ ਮੈਡਮ ਰਜਿੰਦਰ ਕੌਰ ਮੈਡਮ ਕਿਰਨ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਸਾਰੀਆਂ ਆਈਟਮਾਂ ਕਾਬਲੇ ਤਾਰੀਫ ਸਨ॥ਸਕੂਲ ਐੱਮ.ਡੀ ਮੈਡਮ ਸੁਰਿੰਦਰ ਕੌਰ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਆਜ਼ਾਦੀ ਦੇ ਮਹੱਤਵ ਬਾਰੇ ਦੱਸਿਆ। ਉਨ੍ਹਾਂ ਨੇ ਬੱਚਿਆਂ ਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ, ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਸਟਾਫ ਮੈਂਬਰ ਵੀ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਵੱਲੋਂ ਪਾਕਿਸਤਾਨੀ ਰਾਜਦੂਤ ਨਾਲ ਮੁਲਾਕਾਤ, 7500 ਸ਼ਰਧਾਲੂਆਂ ਲਈ ਵੀਜ਼ੇ ਦੀ ਮੰਗ

**ਨਵੀਂ ਦਿੱਲੀ, 19 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਨਵੰਬਰ ਵਿੱਚ ਨਨਕਾਣਾ ਸਾਹਿਬ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਮਾਗਮਾਂ ਲਈ ਪਾਕਿਸਤਾਨ ਦੀ ਸਾਲਾਨਾ ਯਾਤਰਾ ਲਈ 7,500 ਤੋਂ ਵੱਧ ਸਿੱਖ ਸ਼ਰਧਾਲੂਆਂ ਵੱਲੋਂ ਆਪਣੇ ਪਾਸਪੋਰਟ ਜਮ੍ਹਾਂ ਕਰਵਾਉਣ ਦੇ ਨਾਲ, ਸ਼੍ਰੋਮਣੀ ਕਮੇਟੀ ਨੇ ਪਾਕਿਸਤਾਨ ਹਾਈ ਕਮਿਸ਼ਨ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਕੋਟੇ ਤੋਂ ਵੱਧ ਕੇ ਵੱਧ ਤੋਂ ਵੱਧ ਸੰਭਵ ਸ਼ਰਧਾਲੂਆਂ ਨੂੰ ਵੀਜ਼ੇ ਜਾਰੀ ਕੀਤੇ ਜਾਣ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਇੱਕ ਉੱਚ-ਪੱਧਰੀ ਵਫ਼ਦ ਨੇ ਨਵੀਂ ਦਿੱਲੀ ਵਿੱਚ ਪਾਕਿਸਤਾਨ ਹਾਈ ਕਮਿਸ਼ਨ ਦੇ ਚਾਰਜ ਡੀ ਅਫੇਅਰਜ਼ ਅਹਿਮਦ ਵੜੈਚ ਨਾਲ ਮੁਲਾਕਾਤ ਕੀਤੀ ਅਤੇ ਸਾਰੇ ਯੋਗ ਸ਼ਰਧਾਲੂਆਂ ਲਈ ਵੀਜ਼ੇ ਦੀ ਮੰਗ ਕਰਦਿਆਂ ਇੱਕ ਲਿਖਤੀ ਮੰਗ ਪੱਤਰ ਸੌਂਪਿਆ।

ਹਾਈ ਕਮਿਸ਼ਨ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਲਈ ਪਾਕਿਸਤਾਨ ਜਾਣ ਦੇ ਇੱਛੁਕ ਸ਼ਰਧਾਲੂਆਂ ਦੇ 7,500 ਤੋਂ ਵੱਧ ਪਾਸਪੋਰਟ ਪ੍ਰਾਪਤ ਹੋਏ ਹਨ। ਧਾਮੀ ਨੇ ਕਿਹਾ, ਹਰੇਕ ਸਿੱਖ ਦੀ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਇੱਛਾ ਹੁੰਦੀ ਹੈ, ਅਤੇ ਤੀਰਥ ਯਾਤਰਾ ਨਾਲ ਜੁੜੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਕਿਸਤਾਨ ਹਾਈ ਕਮਿਸ਼ਨ ਨੂੰ ਖੁੱਲ੍ਹੇ ਦਿਲ ਨਾਲ ਵੀਜ਼ੇ ਜਾਰੀ ਕਰਨ ਦੀ ਅਪੀਲ ਕੀਤੀ।

ਧਾਰਮਿਕ ਅਸਥਾਨਾਂ ਦੀ ਯਾਤਰਾ ਨੂੰ ਨਿਯੰਤਰਿਤ ਕਰਨ ਵਾਲੇ ਭਾਰਤ-ਪਾਕਿਸਤਾਨ ਸਮਝੌਤਿਆਂ ਦੇ ਤਹਿਤ, ਸ਼੍ਰੋਮਣੀ ਕਮੇਟੀ ਹਰ ਸਾਲ ਸਿੱਖ ਸ਼ਰਧਾਲੂਆਂ ਦਾ ਇੱਕ ਜਥਾ ਪਾਕਿਸਤਾਨ ਭੇਜਦੀ ਹੈ। ਧਾਮੀ ਨੇ ਕਿਹਾ ਕਿ ਪਾਕਿਸਤਾਨ ਹਾਈ ਕਮਿਸ਼ਨ ਆਮ ਤੌਰ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਭੇਜੇ ਗਏ ਲਗਪਗ 1800 ਸ਼ਰਧਾਲੂਆਂ ਨੂੰ ਵੀਜ਼ਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮੰਗ ਵਿੱਚ ਆਈ ਇਹ ਵੱਡੀ ਤੇਜ਼ੀ ਅੰਸ਼ਕ ਤੌਰ 'ਤੇ ਕਰਤਾਰਪੁਰ ਸਾਹਿਬ ਲਾਂਘਾ ਬੰਦ ਹੋਣ ਅਤੇ ਕੁਝ ਸਮੇਂ ਲਈ ਨਿੱਜੀ ਤੌਰ 'ਤੇ ਆਯੋਜਿਤ ਸਿੱਖ ਜਥਿਆਂ ਨੂੰ ਵੀਜ਼ੇ ਨਾ ਮਿਲਣ ਨਾਲ ਜੁੜੀ ਹੋਈ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਨਾਂ ਨੇ ਸ਼ਰਧਾਲੂਆਂ ਵਿੱਚ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਕਰਨ ਦੀ ਇੱਛਾ ਨੂੰ ਹੋਰ ਵਧਾ ਦਿੱਤਾ ਹੈ। ਧਾਮੀ ਨੇ ਕਿਹਾ, 7,500 ਤੋਂ ਵੱਧ ਸਿੱਖ ਸ਼ਰਧਾਲੂਆਂ ਨੇ ਸ਼੍ਰੋਮਣੀ ਕਮੇਟੀ ਦਫ਼ਤਰ ਵਿੱਚ ਆਪਣੇ ਪਾਸਪੋਰਟ ਜਮ੍ਹਾਂ ਕਰਵਾਏ ਹਨ, ਅਤੇ ਇਸ ਗਿਣਤੀ ਨੂੰ ਸਿਰਫ਼ ਇੱਕ ਅੰਕੜਾ ਨਹੀਂ ਬਲਕਿ ਗੁਰੂ ਨਾਨਕ ਦੇਵ ਜੀ ਅਤੇ ਉਨ੍ਹਾਂ ਨਾਲ ਸਬੰਧਤ ਇਤਿਹਾਸਕ ਗੁਰਦੁਆਰਿਆਂ ਪ੍ਰਤੀ ਭਾਈਚਾਰੇ ਦੀ ਡੂੰਘੀ ਸ਼ਰਧਾ ਅਤੇ ਭਾਵਨਾਤਮਕ ਲਗਾਵ ਦਾ ਪ੍ਰਗਟਾਵਾ ਦੱਸਿਆ।

ਇਸ ਲਈ ਸ਼੍ਰੋਮਣੀ ਕਮੇਟੀ ਨੇ ਪਾਕਿਸਤਾਨ ਹਾਈ ਕਮਿਸ਼ਨ ਤੋਂ ਆਮ ਕੋਟੇ ਤੋਂ ਬਾਹਰ ਜਾ ਕੇ ਇੰਨੀ ਵੱਡੀ ਗਿਣਤੀ ਵਿੱਚ ਬਿਨੈਕਾਰਾਂ ਨੂੰ ਐਡਜਸਟ ਕਰਨ ਲਈ ਵਿਸ਼ੇਸ਼ ਛੋਟ ਦੀ ਮੰਗ ਕੀਤੀ ਹੈ। ਧਾਮੀ ਨੇ ਕਿਹਾ ਕਿ ਇਹ ਤੀਰਥ ਯਾਤਰਾ ਧਾਰਮਿਕ ਕਾਰਨਾਂ ਕਰਕੇ ਕੀਤੀ ਜਾ ਰਹੀ ਹੈ ਅਤੇ ਪਾਕਿਸਤਾਨ ਨੂੰ ਵੀਜ਼ੇ ਦੀ ਬੇਨਤੀ ਨੂੰ ਇਸੇ ਸੰਦਰਭ ਵਿੱਚ ਵੇਖਣ ਦੀ ਅਪੀਲ ਕੀਤੀ। ਇਹ ਅਪੀਲ ਅਜਿਹੇ ਸਮੇਂ ਆਈ ਹੈ ਜਦੋਂ ਕਰਤਾਰਪੁਰ ਸਾਹਿਬ ਲਾਂਘਾ ਮੁਅੱਤਲ ਹੈ, ਜਿਸ ਨੇ ਸਰਹੱਦ ਪਾਰ ਸਿੱਖ ਧਾਰਮਿਕ ਅਸਥਾਨਾਂ ਤੱਕ ਆਸਾਨ ਪਹੁੰਚ ਲਈ ਭਾਈਚਾਰੇ ਦੀ ਮੰਗ ਵਿੱਚ ਇੱਕ ਹੋਰ ਪਰਤ ਜੋੜ ਦਿੱਤੀ ਹੈ।

ਪੰਜਾਬ ਵਿੱਚ ਡੇਰਾ ਬਾਬਾ ਨਾਨਕ ਨੂੰ ਕਰਤਾਰਪੁਰ ਵਿੱਚ ਗੁਰਦੁਆਰਾ ਦਰਬਾਰ ਸਾਹਿਬ ਨਾਲ ਜੋੜਨ ਵਾਲੇ ਵੀਜ਼ਾ-ਮੁਕਤ ਲਾਂਘੇ ਨੂੰ 7 ਮਈ, 2025 ਨੂੰ ਪਹਿਲਗਾਮ ਅਤਿਵਾਦੀ ਹਮਲੇ ਅਤੇ ਉਸ ਤੋਂ ਬਾਅਦ ਭਾਰਤ-ਪਾਕਿਸਤਾਨ ਸਬੰਧਾਂ ਵਿੱਚ ਆਈ ਗਿਰਾਵਟ ਤੋਂ ਬਾਅਦ ਮੁਅੱਤਲ ਕਰ ਦਿੱਤਾ ਗਿਆ ਸੀ। ਕੇਂਦਰ ਨੇ ਪਿਛਲੇ ਮਹੀਨੇ ਲੋਕ ਸਭਾ ਵਿੱਚ ਦੁਹਰਾਇਆ ਸੀ ਕਿ ਇਹ ਲਾਂਘਾ ਮੁਅੱਤਲ ਰਹੇਗਾ ਅਤੇ ਕਿਹਾ ਸੀ ਕਿ ਮੌਜੂਦਾ ਸੁਰੱਖਿਆ ਦ੍ਰਿਸ਼ਟੀਕੋਣ ਇਸ ਦੇ ਲਗਾਤਾਰ ਬੰਦ ਰਹਿਣ ਲਈ ਮਜਬੂਰ ਕਰਦਾ ਹੈ। ਹਾਲਾਂਕਿ, ਸਰਕਾਰ ਨੇ ਇਸ ਨੂੰ ਮੁੜ ਖੋਲ੍ਹਣ ਦੀ ਮੰਗ ਕਰਨ ਵਾਲੀਆਂ ਸਿੱਖ ਧਾਰਮਿਕ ਜਥੇਬੰਦੀਆਂ ਦੀਆਂ ਅਰਜ਼ੀਆਂ ਪ੍ਰਾਪਤ ਹੋਣ ਦੀ ਗੱਲ ਸਵੀਕਾਰ ਕੀਤੀ ਹੈ।

ਲਾਂਘੇ ਦੀ ਮੁਅੱਤਲੀ ਦੇ ਬਾਵਜੂਦ ਸਿੱਖ ਜਥੇ 1974 ਦੇ ਧਾਰਮਿਕ ਅਸਥਾਨਾਂ ਦੀਆਂ ਯਾਤਰਾਵਾਂ ਬਾਰੇ ਭਾਰਤ-ਪਾਕਿਸਤਾਨ ਪ੍ਰੋਟੋਕੋਲ ਤਹਿਤ ਮਹੱਤਵਪੂਰਨ ਧਾਰਮਿਕ ਮੌਕਿਆਂ 'ਤੇ ਪਾਕਿਸਤਾਨ ਦੀ ਯਾਤਰਾ ਕਰਦੇ ਰਹੇ ਹਨ, ਜੋ ਕਿ ਸਰਕਾਰੀ ਮਨਜ਼ੂਰੀ ਅਤੇ ਸੁਰੱਖਿਆ ਪ੍ਰਵਾਨਗੀਆਂ ਦੇ ਅਧੀਨ ਹੈ।

ਧਾਮੀ ਨੇ ਭਾਰਤ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਪਾਕਿਸਤਾਨ ਕੋਲ ਵੀਜ਼ੇ ਦਾ ਮੁੱਦਾ ਚੁੱਕੇ ਅਤੇ ਵੱਧ ਤੋਂ ਵੱਧ ਸ਼ਰਧਾਲੂਆਂ ਦੀ ਯਾਤਰਾ ਦੀ ਸਹੂਲਤ ਪ੍ਰਦਾਨ ਕਰੇ। ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੀ ਮੰਗ ਨੂੰ ਦੁਹਰਾਇਆ ਕਿ ਕਰਤਾਰਪੁਰ ਸਾਹਿਬ ਲਾਂਘੇ ਨੂੰ ਤੁਰੰਤ ਮੁੜ ਖੋਲ੍ਹਿਆ ਜਾਵੇ, ਅਤੇ ਕਿਹਾ ਕਿ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਿਆ ਜਾਣਾ ਚਾਹੀਦਾ ਹੈ।

# ਕਾਲਜ ਵਿਖੇ ਤਿਰੰਗਾ ਜਾਗਰੂਕਤਾ ਅਤੇ ਸਹੁੰ ਸਮਾਗਮ ਕਰਵਾਇਆ



**ਲੁਧਿਆਣਾ, 19 ਅਗਸਤ**
**-ਜਗਮੇਲ ਸਿੰਘ ਢਿੱਲੋਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ(ਲੁਧਿ.) ਵਿਖੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਰਹਿਨੁਮਾਈ ਹੇਠ ਐਨ. ਐਸ.ਐਸ ਯੂਨਿਟ ਵੱਲੋਂ 80 ਵੇਂ ਆਜ਼ਾਦੀ ਦਿਵਸ ਨੂੰ ਸਮਰਪਿਤ ਤਿਰੰਗਾ ਜਾਗਰੂਕਤਾ ਅਤੇ ਸਹੁੰ ਸਮਾਗਮ ਕਰਵਾਇਆ ਗਿਆ। ਜਿਸ ਦਾ ਉਦੇਸ਼ ਵਿਦਿਆਰਥਣਾਂ ਵਿੱਚ ਰਾਸ਼ਟਰੀ ਝੰਡੇ ਪ੍ਰਤੀ ਸਤਿਕਾਰ, ਦੇਸ਼, ਪ੍ਰੇਮ, ਏਕਤਾ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਪੈਦਾ ਕਰਨਾ ਸੀ। ਸਮਾਗਮ ਦੌਰਾਨ ਵਿਦਿਆਰਥਣਾਂ ਨੂੰ ਭਾਰਤੀ ਤਿਰੰਗੇ ਦੀ ਮਹੱਤਤਾ ਅਤੇ ਇਸ ਵਿੱਚ ਮੌਜੂਦ ਤਿੰਨ ਰੰਗਾਂ ਅਤੇ ਅਸ਼ੋਕ ਚੱਕਰ ਦੇ ਅਰਥਾਂ ਬਾਰੇ ਜਾਣਕਾਰੀ ਦਿੱਤੀ। ਕੇਸਰੀ ਰੰਗ ਹਿੰਮਤ ਅਤੇ ਬਲੀਦਾਨ, ਚਿੱਟਾ ਰੰਗ ਸ਼ਾਂਤੀ ਅਤੇ ਸੱਚਾਈ ਜਦਕਿ ਹਰਾ ਰੰਗ ਵਿਕਾਸ ਅਤੇ ਖ਼ੁਸ਼ਹਾਲੀ ਦਾ ਪ੍ਰਤੀਕ ਹੈ। ਅਸ਼ੋਕ ਚੱਕਰ ਸਾਨੂੰ ਧਰਮ, ਕਰਤੱਵ ਅਤੇ ਨਿਰੰਤਰ ਅੱਗੇ ਵਧਣ ਦਾ ਸੰਦੇਸ਼ ਦਿੰਦਾ ਹੈ।ਇਸ ਮੌਕੇ ਡਾ.ਸੁਨੀਤਾ ਕੌਸ਼ਲ ਅਤੇ ਐਨ.ਐਸ.ਐਸ ਪ੍ਰੋਗਰਾਮ ਅਫਸਰ - ਡਾ.ਮਨਦੀਪ ਕੌਰ ਅਤੇ ਅਸਿ.ਪ੍ਰੋ. ਸੁਖਨਪ੍ਰੀਤ ਕੌਰ ਦੇ ਸਹਿਯੋਗ ਨਾਲ ਸਮੂਹ ਵਿਦਿਆਰਥਣਾਂ ਅਤੇ ਐਨ.ਐਸ.ਐਸ ਵਲੰਟੀਅਰਾਂ ਵੱਲੋਂ ਤਿਰੰਗੇ ਦੇ ਸਨਮਾਨ, ਦੇਸ਼ ਦੀ ਏਕਤਾ ਤੇ ਅਖੰਡਤਾ ਅਤੇ ਸੰਵਿਧਾਨਕ ਮੁੱਲਾਂ ਦੀ ਪਾਲਣਾ ਕਰਨ ਦੀ ਸਹੁੰ ਚੁੱਕੀ ਗਈ। ਵਿਦਿਆਰਥਣਾਂ ਨੇ ਦੇਸ਼ ਦੀ ਤਰੱਕੀ, ਸਫਾਈ, ਸ਼ਾਂਤੀ ਅਤੇ ਜ਼ਿੰਮੇਵਾਰ ਨਾਗਰਿਕਤਾ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ। ਇਸ ਸਮਾਗਮ ਦੀ ਪ੍ਰਸ਼ੰਸਾ ਕਰਦੇ ਹੋਏ ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਵਿਦਿਆਰਥਣਾਂ ਵਿੱਚ 'ਤਿਰੰਗਾ ਸਾਡੀ ਸ਼ਾਨ, ਭਾਰਤ ਸਾਡੀ ਜਾਨ' ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਇਹੋ ਜਿਹੇ ਪ੍ਰੋਗਰਾਮ ਬਹੁਤ ਸਹਾਈ ਹੁੰਦੇ ਹਨ। ਸਮਾਗਮ ਦੇ ਅੰਤ ਵਿੱਚ ਸਾਰਿਆਂ ਨੇ ਦੇਸ਼ ਭਗਤੀ ਦਾ ਗੀਤ ਗਾ ਕੇ ਦੇਸ਼ ਪ੍ਰਤੀ ਏਕਤਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।



# ਹਰਿਆਣਾ ਖ਼ਬਰਨਾਮਾ

## ਸੂਬਾ ਸਰਕਾਰ ਐਲੋਪੈਥੀ ਦੇ ਨਾਲ-ਨਾਲ ਰਵਾਇਤੀ ਮੈਡੀਕਲ ਪ੍ਰਣਾਲੀਆਂ ਨੂੰ ਵੀ ਦੇ ਰਹੀ ਹੈ ਬਢਾਵਾ : ਆਰਤੀ ਸਿੰਘ ਰਾਓ

**ਚੰਡੀਗੜ੍ਹ, 19 ਅਗਸਤ**
**-ਮਨੋਜ ਵਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਸਰਕਾਰ ਰਾਜ ਦੇ ਸਰਕਾਰੀ ਕਰਮਚਾਰੀਆਂ, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਤਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਕੜੀ ਵਿਚ ਰਾਜ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਮਈ 2023 ਵਿੱਚ ਲਾਗੂ ਕੀਤੀ ਗਈ 'ਆਯੂਸ਼ ਮੈਡੀਕਲ ਪ੍ਰਤੀਪੂਰਤੀ ਨੀਤੀ' ਦਾ ਲਾਭ ਹੁਣ ਲਾਭਪਾਤਰੀਆਂ ਤੱਕ ਸਿੱਧਾ ਪਹੁੰਚ ਰਿਹਾ ਹੈ। ਇਸ ਨੀਤੀ ਤਹਿਤ, ਜੇਕਰ ਕੋਈ ਯੋਗ ਵਿਅਕਤੀ ਰਵਾਇਤੀ ਅਤੇ ਕੁਦਰਤੀ ਮੈਡੀਕਲ ਪੱਧਤੀਆਂ ਰਾਹੀਂ ਆਪਣਾ ਇਲਾਜ ਕਰਵਾਉਂਦਾ ਹੈ, ਤਾਂ ਉਸ ਵੱਲੋਂ ਕੀਤੇ ਗਏ ਮੈਡੀਕਲ ਖਰਚਿਆਂ ਦੀ ਪ੍ਰਤੀਪੂਰਤੀ (ਰਿਇੰਬਰਸਮੈਂਟ) ਰਾਜ ਸਰਕਾਰ ਵੱਲੋਂ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਨੀਤੀ ਦਾ ਮੁੱਖ ਉਦੇਸ਼ ਐਲੋਪੈਥੀ ਦੇ ਨਾਲ-ਨਾਲ ਰਵਾਇਤੀ ਮੈਡੀਕਲ ਪ੍ਰਣਾਲੀਆਂ ਨੂੰ ਉਤਸ਼ਾਹ ਕਰਨਾ ਅਤੇ ਕਰਮਚਾਰੀਆਂ ਨੂੰ ਸਿਹਤ ਸੰਭਾਲ ਦੇ ਵਧੇਰੇ ਵਿਕਲਪ ਪ੍ਰਦਾਨ ਕਰਨਾ ਹੈ।

ਇਸ ਦੇ ਤਹਿਤ ਆਯੁਰਵੇਦ, ਯੋਗ, ਕੁਦਰਤੀ ਚਿਕਿਤ ?ਸਾ, ਯੂਨਾਨੀ, ਸਿੱਧ ਅਤੇ ਹੈਮੋਪੈਥੀ (AYUSH) ਵਰਗੀਆਂ ਪੱਧਤੀਆਂ ਨਾਲ ਕਰਵਾਇਆ ਗਿਆ ਇਲਾਜ ਪੂਰੀ ਤਰ੍ਹਾਂ ਕਵਰ ਹੁੰਦਾ ਹੈ। ਸਰਕਾਰ ਇਸ ਪਹਿਲਕਦਮੀ ਨਾਲ ਉਨ੍ਹਾਂ ਪੁਰਾਣੀਆਂ ਬਿਮਾਰੀਆਂ ਦੇ ਇਲਾਜ ਵਿੱਚ ਮਰੀਜ਼ਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ, ਜਿੱਥੇ ਲੋਕ ਐਲੋਪੈਥੀ ਦੀ ਜਗ੍ਹਾ ਰਵਾਇਤੀ ਅਤੇ ਕੁਦਰਤੀ ਇਲਾਜ ਨੂੰ ਤਰਜੀਹ ਦੇਣਾ ਚਾਹੁੰਦੇ ਹਨ।

ਸਿਹਤ ਮੰਤਰੀ ਨੇ ਅੱਗੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਯੂਸ਼ ਨੀਤੀ ਦੇ ਪ੍ਰਭਾਵੀ ਅਮਲ ਅਤੇ ਮਰੀਜ਼ਾਂ ਨੂੰ ਮਿਆਰੀ ਸਹੂਲਤਾਂ ਦੇਣ ਲਈ ਹਸਪਤਾਲਾਂ ਦੇ ਸੂਚੀਬੱਧ ਕਰਨ (Empanellment) 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਆਯੂਸ਼ ਮੈਡੀਕਲ ਪ੍ਰਤੀਪੂਰਤੀ ਨੀਤੀ ਤਹਿਤ ਹੁਣ ਤੱਕ ਆਯੂਸ਼ ਵਿਭਾਗ ਵੱਲੋਂ 18 ਨਿੱਜੀ ਅਤੇ ਮਾਹਰ ਹਸਪਤਾਲਾਂ ਨੂੰ ਐਂਪੈਨਲਡ ਕੀਤਾ ਜਾ ਚੁੱਕਾ ਹੈ। ਇਨ੍ਹਾਂ ਸੂਚੀਬੱਧ ਹਸਪਤਾਲਾਂ ਵਿੱਚ ਮਰੀਜ਼ ਬੇਝਿਜਕ ਹੋ ਕੇ ਆਯੂਸ਼ ਪੱਧਤੀਆਂ ਤੋਂ ਇਲਾਜ ਪ੍ਰਾਪਤ ਕਰ ਸਕਦੇ ਹਨ।

## ਭਾਰਤ-ਯੂਨਾਈਟਿਡ ਕਿੰਗਡਮ ਦਰਮਿਆਨ ਹੋਏ ਆਰਥਿਕ ਅਤੇ ਵਪਾਰਕ ਸਮਝੌਤੇ ਨਾਲ ਹਰਿਆਣਾ ਦੇ ਉਦਯੋਗਾਂ ਅਤੇ ਸੇਵਾ ਖੇਤਰ ਲਈ ਖੁੱਲ੍ਹਣਗੇ ਗਲੋਬਲ ਬਾਜ਼ਾਰ ਦੇ ਨਵੇਂ ਦਰਵਾਜ਼ੇ : ਮੁੱਖ ਮੰਤਰੀ

**ਚੰਡੀਗੜ੍ਹ, 19 ਅਗਸਤ**
**-ਜੀ. ਐਸ. ਤੁੰਗ-**

ਭਾਰਤ-ਯੂਨਾਈਟਿਡ ਕਿੰਗਡਮ ਵਿਆਪਕ ਆਰਥਿਕ ਅਤੇ ਵਪਾਰਕ ਸਮਝੌਤਾ (ਸੀ.ਈ.ਟੀ.ਏ.) ਹਰਿਆਣਾ ਦੇ ਉਦਯੋਗਾਂ, ਐਮ.ਐਸ.ਐਮ.ਈ., ਕਿਸਾਨਾਂ, ਨਿਰਯਾਤਕਾਂ ਅਤੇ ਸੇਵਾ ਖੇਤਰ ਲਈ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਵਿਸਤਾਰ ਦੇ ਨਵੇਂ ਮੌਕੇ ਲੈ ਕੇ ਆਇਆ ਹੈ। 15 ਜੁਲਾਈ, 2026 ਤੋਂ ਲਾਗੂ ਇਸ ਸਮਝੌਤੇ ਤਹਿਤ ਭਾਰਤ ਦੇ ਲਗਭਗ 99 ਫੀਸਦੀ ਨਿਰਯਾਤ ਨੂੰ ਯੂ.ਕੇ. ਦੇ ਬਾਜ਼ਾਰ ਵਿੱਚ ਡਿਊਟੀ-ਮੁਕਤ ਪਹੁੰਚ ਪ੍ਰਾਪਤ ਹੋਈ ਹੈ, ਜੋ ਲਗਭਗ 100 ਫੀਸਦੀ ਵਪਾਰ ਮੁੱਲ ਨੂੰ ਕਵਰ ਕਰਦੀ ਹੈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਭਾਰਤ ਨੂੰ 2047 ਤੱਕ ਵਿਕਸਤ ਰਾਸ਼ਟਰ ਬਣਾਉਣ ਦੀ ਦਿਸ਼ਾ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਦੁਨੀਆ ਦੇ ਵੱਡੇ ਅਤੇ ਪ੍ਰਭਾਵੀ ਦੇਸ਼ਾਂ ਨਾਲ ਵਪਾਰਕ ਸਬੰਧ ਮਜ਼ਬੂਤ ਬਣਾਏ ਜਾ ਰਹੇ ਹਨ। ਭਾਰਤ ਤੇ ਯੂ.ਕੇ. ਵਿਚਕਾਰ ਹੋਇਆ ਸਮਝੌਤਾ (ਸੀ.ਈ.ਟੀ.ਏ.) ਵੀ ਪ੍ਰਧਾਨ ਮੰਤਰੀ ਦੀ ਉਸੇ ਸੋਚ ਦਾ ਨਤੀਜਾ ਹੈ, ਜੋ ਵਪਾਰ ਦੇ ਖੇਤਰ ਵਿੱਚ ਭਾਰਤ ਦੀ ਅੰਤਰਰਾਸ਼ਟਰੀ ਛਲਾਂਗ ਸਾਬਤ ਹੋਵੇਗੀ। ਇਸ ਨਾਲ ਦੇਸ਼ ਦੇ ਸਾਰੇ ਰਾਜਾਂ, ਖਾਸ ਕਰਕੇ ਹਰਿਆਣਾ ਦੇ ਉਦਯੋਗਾਂ ਨੂੰ ਕਾਫ਼ੀ ਲਾਭ ਮਿਲੇਗਾ।

ਉਨ੍ਹਾਂ ਦੱਸਿਆ ਕਿ ਭਾਰਤ ਅਤੇ ਯੂਨਾਈਟਿਡ ਕਿੰਗਡਮ ਵਿਚਕਾਰ ਹੋਏ ਇਸ ਸਮਝੌਤੇ ਦੇ ਲਾਗੂ ਹੋਣ ਨਾਲ ਹਰਿਆਣਾ ਵਰਗੇ ਮਜ਼ਬੂਤ ਨਿਰਮਾਣ, ਖੇਤੀਬਾੜੀ, ਆਟੋਮੋਬਾਈਲ, ਇੰਜੀਨੀਅਰਿੰਗ, ਟੈਕਸਟਾਈਲ ਅਤੇ ਸੇਵਾ ਖੇਤਰ ਵਾਲੇ ਰਾਜ ਨੂੰ ਵਿਸ਼ੇਸ਼ ਲਾਭ ਮਿਲਣ ਦੀ ਸੰਭਾਵਨਾ ਹੈ। ਸਮਝੌਤੇ ਰਾਹੀਂ ਹਰਿਆਣਾ ਦੇ ਉਤਪਾਦਾਂ ਨੂੰ ਯੂ.ਕੇ. ਦੇ ਵੱਡੇ ਬਾਜ਼ਾਰ ਵਿੱਚ ਵਧੇਰੇ ਪ੍ਰਤੀਯੋਗੀ ਕੀਮਤ 'ਤੇ ਪਹੁੰਚਾਉਣ ਦਾ ਮੌਕਾ



ਮਿਲੇਗਾ ਅਤੇ ਰਾਜ ਦੇ ਨਿਰਯਾਤਕਾਂ ਨੂੰ ਗਲੋਬਲ ਵੈਲਯੂ ਚੇਨ ਨਾਲ ਜੁੜਨ ਵਿੱਚ ਮਦਦ ਮਿਲੇਗੀ।

ਮੁੱਖ ਮੰਤਰੀ ਨੇ ਦੱਸਿਆ ਕਿ ਸਮਝੌਤੇ ਤਹਿਤ ਜਿਨ੍ਹਾਂ ਪ੍ਰਮੁੱਖ ਖੇਤਰਾਂ ਨੂੰ ਲਾਭ ਮਿਲਣ ਦੀ ਸੰਭਾਵਨਾ ਹੈ, ਉਨ੍ਹਾਂ ਵਿੱਚ ਟੈਕਸਟਾਈਲ ਅਤੇ ਕਪੜਾ, ਚਮੜਾ ਅਤੇ ਫੁੱਟਵੀਅਰ, ਰਤਨ ਅਤੇ ਗਹਿਣੇ, ਰਸਾਇਣ, ਇੰਜੀਨੀਅਰਿੰਗ ਉਤਪਾਦ, ਆਟੋ-ਪਾਰਟਸ, ਮਸ਼ੀਨਰੀ, ਫਾਰਮਾਸਿਊਟੀਕਲਸ, ਪ੍ਰੋਸੈਸਡ ਫੂਡ ਉਤਪਾਦ, ਹੈਂਡੀਕ੍ਰਾਫਟ ਅਤੇ ਸਿਰੇਮਿਕ ਉਤਪਾਦ ਪ੍ਰਮੁੱਖ ਹਨ। ਇਸ ਸਮਝੌਤੇ ਤੋਂ ਪਹਿਲਾਂ ਇਨ੍ਹਾਂ ਉਤਪਾਦਾਂ 'ਤੇ 4 ਤੋਂ 70 ਫੀਸਦੀ ਤੱਕ ਡਿਊਟੀ ਲੱਗਦੀ ਸੀ। ਹੁਣ ਇਨ੍ਹਾਂ ਖੇਤਰਾਂ ਦੇ ਉਤਪਾਦਾਂ ਨੂੰ ਯੂ.ਕੇ. ਵਿੱਚ ਸਿਫ਼ਰ ਡਿਊਟੀ ਪਹੁੰਚ ਮਿਲਣ ਨਾਲ ਉਨ੍ਹਾਂ ਦੀ ਪ੍ਰਤੀਯੋਗਤਾ ਵਧੇਗੀ, ਜਿਸ ਦਾ ਸਿੱਧਾ ਲਾਭ ਹਰਿਆਣਾ ਨੂੰ ਮਿਲੇਗਾ। ਮੁੱਖ ਮੰਤਰੀ ਨੇ ਦੱਸਿਆ ਕਿ ਹਰਿਆਣਾ ਵਿੱਚ ਪਾਣੀਪਤ ਦਾ ਟੈਕਸਟਾਈਲ ਅਤੇ ਹੋਮ ਫਰਨਿਸ਼ਿੰਗ ਉਦਯੋਗ, ਗੁਰੂਗ੍ਰਾਮ-ਮਾਨੇਸਰ ਦਾ ਆਟੋਮੋਬਾਈਲ ਅਤੇ ਆਟੋ-ਪਾਰਟਸ ਉਦਯੋਗ, ਫਰੀਦਾਬਾਦ ਦਾ ਇੰਜੀਨੀਅਰਿੰਗ ਅਤੇ ਨਿਰਮਾਣ ਖੇਤਰ ਅਤੇ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਇਸ ਮੌਕੇ ਦਾ ਲਾਭ ਉਠਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਹਰਿਆਣਾ ਲਈ ਇੰਜੀਨੀਅਰਿੰਗ ਉਤਪਾਦ ਅਤੇ ਆਟੋ-ਪਾਰਟਸ ਵਿਸ਼ੇਸ਼ ਮਹੱਤਵ ਰੱਖਦੇ ਹਨ। ਸਮਝੌਤੇ ਤਹਿਤ ਇਨ੍ਹਾਂ ਖੇਤਰਾਂ ਨੂੰ ਯੂ.ਕੇ. ਦੇ ਬਾਜ਼ਾਰ ਵਿੱਚ ਡਿਊਟੀ-ਮੁਕਤ ਪਹੁੰਚ ਮਿਲਣ ਨਾਲ ਹਰਿਆਣਾ ਦੇ ਨਿਰਮਾਤਾਵਾਂ ਅਤੇ ਐਮ.ਐਸ.ਐਮ.ਈ. ਦੀ ਅੰਤਰਰਾਸ਼ਟਰੀ ਮੁਕਾਬਲੇ ਮਜ਼ਬੂਤ ਹੋਵੇਗੀ। ਇਸ ਦੀ ਪ੍ਰਤੱਖ ਉਦਾਹਰਣ 15 ਜੁਲਾਈ, 2026 ਨੂੰ ਦੇਖਣ ਨੂੰ ਮਿਲੀ, ਜਦੋਂ ਸਮਝੌਤੇ ਦੇ ਲਾਗੂ ਹੋਣ ਤੋਂ ਬਾਅਦ ਹਰਿਆਣਾ ਤੋਂ ਯੂ.ਕੇ. ਲਈ ਫਾਸਟਨਰਜ਼ ਦੀ ਪਹਿਲੀ ਨਿਰਯਾਤ ਖੇਪ ਰਵਾਨਾ ਹੋਈ। ਇਸ ਨੂੰ ਹਰਿਆਣਾ ਦੇ ਨਿਰਮਾਣ ਅਤੇ ਨਿਰਯਾਤ ਖੇਤਰ ਲਈ ਇੱਕ ਨਵੇਂ ਮੌਕੇ ਦੀ ਸ਼ੁਰੂਆਤ ਵਜੋਂ ਦੇਖਿਆ ਗਿਆ।

ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਹਰਿਆਣਾ ਦੇ ਟੈਕਸਟਾਈਲ, ਕਪੜਾ, ਹੋਮ ਫਰਨਿਸ਼ਿੰਗ ਅਤੇ ਹੋਰ ਕਿਰਤ-ਪ੍ਰਧਾਨ ਉਦਯੋਗ ਵੱਡੀ ਗਿਣਤੀ ਵਿੱਚ ਰੁਜ਼ਗਾਰ ਮੁਹੱਈਆ ਕਰਵਾਉਂਦੇ ਹਨ। ਭਾਰਤ-ਯੂਨਾਈਟਿਡ ਕਿੰਗਡਮ ਵਿਆਪਕ ਆਰਥਿਕ ਅਤੇ ਵਪਾਰਕ ਸਮਝੌਤੇ ਤਹਿਤ ਇਨ੍ਹਾਂ ਉਤਪਾਦਾਂ ਨੂੰ ਯੂ.ਕੇ. ਦੇ ਬਾਜ਼ਾਰ ਵਿੱਚ ਡਿਊਟੀ-ਮੁਕਤ ਪਹੁੰਚ ਮਿਲਣ ਨਾਲ ਨਿਰਯਾਤ ਆਰਡਰ ਵਧਣ, ਉਤਪਾਦਨ ਸਮਰੱਥਾ ਦੇ ਵਿਸਤਾਰ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣ ਦੀਆਂ ਸੰਭਾਵਨਾਵਾਂ ਵਧੀਆਂ ਹਨ। ਇਸ ਨਾਲ ਵਿਸ਼ੇਸ਼ ਤੌਰ 'ਤੇ ਐਮ.ਐਸ.ਐਮ.ਈ., ਕਾਰੀਗਰਾਂ, ਮਹਿਲਾ ਉੱਦਮੀਆਂ ਅਤੇ ਛੋਟੇ ਨਿਰਯਾਤਕਾਂ ਨੂੰ ਗਲੋਬਲ ਮੁੱਲ ਲੜੀ ਨਾਲ ਜੁੜਨ ਦਾ ਮੌਕਾ ਮਿਲੇਗਾ।

ਉਨ੍ਹਾਂ ਦੱਸਿਆ ਕਿ ਹਰਿਆਣਾ ਦੀ ਮਜ਼ਬੂਤ ਖੇਤੀਬਾੜੀ ਅਰਥਵਿਵਸਥਾ ਨੂੰ ਵੇਖਦਿਆਂ ਭਾਰਤ-ਯੂਨਾਈਟਿਡ ਕਿੰਗਡਮ ਵਿਆਪਕ ਆਰਥਿਕ ਅਤੇ ਵਪਾਰਕ ਸਮਝੌਤੇ ਤਹਿਤ ਖੇਤੀਬਾੜੀ ਅਤੇ ਪ੍ਰੋਸੈਸਡ ਫੂਡ ਉਤਪਾਦਾਂ ਲਈ ਯੂ.ਕੇ. ਦਾ ਬਾਜ਼ਾਰ ਮਹੱਤਵਪੂਰਨ ਮੌਕਾ ਬਣ ਕੇ ਉੱਭਰਿਆ ਹੈ। ਯੂ.ਕੇ. ਨੇ ਇਸ ਸਮਝੌਤੇ ਤਹਿਤ ਲਗਭਗ ਸਾਰੇ ਭਾਰਤੀ ਖੇਤੀਬਾੜੀ ਨਿਰਯਾਤ ਲਈ ਡਿਊਟੀ-ਮੁਕਤ ਬਾਜ਼ਾਰ ਉਪਲਬਧ ਕਰਵਾਇਆ ਹੈ, ਜਦੋਂ ਕਿ ਕੁਝ ਸੰਵੇਦਨਸ਼ੀਲ ਉਤਪਾਦਾਂ ਨੂੰ ਅਪਵਾਦ ਦੇ ਰੂਪ ਵਿੱਚ ਰੱਖਿਆ ਗਿਆ ਹੈ।

ਇਸ ਨਾਲ ਹਰਿਆਣਾ ਵਿੱਚ ਫਲ-ਸਬਜ਼ੀਆਂ, ਪ੍ਰੋਸੈਸਡ ਫੂਡ ਉਤਪਾਦਾਂ, ਮਸਾਲਿਆਂ, ਅਨਾਜ ਨਾਲ ਜੁੜੇ ਮੁੱਲ-ਵਰਧਿਤ ਉਤਪਾਦਾਂ ਅਤੇ ਹੋਰ ਖੇਤੀਬਾੜੀ-ਆਧਾਰਿਤ ਉਤਪਾਦਾਂ ਦੇ ਨਿਰਯਾਤ ਨੂੰ ਪ੍ਰੋਤਸਾਹਨ ਮਿਲੇਗਾ। ਇਸ ਨਾਲ ਕਿਸਾਨਾਂ ਦੇ ਨਾਲ-ਨਾਲ ਐਫ.ਪੀ.ਓ., ਖੇਤੀਬਾੜੀ-ਪ੍ਰੋਸੈਸਿੰਗ ਯੂਨਿਟਾਂ ਅਤੇ ਐਮ.ਐਸ.ਐਮ.ਈ. ਨੂੰ ਵੀ ਲਾਭ ਪਹੁੰਚਣ ਦੀ ਸੰਭਾਵਨਾ ਹੈ।

ਇਹ ਸਮਝੌਤਾ ਸਿਰਫ਼ ਵਸਤੂਆਂ ਦੇ ਨਿਰਯਾਤ ਤੱਕ ਸੀਮਤ ਨਹੀਂ ਹੈ, ਸਗੋਂ ਇਸ ਨੇ ਯੂ.ਕੇ. ਵਿੱਚ ਭਾਰਤੀ ਸੇਵਾਵਾਂ ਲਈ 137 ਉਪ-ਖੇਤਰਾਂ ਵਿੱਚ ਵਿਆਪਕ ਬਾਜ਼ਾਰ ਪਹੁੰਚ ਪ੍ਰਦਾਨ ਕੀਤੀ ਹੈ। ਇਨ੍ਹਾਂ ਵਿੱਚ ਆਈ.ਟੀ./ਆਈ.ਟੀ.ਈ.ਐਸ., ਬਿਜ਼ਨਸ ਸਰਵਿਸਿਜ਼, ਪ੍ਰੋਫੈਸ਼ਨਲ ਸਰਵਿਸਿਜ਼, ਵਿੱਤੀ ਸੇਵਾਵਾਂ, ਦੂਰਸੰਚਾਰ ਅਤੇ ਸਿੱਖਿਆ ਸੇਵਾਵਾਂ ਪ੍ਰਮੁੱਖ ਹਨ। ਇਹ ਹਰਿਆਣਾ ਦੇ ਗੁਰੂਗ੍ਰਾਮ ਸਮੇਤ ਪ੍ਰਮੁੱਖ ਆਈ.ਟੀ. ਅਤੇ ਸੇਵਾ ਕੇਂਦਰਾਂ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ। ਸਾਫ਼ਟਵੇਅਰ, ਡਿਜੀਟਲ ਸੇਵਾਵਾਂ, ਬੀ.ਪੀ.ਓ., ਪ੍ਰਬੰਧਨ ਸਲਾਹ, ਵਿੱਤੀ ਸੇਵਾਵਾਂ, ਇੰਜੀਨੀਅਰਿੰਗ ਡਿਜ਼ਾਈਨ ਅਤੇ ਤਕਨੀਕੀ ਸਲਾਹ ਵਰਗੇ ਖੇਤਰਾਂ ਵਿੱਚ ਅੰਤਰਰਾਸ਼ਟਰੀ ਕਾਰੋਬਾਰ ਵਧਾਉਣ ਦੀਆਂ ਸੰਭਾਵਨਾਵਾਂ ਮਜ਼ਬੂਤ ਹੋਈਆਂ ਹਨ। ਇਸ ਸਮਝੌਤੇ ਤਹਿਤ ਭਾਰਤੀ ਪੇਸ਼ੇਵਰਾਂ ਲਈ ਯੂ.ਕੇ. ਵਿੱਚ ਸੇਵਾਵਾਂ ਪ੍ਰਦਾਨ ਕਰਨ ਦੇ ਸਬੰਧ ਵਿੱਚ ਪ੍ਰਵੇਸ਼ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਅਤੇ ਵੱਖ-ਵੱਖ ਸ਼੍ਰੇਣੀਆਂ ਵਿੱਚ ਸਹੂਲਤ ਦੇਣ ਦਾ ਪ੍ਰਬੰਧ ਹੈ। ਆਰਕੀਟੈਕਟ, ਇੰਜੀਨੀਅਰ, ਸ਼ੈਫ, ਯੋਗ ਕੋਚ ਅਤੇ ਸੰਗੀਤਕਾਰਾਂ ਸਮੇਤ ਵੱਖ-ਵੱਖ ਪੇਸ਼ੇਵਰਾਂ ਲਈ ਮੌਕੇ ਵਧਣਗੇ। ਇਸ ਦੇ ਨਾਲ ਹੀ ਭਾਰਤੀ ਪੇਸ਼ੇਵਰਾਂ ਅਤੇ ਉਨ੍ਹਾਂ ਦੇ ਮਾਲਕਾਂ ਲਈ ਯੂ.ਕੇ. ਵਿੱਚ ਤਿੰਨ ਸਾਲ ਤੱਕ ਸਮਾਜਿਕ ਸੁਰੱਖਿਆ ਯੋਗਦਾਨ ਤੋਂ ਛੋਟ ਦਾ ਪ੍ਰਬੰਧ ਵੀ ਪ੍ਰਤੀਯੋਗੀ ਲਾਭ ਪ੍ਰਦਾਨ ਕਰਦਾ ਹੈ।

ਭਾਰਤ-ਯੂਨਾਈਟਿਡ ਕਿੰਗਡਮ ਵਿਚਕਾਰ ਹੋਇਆ ਇਹ ਸਮਝੌਤਾ ਹਰਿਆਣਾ ਲਈ ਸਿਰਫ਼ ਨਿਰਯਾਤ ਵਧਾਉਣ ਦਾ ਸਾਧਨ ਨਹੀਂ, ਸਗੋਂ ਉਤਪਾਦਨ, ਨਿਵੇਸ਼, ਰੁਜ਼ਗਾਰ, ਐਮ.ਐਸ.ਐਮ.ਈ. ਵਿਕਾਸ ਅਤੇ ਗਲੋਬਲ ਮੁੱਲ ਲੜੀ ਵਿੱਚ ਰਾਜ ਦੀ ਭਾਗੀਦਾਰੀ ਵਧਾਉਣ ਦਾ ਮੌਕਾ ਹੈ। ਇਸ ਸਮਝੌਤੇ ਨਾਲ ਭਾਰਤ ਦੇ ਹੋਰ ਨਵੇਂ ਵਪਾਰਕ ਸਮਝੌਤਿਆਂ ਤੋਂ ਵੀ ਭਾਰਤੀ ਨਿਰਯਾਤਕਾਂ ਲਈ ਵੱਖ-ਵੱਖ ਗਲੋਬਲ ਬਾਜ਼ਾਰਾਂ ਵਿੱਚ ਪਹੁੰਚ ਦਾ ਵਿਸਤਾਰ ਹੋ ਰਿਹਾ ਹੈ।

## ਜਦੋਂ ਮੁੱਖ ਮੰਤਰੀ ਦੇ ਦਰਵਾਜ਼ੇ 'ਤੇ ਪਹੁੰਚਦੀ ਹੈ ਉਮੀਦ, ਤਾਂ ਸਰਕਾਰ ਦੀਆਂ ਯੋਜਨਾਵਾਂ ਨੂੰ ਮਿਲਦੀ ਹੈ ਨਵੀਂ ਰਫ਼ਤਾਰ

### ਦੇਰ ਰਾਤ ਤੱਕ ਆਮ ਜਨਤਾ ਨਾਲ ਮੁਲਾਕਾਤ, ਬਜ਼ੁਰਗਾਂ ਦੀ ਘਰ ਵਿੱਚ ਦੇਖਭਾਲ, ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਅਤੇ ਨਸ਼ੇ ਤੋਂ ਪ੍ਰਭਾਵਿਤ ਨੌਜਵਾਨਾਂ ਦੇ ਮੁੜ-ਵਸੇਬੇ ਵਰਗੇ ਮੁੱਦੇ - ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਜਨ ਕਲਿਆਣ ਦਾ ਬਦਲਦਾ ਚਿਹਰਾ

**ਚੰਡੀਗੜ੍ਹ 19 ਅਗਸਤ**
**-ਛਤਰਪਾਲ ਸਿੰਘ-**



ਰਾਤ ਦਾ ਸਮਾਂ ਹੈ, ਮੁੱਖ ਮੰਤਰੀ ਨਿਵਾਸ 'ਸੰਤ ਕਬੀਰ ਕੁਟੀਰ' 'ਤੇ ਨਾਇਬ ਸਿੰਘ ਸੈਣੀ ਦੇ ਸਾਹਮਣੇ ਹੱਥਾਂ ਵਿੱਚ ਕਾਗਜ਼ ਫੜ ਕੇ ਲੋਕ ਆਪਣੀਆਂ ਸਮੱਸਿਆਵਾਂ ਅਤੇ ਉਮੀਦਾਂ ਲੈ ਕੇ ਖੜ੍ਹੇ ਹਨ। ਕਿਸੇ ਨੂੰ ਆਪਣੀ ਧੀ ਦੇ ਭਵਿੱਖ ਦੀ ਚਿੰਤਾ ਹੈ, ਕੋਈ ਪਰਿਵਾਰ ਦੀ ਆਰਥਿਕ ਪ੍ਰੇਸ਼ਾਨੀ ਲੈ ਕੇ ਆਇਆ ਹੈ, ਤਾਂ ਕੋਈ ਸਰਕਾਰੀ ਯੋਜਨਾ ਦਾ ਲਾਭ ਮਿਲਣ ਦੀ ਆਸ ਲਾਈ ਬੈਠਾ ਹੈ। ਸਮਾਂ ਅੱਗੇ ਵਧਦਾ ਜਾਂਦਾ ਹੈ, ਪਰ ਮੁਲਾਕਾਤਾਂ ਦਾ ਸਿਲਸਿਲਾ ਥੰਮਦਾ ਨਹੀਂ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਇੱਕ-ਇੱਕ ਕਰਕੇ ਲੋਕਾਂ ਨੂੰ ਮਿਲਦੇ ਹਨ। ਚਿਹਰੇ 'ਤੇ ਸਹਿਜ ਮੁਸਕਰਾਹਟ, ਸਾਹਮਣੇ ਖੜ੍ਹੇ ਵਿਅਕਤੀ ਦੀ ਗੱਲ ਧਿਆਨ ਨਾਲ ਸੁਣਨਾ ਅਤੇ ਸਮੱਸਿਆ ਦੇ ਹੱਲ ਲਈ ਅਧਿਕਾਰੀਆਂ ਨੂੰ ਤੁਰੰਤ ਨਿਰਦੇਸ਼ ਦੇਣਾ—ਇਹ ਦ੍ਰਿਸ਼ ਹੁਣ ਹਰਿਆਣਾ ਵਿੱਚ ਮੁੱਖ ਮੰਤਰੀ ਅਤੇ ਆਮ ਜਨਤਾ ਵਿਚਕਾਰ ਸਿੱਧੇ ਸੰਵਾਦ ਦੀ ਪਛਾਣ ਬਣਦਾ ਜਾ ਰਿਹਾ ਹੈ। ਮੁੱਖ ਮੰਤਰੀ ਅਤੇ ਆਮ ਜਨਤਾ ਵਿਚਕਾਰ ਦਾ ਇਹ ਸਿੱਧਾ ਸੰਵਾਦ ਸਰਕਾਰ ਦੀ ਲੋਕ-ਭਲਾਈ ਸੋਚ ਨੂੰ ਯੋਜਨਾਵਾਂ ਦੀ ਜ਼ਮੀਨ ਨਾਲ ਜੋੜ ਰਿਹਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਨੇ ਸਮਾਜਿਕ ਸੁਰੱਖਿਆ ਅਤੇ ਲੋਕ-ਭਲਾਈ ਨੂੰ ਸਿਰਫ਼ ਬਜਟ ਘੋਸ਼ਣਾਵਾਂ ਤੱਕ ਸੀਮਤ ਰੱਖਣ ਦੀ ਬਜਾਏ ਉਨ੍ਹਾਂ ਨੂੰ ਯੋਗ ਲੋਕਾਂ ਦੇ ਜੀਵਨ ਵਿੱਚ ਅਸਲ ਬਦਲਾਅ ਦਾ ਮਾਧਿਅਮ ਬਣਾਉਣ 'ਤੇ ਜ਼ੋਰ ਦਿੱਤਾ ਹੈ। ਮਹਿਲਾਵਾਂ ਤੋਂ ਲੈ ਕੇ ਸੀਨੀਅਰ ਸਿਟੀਜ਼ਨਾਂ ਅਤੇ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਤੱਕ, ਸਰਕਾਰ ਦੀਆਂ ਕਈ ਪਹਿਲਾਂ ਇਸੇ ਸੋਚ ਨੂੰ ਅੱਗੇ ਵਧਾ ਰਹੀਆਂ ਹਨ।

**ਇੱਕ ਯੋਜਨਾ, ਲੱਖਾਂ ਮਹਿਲਾਵਾਂ ਲਈ ਆਰਥਿਕ ਸਹਾਰਾ**

ਹਰਿਆਣਾ ਦੀਆਂ ਮਹਿਲਾਵਾਂ ਲਈ 'ਦੀਨਦਿਆਲ ਲਾਡੋ ਲਕਸ਼ਮੀ ਯੋਜਨਾ' ਆਰਥਿਕ ਆਤਮਨਿਰਭਰਤਾ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਬਣ ਕੇ ਸਾਹਮਣੇ ਆਈ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਯੋਜਨਾ ਦਾ ਦਾਇਰਾ ਵਧਾਉਂਦੇ ਹੋਏ ਯੋਗਤਾ ਲਈ ਸਾਲਾਨਾ ਆਮਦਨ ਦੀ ਸੀਮਾ 1 ਲੱਖ ਰੁਪਏ ਤੋਂ ਵਧਾ ਕੇ 1.80 ਲੱਖ ਰੁਪਏ ਕਰਨ ਦਾ ਐਲਾਨ ਕੀਤਾ ਹੈ। ਇਹ ਬਦਲਾਅ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਆਮਦਨ ਸੀਮਾ ਵਧਣ ਨਾਲ ਵੱਡੀ ਗਿਣਤੀ ਵਿੱਚ ਵਾਧੂ ਮਹਿਲਾਵਾਂ ਯੋਜਨਾ ਦੇ ਦਾਇਰੇ ਵਿੱਚ ਆ ਸਕਣਗੀਆਂ। ਯੋਜਨਾ ਤਹਿਤ ਮੌਜੂਦਾ ਸਮੇਂ ਵਿੱਚ ਲਗਭਗ 10 ਲੱਖ ਮਹਿਲਾਵਾਂ ਨੂੰ ਪ੍ਰਤੀ ਮਹੀਨਾ 2,100 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ। ਸਰਕਾਰ ਲਈ ਹੁਣ ਸਿਰਫ਼ ਸਹਾਇਤਾ ਦੇਣ ਤੱਕ ਸੀਮਤ ਰਹਿਣਾ ਨਹੀਂ ਹੈ, ਸਗੋਂ ਇਹ ਯਕੀਨੀ ਬਣਾਉਣਾ ਵੀ ਹੈ ਕਿ ਕੋਈ ਵੀ ਯੋਗ ਮਹਿਲਾ ਜਾਣਕਾਰੀ, ਦਸਤਾਵੇਜ਼ ਜਾਂ ਅਰਜ਼ੀ ਪ੍ਰਕਿਰਿਆ ਦੀ ਗੁੰਝਲਤਾ ਕਾਰਨ ਲਾਭ ਤੋਂ ਵਾਂਝੀ ਨਾ ਰਹਿ ਜਾਵੇ। ਇਸੇ ਉਦੇਸ਼ ਤਹਿਤ ਯੋਗ ਮਹਿਲਾਵਾਂ ਦਾ ਡਾਟਾ ਇਕੱਠਾ ਕਰਨ, ਬੈਂਕ ਖਾਤਿਆਂ ਦੀ ਤਸਦੀਕ, ਅਰਜ਼ੀ ਪ੍ਰਣਾਲੀ ਵਿੱਚ ਜ਼ਰੂਰੀ ਬਦਲਾਅ ਅਤੇ ਵਿਆਪਕ ਜਨ-ਜਾਗਰੂਕਤਾ ਮੁਹਿੰਮ ਦੀ ਕਾਰਜਯੋਜਨਾ ਤਿਆਰ ਕੀਤੀ ਗਈ ਹੈ। ਇਸ ਪਹਿਲ ਦੇ ਪਿੱਛੇ ਸੰਦੇਸ਼ ਸਾਫ਼ ਹੈ, ਮਹਿਲਾ ਸਸ਼ਕਤੀਕਰਨ ਦਾ ਅਰਥ ਸਿਰਫ਼ ਯੋਜਨਾਵਾਂ ਵਿੱਚ ਨਾਮ ਜੋੜਨਾ ਨਹੀਂ, ਸਗੋਂ ਮਹਿਲਾਵਾਂ ਨੂੰ ਆਰਥਿਕ ਫ਼ੈਸਲੇ ਲੈਣ ਵਿੱਚ ਵਧੇਰੇ ਸਮਰੱਥ ਬਣਾਉਣਾ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਇਹ ਕਹਿ ਕੇ ਵਿਰੋਧੀ ਧਿਰ ਦੇ ਗੁਮਰਾਹਕੁੰਨ ਪ੍ਰਚਾਰ 'ਤੇ ਰੋਕ ਲਾਈ ਹੈ ਕਿ ਦੀਨਦਿਆਲ ਲਾਡੋ ਲਕਸ਼ਮੀ ਯੋਜਨਾ ਦਾ ਲਾਭ ਲੈ ਰਹੀ ਕਿਸੇ ਵੀ ਮਾਂ-ਭੈਣ ਜਾਂ ਧੀ ਨੂੰ ਹੋਰ ਕਿਸੇ ਵੀ ਯੋਜਨਾ ਦੇ ਲਾਭ ਤੋਂ ਵਾਂਝਾ ਨਹੀਂ ਰੱਖਿਆ ਜਾਵੇਗਾ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਮਾਜ ਦੀ ਸਭ ਤੋਂ ਤਜ਼ਰਬੇਕਾਰ ਪੀੜ੍ਹੀ ਲਈ ਵੀ ਨਵੀਂ ਸੋਚ ਨਾਲ ਕਦਮ ਪੁੱਟਿਆ ਹੈ। ਸੀਨੀਅਰ ਸਿਟੀਜ਼ਨਾਂ ਲਈ ਘਰ ਵਿੱਚ ਦੇਖਭਾਲ ਅਤੇ ਮੁੱਢਲੀ ਡਾਕਟਰੀ ਸਹਾਇਤਾ ਦੀ ਵਿਵਸਥਾ ਨੂੰ ਮਜ਼ਬੂਤ ਕਰਨ ਦੀ ਪਹਿਲ ਕਰਦਿਆਂ ਪ੍ਰਦੇਸ਼ ਵਿੱਚ 1,000 ਕੇਅਰ ਗੀਵਰਸ (ਦੇਖਭਾਲ ਸਹਾਇਕ) ਤਿਆਰ ਕੀਤੇ ਜਾਣਗੇ। ਇਹ ਪਹਿਲ ਉਸ ਬਦਲਦੀ ਸਮਾਜਿਕ ਸਥਿਤੀ ਦਾ ਜਵਾਬ ਹੈ, ਜਿੱਥੇ ਕਈ ਸੀਨੀਅਰ ਸਿਟੀਜ਼ਨਾਂ ਨੂੰ ਘਰ ਵਿੱਚ ਹੀ ਨਿਯਮਤ ਦੇਖਭਾਲ ਅਤੇ ਸਹਿਯੋਗ ਦੀ ਲੋੜ ਹੁੰਦੀ ਹੈ।

ਇਸ ਦੇ ਨਾਲ ਹੀ ਪ੍ਰਦੇਸ਼ ਵਿੱਚ 'ਸੀਨੀਅਰ ਸਿਟੀਜ਼ਨ ਵੈਲਫੇਅਰ ਕਲੱਬ' ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਦੇਸ਼ ਸਿਰਫ਼ ਸਿਹਤ ਸੰਬੰਧੀ ਸਹਾਇਤਾ ਦੇਣਾ ਨਹੀਂ, ਸਗੋਂ ਸੀਨੀਅਰ ਸਿਟੀਜ਼ਨਾਂ ਨੂੰ ਸਮਾਜਿਕ ਜੁੜਾਅ, ਸਨਮਾਨ ਅਤੇ ਸੁਰੱਖਿਆ ਦਾ ਬਿਹਤਰ ਮਾਹੌਲ ਮੁਹੱਈਆ ਕਰਵਾਉਣਾ ਹੈ। ਮੁੱਖ ਮੰਤਰੀ ਦਾ ਸੰਦੇਸ਼ ਸਪੱਸ਼ਟ ਹੈ—ਸੀਨੀਅਰ ਸਿਟੀਜ਼ਨ ਸਮਾਜ 'ਤੇ ਬੋਝ ਨਹੀਂ, ਸਗੋਂ ਤਜ਼ਰਬੇ ਅਤੇ ਸੰਸਕਾਰਾਂ ਦੀ ਅਨਮੋਲ ਧਰੋਹਰ ਹਨ।

ਸੀਨੀਅਰ ਸਿਟੀਜ਼ਨਾਂ ਦੀ ਦੇਖਭਾਲ ਦੀ ਇਸ ਨਵੀਂ ਵਿਵਸਥਾ ਨੂੰ ਮਜ਼ਬੂਤ ਆਧਾਰ ਦੇਣ ਲਈ ਵਿਸ਼ਵਕਰਮਾ ਸਕਿੱਲ ਯੂਨੀਵਰਸਿਟੀ ਅਤੇ ਓ.ਪੀ. ਜਿੰਦਲ ਯੂਨੀਵਰਸਿਟੀ ਨੂੰ ਸਿਖਲਾਈ ਸੰਸਥਾਵਾਂ ਵਜੋਂ ਚਿੰਨ੍ਹਿਤ ਕੀਤਾ ਗਿਆ ਹੈ। ਇਨ੍ਹਾਂ ਸੰਸਥਾਵਾਂ ਵਿੱਚ ਦੋ ਪੜਾਵਾਂ ਵਿੱਚ 500-500 ਸਿਖਿਆਰਥੀਆਂ ਨੂੰ ਤਿਆਰ ਕਰਨ ਦੀ ਯੋਜਨਾ ਬਣਾਈ ਗਈ ਹੈ। ਸਿਖਲਾਈ ਵਿੱਚ ਨੌਜਵਾਨਾਂ ਅਤੇ ਮਹਿਲਾਵਾਂ ਨੂੰ ਪਹਿਲ ਦਿੱਤੀ ਜਾਵੇਗੀ। ਯਾਨੀ ਇੱਕ ਪਹਿਲ ਨਾਲ ਦੋ ਉਦੇਸ਼ ਪੂਰੇ ਕਰਨ ਦੀ ਕੋਸ਼ਿਸ਼ ਹੈ—ਸੀਨੀਅਰ ਸਿਟੀਜ਼ਨਾਂ ਨੂੰ ਸਿਖਲਾਈ ਪ੍ਰਾਪਤ ਦੇਖਭਾਲਕਰਤਾ ਉਪਲਬਧ ਕਰਵਾਉਣਾ ਅਤੇ ਨੌਜਵਾਨਾਂ ਅਤੇ ਮਹਿਲਾਵਾਂ ਲਈ ਨਵੇਂ ਹੁਨਰ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ।

ਨਸ਼ੇ ਦੀ ਸਮੱਸਿਆ ਤੋਂ ਪ੍ਰਭਾਵਿਤ ਲੋਕਾਂ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਿਰਫ਼ ਕਾਰਵਾਈ ਅਤੇ ਰੋਕਥਾਮ ਤੱਕ ਸੀਮਤ ਰਹਿਣ ਦੀ ਬਜਾਏ ਇਲਾਜ, ਮੁੜ-ਵਸੇਬੇ ਅਤੇ ਸਮਾਜਿਕ ਮੁੜ-ਸਥਾਪਨਾ ਦੇ ਨਵੇਂ ਆਯਾਮਾਂ ਤੱਕ ਪਹੁੰਚਾਉਣ ਦੀ ਪਹਿਲ ਕੀਤੀ ਹੈ। ਮੁੱਖ ਮੰਤਰੀ ਨੇ ਜਨਤਕ-ਨਿੱਜੀ ਭਾਈਵਾਲੀ ਮਾਡਲ ਰਾਹੀਂ ਨਸ਼ਾ ਮੁਕਤੀ ਲਈ ਉੱਤਮਤਾ ਕੇਂਦਰ ਸਥਾਪਤ ਕਰਨ ਦਾ ਐਲਾਨ ਕੀਤਾ ਹੈ। ਇਸ ਲਈ ਕੁਰੂਕਸ਼ੇਤਰ ਵਿੱਚ ਸਥਾਨ ਦਾ ਨਿਰੀਖਣ ਕੀਤਾ ਜਾ ਚੁੱਕਾ ਹੈ ਅਤੇ ਆਧੁਨਿਕ ਸਹੂਲਤਾਂ ਨਾਲ ਯੁਕਤ ਕੇਂਦਰ ਵਿਕਸਤ ਕਰਨ ਦੀ ਦਿਸ਼ਾ ਵਿੱਚ ਕੰਮ ਅੱਗੇ ਵਧਾਇਆ ਜਾ ਰਿਹਾ ਹੈ।

ਇਸ ਕੇਂਦਰ ਦਾ ਉਦੇਸ਼ ਨਸ਼ੇ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਮੁਹੱਈਆ ਕਰਵਾਉਣ ਦੇ ਨਾਲ ਉਨ੍ਹਾਂ ਨੂੰ ਦੁਬਾਰਾ ਆਮ ਸਮਾਜਿਕ ਜੀਵਨ ਨਾਲ ਜੋੜਨਾ ਹੋਵੇਗਾ। ਇਹ ਸੋਚ ਬਦਲਾਅ ਦਾ ਸੰਕੇਤ ਹੈ, ਨਸ਼ੇ ਤੋਂ ਪ੍ਰਭਾਵਿਤ ਵਿਅਕਤੀ ਨੂੰ ਸਿਰਫ਼ ਸਮੱਸਿਆ ਦੇ ਰੂਪ ਵਿੱਚ ਨਹੀਂ, ਸਗੋਂ ਇਲਾਜ ਅਤੇ ਮੌਕੇ ਦੇ ਹੱਕਦਾਰ ਵਿਅਕਤੀ ਵਜੋਂ ਦੇਖਣ ਦੀ।

ਕਿਸੇ ਵੀ ਸਰਕਾਰ ਲਈ ਸਭ ਤੋਂ ਵੱਡੀ ਸਫ਼ਲਤਾ ਸਿਰਫ਼ ਯੋਜਨਾ ਦਾ ਐਲਾਨ ਕਰਨਾ ਨਹੀਂ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਇਸ ਦਾ ਲਾਭ ਸਹੀ ਵਿਅਕਤੀ ਤੱਕ ਪਹੁੰਚੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਇਸੇ ਆਖਰੀ ਛੋਰ 'ਤੇ ਵਿਸ਼ੇਸ਼ ਜ਼ੋਰ ਦੇ ਰਹੇ ਹਨ। ਯੋਗ ਲਾਭਪਾਤਰੀਆਂ ਦਾ ਡਾਟਾ ਇਕੱਠਾ ਕਰਨਾ, ਬੈਂਕ ਖਾਤਿਆਂ ਦੀ ਤਸਦੀਕ, ਅਰਜ਼ੀ ਪ੍ਰਕਿਰਿਆ ਨੂੰ ਸਰਲ ਬਣਾਉਣਾ ਅਤੇ ਜਨ-ਜਾਗਰੂਕਤਾ ਵਧਾਉਣਾ ਇਸੇ ਦਿਸ਼ਾ ਵਿੱਚ ਚੁੱਕੇ ਜਾ ਰਹੇ ਕਦਮ ਹਨ।

ਨਾਇਬ ਸਿੰਘ ਸੈਣੀ ਦਾ ਚੰਡੀਗੜ੍ਹ ਵਿੱਚ ਮੁੱਖ ਮੰਤਰੀ ਨਿਵਾਸ 'ਤੇ ਦੇਰ ਰਾਤ ਤੱਕ ਆਮ ਜਨਤਾ ਨੂੰ ਮਿਲਣ ਦਾ ਦ੍ਰਿਸ਼ ਅਤੇ ਦੂਜੇ ਪਾਸੇ ਪ੍ਰਦੇਸ਼ ਭਰ ਵਿੱਚ ਲਾਗੂ ਕੀਤੀਆਂ ਜਾ ਰਹੀਆਂ ਲੋਕ-ਭਲਾਈ ਯੋਜਨਾਵਾਂ, ਦੋਵਾਂ ਨੂੰ ਵੱਖ-ਵੱਖ ਨਹੀਂ ਦੇਖਿਆ ਜਾ ਸਕਦਾ। ਇੱਕ ਪਾਸੇ ਮੁੱਖ ਮੰਤਰੀ ਸਿੱਧੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ, ਤਾਂ ਦੂਜੇ ਪਾਸੇ ਸਰਕਾਰ ਉਨ੍ਹਾਂ ਸਮੱਸਿਆਵਾਂ ਦੇ ਸਥਾਈ ਹੱਲ ਲਈ ਨੀਤੀਆਂ ਅਤੇ ਯੋਜਨਾਵਾਂ ਤਿਆਰ ਕਰ ਰਹੀ ਹੈ। ਮਹਿਲਾਵਾਂ ਨੂੰ ਆਰਥਿਕ ਸਹਾਰਾ, ਸੀਨੀਅਰ ਸਿਟੀਜ਼ਨਾਂ ਨੂੰ ਘਰ ਵਿੱਚ ਦੇਖਭਾਲ, ਨੌਜਵਾਨਾਂ ਨੂੰ ਹੁਨਰ ਸਿਖਲਾਈ ਅਤੇ ਨਸ਼ੇ ਤੋਂ ਪ੍ਰਭਾਵਿਤ ਲੋਕਾਂ ਨੂੰ ਮੁੜ-ਵਸੇਬੇ ਦਾ ਮੌਕਾ, ਇਨ੍ਹਾਂ ਪਹਿਲਾਂ ਵਿੱਚ ਇੱਕ ਸਾਂਝਾ ਸੂਤਰ ਦਿਖਾਈ ਦਿੰਦਾ ਹੈ, ਸਰਕਾਰ ਦਾ ਫੋਕਸ ਸਿਰਫ਼ ਸਹਾਇਤਾ ਦੇਣ 'ਤੇ ਨਹੀਂ, ਸਗੋਂ ਲੋਕਾਂ ਨੂੰ ਸਨਮਾਨਜਨਕ ਅਤੇ ਬਿਹਤਰ ਜੀਵਨ ਦੇਣ 'ਤੇ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਵਿਜ਼ਨ ਵੀ ਇਸੇ ਵਿਆਪਕ ਸੋਚ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਦਾ ਟੀਚਾ ਸਾਲ 2047 ਦੇ ਵਿਕਸਤ ਭਾਰਤ ਦੇ ਸੰਕਲਪ ਨਾਲ ਹਰਿਆਣਾ ਨੂੰ ਵੀ ਇੱਕ ਵਿਕਸਤ ਅਤੇ ਸਸ਼ਕਤ ਰਾਜ ਵਜੋਂ ਅੱਗੇ ਲਿਜਾਣਾ ਹੈ ਅਤੇ ਇਸ ਯਾਤਰਾ ਵਿੱਚ ਵਿਕਾਸ ਦਾ ਅਰਥ ਸਿਰਫ਼ ਸੜਕ, ਇਮਾਰਤ ਅਤੇ ਉਦਯੋਗ ਤੱਕ ਨਹੀਂ, ਸਗੋਂ ਅਜਿਹਾ ਸਮਾਜ ਵੀ ਹੈ ਜਿੱਥੇ ਮਹਿਲਾ ਆਰਥਿਕ ਤੌਰ 'ਤੇ ਮਜ਼ਬੂਤ ਹੋਵੇ, ਬਜ਼ੁਰਗ ਸਨਮਾਨ ਨਾਲ ਜੀਵਨ ਜਿਊ ਸਕੇ ਅਤੇ ਨਸ਼ੇ ਤੋਂ ਪ੍ਰਭਾਵਿਤ ਨੌਜਵਾਨ ਨੂੰ ਵਾਪਸ ਮੁੱਖ ਧਾਰਾ ਵਿੱਚ ਪਰਤਣ ਦਾ ਮੌਕਾ ਮਿਲੇ। ਇਹੀ ਉਹ ਬਦਲਾਅ ਹੈ, ਜਿੱਥੇ ਸਰਕਾਰੀ ਘੋਸ਼ਣਾ ਕਾਗਜ਼ ਤੋਂ ਨਿਕਲ ਕੇ ਕਿਸੇ ਪਰਿਵਾਰ ਦੀ ਜ਼ਿੰਦਗੀ ਵਿੱਚ ਉਮੀਦ ਬਣਦੀ ਹੈ ਅਤੇ ਲੋਕ-ਭਲਾਈ, ਅਸਲ ਵਿੱਚ ਜਨਤਾ ਦੇ ਜੀਵਨ ਦੀ ਭਲਾਈ ਬਣਦੀ ਹੈ।

## ਪਰਿਵਾਰ 'ਚ ਪ੍ਰਾਪਰਟੀ ਟ੍ਰਾਂਸਫਰ ਉੱਤੇ ਸਟੈਂਪ ਡਿਊਟੀ ਵਿੱਚ ਛੋਟ ਵਿੱਚ ਧੀ ਦੇ ਬੱਚੇ ਵੀ ਸ਼ਾਮਲ ਹਨ: ਡਾ. ਸੁਮਿਤਾ ਮਿਸ਼ਰਾ

**ਚੰਡੀਗੜ੍ਹ, 19 ਅਗਸਤ**
**-ਸੰਜੀਵ ਸਿੰਗਲਾ-**



ਪ੍ਰਾਪਰਟੀ ਟ੍ਰਾਂਸਫਰ ਕਰਨ ਵਾਲੇ ਪਰਿਵਾਰਾਂ ਲਈ ਇੱਕ ਵੱਡੀ ਰਾਹਤ ਭਰੀ ਖ਼ਬਰ ਹੈ। ਹਰਿਆਣਾ ਸਰਕਾਰ ਨੇ ਸਪੱਸ਼ਟ ਕੀਤਾ ਕਿ ਪਰਿਵਾਰ ਦੇ ਅੰਦਰ ਅਚੱਲ ਜਾਇਦਾਦ ਦੇ ਜੀਵਨਕਾਲ ਦੌਰਾਨ ਟ੍ਰਾਂਸਫਰ ਕਰਨ 'ਤੇ ਮਿਲਣ ਵਾਲੀ ਪੂਰੀ ਸਟੈਂਪ ਡਿਊਟੀ ਦੀ ਛੋਟ ਵਿੱਚ ਧੀ ਦੇ ਬੱਚੇ (ਦੋਹਤਾ-ਦੋਹਤੀ / ਨਾਤੀ-ਨਾਤਿਨ) ਵੀ ਸ਼ਾਮਲ ਹਨ।

ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਰਾਜ ਸਰਕਾਰ ਨੇ 2014 ਦੇ ਨੋਟੀਫਿਕੇਸ਼ਨ ਦੇ ਹਿੰਦੀ-ਵਰਜ਼ਨ ਵਿੱਚ ਲੰਬੇ ਸਮੇਂ ਤੋਂ ਚਲੀ ਆ ਰਹੀ ਭਾਸ਼ਾ ਸੰਬੰਧੀ ਅਸਪੱਸ਼ਟਤਾ ਨੂੰ ਦੂਰ ਕਰਨ ਲਈ ਇੱਕ ਰਸਮੀ ਸੁਧਾਰ ਜਾਰੀ ਕੀਤਾ ਹੈ।

ਡਾ. ਮਿਸ਼ਰਾ ਨੇ ਦੱਸਿਆ ਕਿ 16 ਜੂਨ 2014 ਨੂੰ ਹਰਿਆਣਾ ਸਰਕਾਰ ਨੇ ਇੰਡੀਅਨ ਸਟੈਂਪ ਐਕਟ, 1899 ਦੀ ਧਾਰਾ 9 ਦੇ ਤਹਿਤ, ਮਾਲਕ ਦੇ ਜੀਵਨਕਾਲ ਵਿੱਚ ਖ਼ੂਨ ਦੇ ਰਿਸ਼ਤਿਆਂ (ਜਿਵੇਂ ਮਾਤਾ-ਪਿਤਾ, ਬੱਚੇ, ਪੋਤੇ-ਪੋਤੀਆਂ, ਭੈਣ-ਭਰਾ ਅਤੇ ਜੀਵਨਸਾਥੀ) ਦੇ ਪੱਖ ਵਿੱਚ ਕੀਤੇ ਗਏ ਪ੍ਰਾਪਰਟੀ ਟ੍ਰਾਂਸਫਰ ਡੀਡ ਉੱਤੇ 100% ਸਟੈਂਪ ਡਿਊਟੀ ਮਾਫ਼ ਕਰ ਦਿੱਤੀ ਸੀ।

ਹਾਲਾਂਕਿ, ਜਿੱਥੇ ਅਸਲ ਅੰਗਰੇਜ਼ੀ ਪਾਠ ਵਿੱਚ ਵਿਆਪਕ ਤੌਰ 'ਤੇ grand-children (ਪੋਤੇ-ਪੋਤੀਆਂ/ਨਾਤੀ-ਨਾਤਿਨ) ਸ਼ਬਦ ਦੀ ਵਰਤੋਂ ਕੀਤੀ ਗਈ ਸੀ, ਉੱਥੇ ਹੀ ਹਿੰਦੀ ਨੋਟੀਫਿਕੇਸ਼ਨ ਵਿੱਚ ਕੇਵਲ ਪੋਤੇ ਪੋਤੀ (ਪੁੱਤਰ ਦੇ ਬੱਚੇ) ਦਾ ਹੀ ਜ਼ਿਕਰ ਸੀ। ਇਸ ਸ਼ਬਦਾਵਲੀ ਦੇ ਕਾਰਨ ਸਥਾਨਕ ਸਬ-ਰਜਿਸਟਰਾਰ ਦਫ਼ਤਰਾਂ ਵਿੱਚ ਭੁਲੇਖਾ ਪੈਦਾ ਹੋ ਗਿਆ ਸੀ, ਜਿਸ ਨਾਲ ਅਕਸਰ ਧੀ ਦੇ ਬੱਚੇ ਜ਼ੀਰੋ-ਡਿਊਟੀ ਦੇ ਲਾਭ ਤੋਂ ਵਾਂਝੇ ਰਹਿ ਜਾਂਦੇ ਸਨ।

ਇਸ ਸਮੱਸਿਆ ਨੂੰ ਹੱਲ ਕਰਨ ਲਈ, ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਨੇ 24 ਜੁਲਾਈ 2026 ਨੂੰ ਇੱਕ ਸੁਧਾਰ ਜਾਰੀ ਕੀਤਾ, ਜਿਸ ਨੂੰ 13 ਅਗਸਤ 2026 ਨੂੰ ਹਰਿਆਣਾ ਸਰਕਾਰ ਦੇ ਗਜ਼ਟ ਵਿੱਚ ਰਸਮੀ ਤੌਰ 'ਤੇ ਪ੍ਰਕਾਸ਼ਿਤ ਕੀਤਾ ਗਿਆ।

ਸੋਧੇ ਹੋਏ ਸੁਧਾਰ ਵਿੱਚ ਪੌਤਰ-ਪੌਤਰੀ ਵਾਕਾਂਸ਼ ਨੂੰ ਬਦਲ ਕੇ ਪੌਤਰ-ਪੌਤਰੀ, ਦੌਹਤਾ-ਦੋਹਤੀ/ਨਾਤੀ-ਨਾਤਿਨ ਕਰ ਦਿੱਤਾ ਗਿਆ ਹੈ। ਇਸ ਨਾਲ ਸਟੈਂਪ ਡਿਊਟੀ ਦੀ ਛੋਟ ਲਈ ਧੀ ਦੇ ਪੁੱਤਰ-ਧੀਆਂ ਨੂੰ ਸਪੱਸ਼ਟ ਤੌਰ 'ਤੇ ਪੁੱਤਰ ਦੇ ਬੱਚਿਆਂ ਦੇ ਬਰਾਬਰ ਦਾ ਦਰਜਾ ਦਿੱਤਾ ਗਿਆ ਹੈ।

ਡਾ. ਮਿਸ਼ਰਾ ਨੇ ਕਿਹਾ ਕਿ ਮੂਲ 2014 ਦੇ ਹੁਕਮ ਵਿੱਚ ਸੁਧਾਰ ਵਜੋਂ ਇਹ ਸਪੱਸ਼ਟੀਕਰਨ ਜਾਰੀ ਕਰਨ ਨਾਲ ਰਾਜ ਦੇ ਸਾਰੇ ਮਾਲ ਅਤੇ ਰਜਿਸਟਰੀ ਦਫ਼ਤਰਾਂ ਵਿੱਚ ਪਿਛਲੀ ਤਾਰੀਖ਼ ਤੋਂ ਕਾਨੂੰਨੀ ਸਪੱਸ਼ਟਤਾ ਯਕੀਨੀ ਹੁੰਦੀ ਹੈ। ਇਸ ਨਾਲ ਨਾਗਰਿਕ ਬਿਨਾਂ ਕਿਸੇ ਬੇਲੋੜੇ ਟੈਕਸ ਵਿਵਾਦ ਜਾਂ ਪ੍ਰਕਿਰਿਆਤਮਕ ਦੇਰੀ ਦੇ ਆਸਾਨੀ ਨਾਲ ਆਪਣੀ ਧੀ ਦੇ ਬੱਚਿਆਂ ਨੂੰ ਪ੍ਰਾਪਰਟੀ ਤੋਹਫ਼ੇ ਜਾਂ ਟ੍ਰਾਂਸਫਰ ਕਰ ਸਕਣਗੇ





